ਮੰਗਲਵਾਰ, 4 ਨਵੰਬਰ, 2025
19 ਕੱਤਕ ਨਾਨਕਸ਼ਾਹੀ 557
ਬਿਕਰਮੀ 2082
ਜਿਲਦ/VOL. : 74
ਅੰਕ/NO. : 154

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 4 NOVEMBER, 2025
ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਸ਼ਰਾਬੀ ਡੰਪਰ ਡਰਾਈਵਰ ਨੇ 14 ਲੋਕ ਮਾਰ’ਤੇ

**ਜੈਪੁਰ** : ਇੱਥੇ ਸੋਮਵਾਰ ਦੁਪਹਿਰ ਡੰਪਰ ਨੇ ਇੱਕ ਤੋਂ ਬਾਅਦ ਇੱਕ 17 ਵਾਹਨਾਂ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ 14 ਲੋਕਾਂ ਦੀ ਮੌਤ ਹੋ ਗਈ ਤੇ 10 ਜ਼ਖਮੀ ਹੋ ਗਏ। ਮ੍ਰਿਤਕਾਂ ਵਿੱਚੋਂ ਬਹੁਤ ਸਾਰੇ ਲੋਕਾਂ ਦੇ ਸਰੀਰ ਟੁਕੜੇ-ਟੁਕੜੇ ਹੋ ਗਏ। ਕੁਝ ਦੀਆਂ ਲੱਤਾਂ ਕੱਟੀਆਂ ਗਈਆਂ, ਕੁਝ ਦੀਆਂ ਬਾਹਾਂ ਕੱਟੀਆਂ ਗਈਆਂ। ਲੋਕਾਂ ਨੇ ਡੰਪਰ ਡਰਾਈਵਰ ਨੂੰ ਮੌਕੇ ’ਤੇ ਫੜ ਲਿਆ। ਉਹ ਸ਼ਰਾਬੀ ਸੀ। ਹੈੱਡ ਕਾਂਸਟੇਬਲ ਰਵਿੰਦਰ ਨੇ ਕਿਹਾ ਕਿ ਡੰਪਰ ਖਾਲੀ ਸੀ ਅਤੇ ਰੋਡ ਨੰਬਰ 14 ਵੱਲ ਜਾ ਰਿਹਾ ਸੀ। ਇਹ ਲੋਹਾ ਮੰਡੀ ਰੋਡ ’ਤੇ ਲਗਭਗ 300 ਮੀਟਰ ਦੂਰ ਲੋਕਾਂ ਨੂੰ ਟੱਕਰ ਮਾਰਦਾ ਰਿਹਾ।

## ਟਿੱਪਰ ਟੱਕਰ ’ਚ 19 ਬੱਸ ਯਾਤਰੀਆਂ ਦੀ ਮੌਤ

**ਹੈਦਰਾਬਾਦ** : ਤਿਲੰਗਾਨਾ ਦੇ ਰੰਗਾ ਰੈੱਡੀ ਜ਼ਿਲ੍ਹੇ ਵਿੱਚ ਬੱਜਰੀ ਨਾਲ ਭਰੇ ਟਿੱਪਰ ਟਰੱਕ ਦੀ ਬੱਸ ਨਾਲ ਸਿੱਧੀ ਟੱਕਰ ਕਾਰਨ 10 ਮਹਿਲਾਵਾਂ ਸਣੇ 19 ਲੋਕਾਂ ਦੀ ਮੌਤ ਹੋ ਗਈ ਅਤੇ 4 ਹੋਰ ਜ਼ਖ਼ਮੀ ਹੋ ਗਏ। ਟੱਕਰ ਸੋਮਵਾਰ ਸਵੇਰੇ ਚੇਵੇਲਾ ਨੇੜੇ ਤੇਲੰਗਾਨਾ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੀ ਬੱਸ ਨਾਲ ਹੋਈ, ਜਿਸ ਦੇ ਨਤੀਜੇ ਵਜੋਂ ਟਿੱਪਰ ਦੀ ਬੱਜਰੀ ਬੱਸ ਉੱਤੇ ਡਿੱਗ ਗਈ। ਤੰਦੂਰ ਤੋਂ ਹੈਦਰਾਬਾਦ ਜਾ ਰਹੀ ਬੱਸ ਦਾ ਡਰਾਈਵਰ ਵੀ ਮਰਨ ਵਾਲਿਆਂ ਵਿੱਚ ਸ਼ਾਮਲ ਹੈ। ਬੱਸ ਕੰਡਕਟਰ ਅਨੁਸਾਰ ਬੱਸ ਵਿੱਚ 72 ਯਾਤਰੀ ਸਵਾਰ ਸਨ।

## ਅਵਾਰਾ ਕੁੱਤਿਆਂ ਬਾਰੇ ਫੈਸਲਾ 7 ਨੂੰ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਕਿਹਾ ਕਿ ਉਹ ਅਵਾਰਾ ਕੁੱਤਿਆਂ ਦੇ ਮਾਮਲੇ ਵਿੱਚ 7 ਨਵੰਬਰ ਨੂੰ ਫੈਸਲਾ ਸੁਣਾਏਗੀ।

ਜਸਟਿਸ ਵਿਕਰਮ ਨਾਥ, ਜਸਟਿਸ ਸੰਦੀਪ ਮਹਿਤਾ ਅਤੇ ਜਸਟਿਸ ਐੱਨ ਵੀ ਅੰਜਾਰੀਆ ਦੀ ਵਿਸ਼ੇਸ਼ ਬੈਂਚ ਨੂੰ ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਦੱਸਿਆ ਕਿ ਜ਼ਿਆਦਾਤਰ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੇ ਇਸ ਮਾਮਲੇ ਵਿੱਚ ਆਪਣੇ ਪਾਲਣਾ ਹਲਫ਼ਨਾਮੇ ਦਾਇਰ ਕਰ ਦਿੱਤੇ ਹਨ।

## ਅੱਜ-ਨਾਮਾ

ਭਾਰਤੀ ਕੁੜੀਆਂ ਨੇ ਬਹੁਤ ਆ ਮੱਲ ਮਾਰੀ,
ਲਿਆਂਦਾ ਵਿਸ਼ਵ ਦਾ ਕੱਪ ਹੈ ਜਿੱਤ ਮੀਆਂ।
ਪਹਿਲੀ ਵਾਰ ਇਹ ਸਿਖਰਲੀ ਜਿੱਤ ਜਿੱਤੀ,
ਦਰਜ ਹੈ ਵਿੱਚ ਇਤਹਾਸ ਦੇ ਥਿੱਤ ਮੀਆਂ।
ਕਰਿਆ ਮਾਪਿਆਂ ਦਾ ਉੱਚਾ ਸਿਰ ਉਹਨਾਂ,
ਦੇਸ਼ ਵਾਸੀਆਂ ਦਾ ਖੁਸ਼ੀ ਆ ਚਿੱਤ ਮੀਆਂ।
ਕੁੜੀਆਂ ਆਪਣਾ ਕੰਮ ਆ ਕਰ ਆਈਆਂ,
ਸੋਚੇ ਸਰਕਾਰ ਵੀ ਇਨ੍ਹਾਂ ਦਾ ਹਿੱਤ ਮੀਆਂ।
ਸਮੁੱਚੇ ਭਾਰਤ ਦੇ ਲੋਕਾਂ ਦੀ ਕਾਮਨਾ ਇਹ,
ਚੱਲਦੀ ਰਫਤਾਰ ਇਹ ਰਹੇ ਹਮੇਸ਼ ਮੀਆਂ।
ਖੁਸ਼ੀ ਖੇੜੇ ਨਾਲ ਝੋਲੀਆਂ ਰਹਿਣ ਭਰੀਆਂ,
ਮੰਗਦਾ ਧੀਆਂ ਲਈ ਸੁੱਖ ਆ ਦੇਸ਼ ਮੀਆਂ।

-ਤੀਸ ਮਾਰ ਖਾਂ

## ‘ਪੈਨਸ਼ਨਰ ਸੇਵਾ ਪੋਰਟਲ’ ਦੀ ਸ਼ੁਰੂਆਤ

ਚੰਡੀਗੜ੍ਹ (ਗੁਰਜੀਤ ਬਿੱਲਾ)



ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੋਮਵਾਰ ਸੂਬੇ ਦੇ ਲਗਭਗ 3.15 ਲੱਖ ਪੈਨਸ਼ਨਰਾਂ ਲਈ ਪੈਨਸ਼ਨ ਸੇਵਾਵਾਂ ਨੂੰ ਸੁਚਾਰੂ ਬਣਾਉਣ ਲਈ ਤਿਆਰ ਕੀਤੇ ਗਏ ‘ਪੈਨਸ਼ਨਰ ਸੇਵਾ ਪੋਰਟਲ’ ਦੀ ਸ਼ੁਰੂਆਤ ਕਰਨ ਦਾ ਐਲਾਨ ਕੀਤਾ। ਪੋਰਟਲ, ਜਿਸ ਦਾ ਪਤਾ https:// pensionersewa. punjab.gov.in ਹੈ, ਦਾ ਉਦੇਸ਼ ਪੈਨਸ਼ਨ ਵੰਡ ਕੇਸਾਂ ਦੀ ਪ੍ਰਕਿਰਿਆ ਦੇ ਕਾਰਜ ਪ੍ਰਵਾਹ ਨੂੰ ਸਵੈਚਾਲਤ ਕਰਨਾ ਤੇ ਪੈਨਸ਼ਨਰਾਂ ਤੇ ਪਰਵਾਰਕ ਪੈਨਸ਼ਨਰਾਂ ਨੂੰ ਕਈ ਤਰ੍ਹਾਂ ਦੀਆਂ ਸੇਵਾਵਾਂ ਪ੍ਰਦਾਨ ਕਰਨਾ ਹੈ।

ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੋਰਟਲ ਸ਼ੁਰੂ ਵਿੱਚ ਪੈਨਸ਼ਨਰਾਂ ਨੂੰ ਛੇ ਮੁੱਖ ਸੇਵਾਵਾਂ ਪ੍ਰਦਾਨ ਕਰੇਗਾ, ਜਿਨ੍ਹਾਂ ਵਿੱਚ ‘ਜੀਵਨ ਪ੍ਰਮਾਣ’ ਮੋਬਾਇਲ ਐਪ ਰਾਹੀਂ ਡਿਜੀਟਲ ਲਾਈਫ਼ ਸਰਟੀਫਿਕੇਟ ਜਮ੍ਹਾਂ

• ਬਾਕੀ ਸਫਾ 10 ’ਤੇ

# ਪਾਕਿ ਪ੍ਰਮਾਣੂ ਹਥਿਆਰ ਪਰਖ ਰਿਹਾ : ਟਰੰਪ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਖੁਲਾਸਾ ਕੀਤਾ ਹੈ ਕਿ ਪਾਕਿਸਤਾਨ ਉਨ੍ਹਾਂ ਦੇਸ਼ਾਂ ਵਿੱਚ ਸ਼ਾਮਲ ਹੈ, ਜੋ ਪ੍ਰਮਾਣੂ ਹਥਿਆਰਾਂ ਦੀ ਪਰਖ ਵਿੱਚ ਸਰਗਰਮੀ ਨਾਲ ਲੱਗੇ ਹੋਏ ਹਨ। ਉਨ੍ਹਾ ਇਸ ਨੂੰ ਹੋਰ ਦੇਸ਼ਾਂ ਵਿੱਚ ਇੱਕ ਵਿਆਪਕ ਪੈਟਰਨ ਦਾ ਹਿੱਸਾ ਦੱਸਿਆ, ਜੋ ਕਿ ਅਮਰੀਕਾ ਲਈ ਆਪਣੇ ਪ੍ਰਮਾਣੂ ਪ੍ਰੀਖਣਾਂ ਨੂੰ ਮੁੜ ਸ਼ੁਰੂ ਕਰਨ ਦੀ ਲੋੜ ਪੈਦਾ ਕਰਦਾ ਹੈ।

ਐਤਵਾਰ ਸੀ ਬੀ ਐੱਸ ਨਿਊਜ਼ ਦੇ ‘60 ਮਿੰਟ’ ਨਾਲ ਇੱਕ ਇੰਟਰਵਿਊ ਵਿੱਚ ਟਰੰਪ ਨੇ ਕਿਹਾ ਕਿ ਰੂਸ, ਚੀਨ, ਉੱਤਰੀ ਕੋਰੀਆ ਅਤੇ ਪਾਕਿਸਤਾਨ ਸਮੇਤ ਕਈ ਦੇਸ਼ ਪ੍ਰਮਾਣੂ ਪ੍ਰੀਖਣ ਕਰ ਰਹੇ ਹਨ, ਜਦੋਂ ਕਿ ਅਮਰੀਕਾ ਇੱਕ-ਮਾਤਰ ਦੇਸ਼ ਹੈ, ਜੋ ਅਜਿਹਾ ਨਹੀਂ ਕਰਦਾ।

ਟਰੰਪ ਨੇ ਕਿਹਾ, ‘ਰੂਸ ਪ੍ਰੀਖਣ ਕਰ ਰਿਹਾ ਹੈ ਅਤੇ ਚੀਨ ਪ੍ਰੀਖਣ ਕਰ ਰਿਹਾ ਹੈ, ਪਰ ਉਹ ਇਸ ਬਾਰੇ ਗੱਲ ਨਹੀਂ ਕਰਦੇ। ਅਸੀਂ ਇੱਕ ਖੁੱਲ੍ਹਾ ਸਮਾਜ ਹਾਂ। ਅਸੀਂ ਵੱਖਰੇ ਹਾਂ। ਅਸੀਂ ਇਸ ਬਾਰੇ ਗੱਲ ਕਰਦੇ ਹਾਂ। ਸਾਨੂੰ ਇਸ ਬਾਰੇ ਗੱਲ ਕਰਨੀ ਪਵੇਗੀ, ਕਿਉਂਕਿ ਨਹੀਂ ਤਾਂ ਤੁਹਾਡੇ ਲੋਕ ਇਸ ਬਾਰੇ ਰਿਪੋਰਟ ਕਰਨਗੇ। ਉਨ੍ਹਾਂ ਕੋਲ ਅਜਿਹੇ ਪੱਤਰਕਾਰ ਨਹੀਂ ਹਨ, ਜੋ ਇਸ ਬਾਰੇ ਲਿਖਣਗੇ।’

ਉਨ੍ਹਾ ਅੱਗੇ ਕਿਹਾ, ‘ਅਸੀਂ ਪ੍ਰੀਖਣ ਕਰਾਂਗੇ, ਕਿਉਂਕਿ ਉਹ ਪ੍ਰੀਖਣ ਕਰਦੇ ਹਨ ਅਤੇ ਹੋਰ ਲੋਕ ਪ੍ਰੀਖਣ ਕਰਦੇ ਹਨ ਅਤੇ ਯਕੀਨਨ ਉੱਤਰੀ ਕੋਰੀਆ ਪ੍ਰੀਖਣ ਕਰ ਰਿਹਾ ਹੈ। ਪਾਕਿਸਤਾਨ ਪ੍ਰੀਖਣ ਕਰ ਰਿਹਾ ਹੈ।’

ਟਰੰਪ ਨੇ ਇਹ ਟਿੱਪਣੀਆਂ ਉਦੋਂ ਕੀਤੀਆਂ, ਜਦੋਂ ਉਨ੍ਹਾ ਨੂੰ ਰੂਸ ਦੇ ਅੱਤ-ਆਧੁਨਿਕ ਪ੍ਰਮਾਣੂ-ਸਮਰੱਥ ਪ੍ਰਣਾਲੀਆਂ ਦੇ ਹਾਲ ਹੀ ਦੇ ਪ੍ਰੀਖਣਾਂ ਤੋਂ ਬਾਅਦ 30 ਸਾਲਾਂ ਤੋਂ ਵੱਧ ਸਮੇਂ ਬਾਅਦ ਪ੍ਰਮਾਣੂ ਹਥਿਆਰਾਂ ਨੂੰ ਡਿਟੋਨੇਟ ਕਰਨ ਦੇ ਆਪਣੇ ਫੈਸਲੇ ਬਾਰੇ ਪੁੱਛਿਆ ਗਿਆ।

## ਧਾਮੀ ਪੰਜਵੀਂ ਵਾਰ ਪ੍ਰਧਾਨ ਚੁਣੇ ਗਏ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)



ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸੋਮਵਾਰ 5ਵੀਂ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ।

ਸਾਲਾਨਾ ਜਨਰਲ ਇਜਲਾਸ ਵਿੱਚ 136 ਵੋਟਾਂ ਪਈਆਂ, ਜਿਨ੍ਹਾਂ ਵਿੱਚੋਂ ਧਾਮੀ ਨੂੰ 117 ਵੋਟਾਂ ਮਿਲੀਆਂ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਉਮੀਦਵਾਰ ਮਿੱਠੂ ਸਿੰਘ ਕਾਹਨੇਕੇ ਨੂੰ 18 ਵੋਟਾਂ ਪਈਆਂ, ਜਦੋਂਕਿ ਇੱਕ ਵੋਟ ਰੱਦ ਹੋ ਗਈ। ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ ਚੁਣੇ ਗਏ। ਅੰਤ੍ਰਿੰਗ ਕਮੇਟੀ ਮੈਂਬਰ ਸੁਰਜੀਤ ਸਿੰਘ ਗੜ੍ਹੀ, ਸੁਰਜੀਤ ਸਿੰਘ ਤੁਗਲਵਾਲਾ, ਸੁਰਜੀਤ ਸਿੰਘ ਕੰਗ, ਗੁਰਪ੍ਰੀਤ ਸਿੰਘ ਝੱਬਰ, ਦਿਲਜੀਤ ਸਿੰਘ ਭਿੰਡਰ, ਬੀਬੀ ਹਰਜਿੰਦਰ ਕੌਰ, ਬਲਦੇਵ ਸਿੰਘ ਕੈਮਪੁਰੀ, ਮੇਜਰ ਸਿੰਘ ਢਿੱਲੋਂ, ਮੰਗਵਿੰਦਰ ਸਿੰਘ ਖਾਪੜਖੇੜੀ, ਜੰਗਬਹਾਦਰ ਸਿੰਘ ਰਾਏ ਤੇ ਮਿੱਠੂ ਸਿੰਘ ਕਾਹਣੇਕੇ ਬਣੇ।

## ਸਿਧਾਂਤਕ ਕਮਿਊਨਿਸਟ ਲਹਿਰ ਨਾਲ ਹੀ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਲਾਮਬੰਦੀ ਸੰਭਵ : ਅਰਸ਼ੀ

**ਬੁਢਲਾਡਾ (ਅਸ਼ੋਕ ਲਾਕੜਾ)**



ਭਾਰਤੀ ਕਮਿਊਨਿਸਟ ਪਾਰਟੀ ਸਬ-ਡਵੀਜ਼ਨ ਬੁਢਲਾਡਾ ਦਾ ਡੈਲੀਗੇਟ ਇਜਲਾਸ ਸਥਾਨਕ ਪਾਰਟੀ ਦਫਤਰ ਵਿਖੇ ਮਾਸਟਰ ਗੁਰਬਚਨ ਮੰਦਰਾਂ, ਗੁਰਚਰਨ ਸਿੰਘ ਗੁਰਨੇ ਤੇ ਰਾਜਵੀਰ ਕੌਰ ਦੇ ਪ੍ਰਧਾਨਗੀ ਮੰਡਲ ਹੇਠ ਹੋਇਆ।

ਸਵਾਗਤੀ ਭਾਸ਼ਣ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਨੇ ਕਿਹਾ ਕਿ ਪਾਰਟੀ ਦੇ ਸ਼ਾਨਾਮੱਤੇ ਇਤਿਹਾਸ ਤੇ ਪ੍ਰਾਪਤੀਆਂ ਨੂੰ ਜਨਤਕ ਤੇ ਜ਼ਮੀਨੀ ਪੱਧਰ ਤੱਕ ਲਾਗੂ ਕਰਨਾ ਸਮੇਂ ਦੀ ਲੋੜ ਹੈ।ਜ਼ਿਲ੍ਹਾ ਅਬਜ਼ਰਵਰ ਐਡਵੋਕੇਟ ਕੁਲਵਿੰਦਰ ਉਡਤ ਨੇ ਸਫ਼ਲ ਇਜਲਾਸ ਮੌਕੇ ਇਨਕਲਾਬੀ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਭਵਿੱਖ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ।

ਵਿਸ਼ੇਸ਼ ਤੌਰ ’ਤੇ ਇਜਲਾਸ ਵਿੱਚ ਸ਼ਾਮਲ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਜ਼ਬੂਤ ਤੇ ਸਿਧਾਂਤਕ ਕਮਿਊਨਿਸਟ ਲਹਿਰ ਹੀ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਅਵਾਮ ਨੂੰ ਚੇਤਨ ਕਰਕੇ ਸੰਘਰਸ਼ ਲਈ ਪ੍ਰੇਰਿਤ ਕਰ ਸਕੇਗੀ।ਉਹਨਾ ਸੂਬਾ ਤੇ ਕੇਂਦਰ ਸਰਕਾਰਾਂ ਨੂੰ ਲੰਮੇ ਹੱਥੀਂ ਲੈਂਦਿਆਂ ਕਿਹਾ ਕਿ ਜਮਾਤੀ ਸਾਂਝ ਅਤੇ ਸਰਮਾਏਦਾਰੀ ਨਿਜ਼ਾਮ ਨੂੰ ਲਾਗੂ ਕਰਨ ਲਈ ਪੂਰੀ ਤਰ੍ਹਾਂ ਤਤਪਰ ਨੇ, ਜਿਨ੍ਹਾਂ ਖਿਲਾਫ ਤਿੱਖੇ ਸੰਘਰਸ਼ ਸਮੇਂ ਦੀ ਲੋੜ ਹੈ। ਜਿਸ ਲਈ ਜੜ੍ਹ ਪੱਧਰ ’ਤੇ ਪਾਰਟੀ ਦੀ ਮਜ਼ਬੂਤੀ ਦੀ ਲੋੜ

• ਬਾਕੀ ਸਫਾ 10 ’ਤੇ

# ਭਗਵੰਤ ਮਾਨ ਵੱਲੋਂ ਹਰਮੀਤ ਸੰਧੂ ਦੇ ਹੱਕ ’ਚ ਰੋਡ ਸ਼ੋਅ

**ਤਰਨ ਤਾਰਨ** : ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਤਰਨ ਤਾਰਨ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਵਿਸ਼ਾਲ ਰੋਡ ਸ਼ੋਅ ਕੀਤਾ।ਹਲਕੇ ਦੇ ਵੱਖ-ਵੱਖ ਪਿੰਡਾਂ ਹੋਏ ਇਸ ਰੋਡ ਸ਼ੋਅ ਦੌਰਾਨ ਲੋਕਾਂ ਨੇ ਮੁੱਖ ਮੰਤਰੀ ਅਤੇ ‘ਆਪ’ ਉਮੀਦਵਾਰ ਦਾ ਬਹੁਤ ਉਤਸ਼ਾਹ, ਫੁੱਲਾਂ ਦੀ ਵਰਖਾ ਅਤੇ ਆਪ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਸਵਾਗਤ ਕੀਤਾ।ਇਕੱਠਾਂ ਨੂੰ ਸੰਬੋਧਨ ਕਰਦਿਆਂ ਸੰਧੂ ਨੇ ਲੋਕਾਂ ਦਾ ਉਨ੍ਹਾਂ ਦੇ ਪਿਆਰ, ਸਮਰਥਨ ਅਤੇ ਵਿਸ਼ਵਾਸ ਲਈ ਧੰਨਵਾਦ ਕੀਤਾ।ਉਨ੍ਹਾ ਕਿਹਾ ਕਿ ਹਰ ਪਿੰਡ ਤੋਂ ਮਿਲਣ ਵਾਲਾ ਹੁੰਗਾਰਾ ‘ਆਪ’ ਦੀ ਇਮਾਨਦਾਰ ਅਤੇ ਵਿਕਾਸ-ਮੁਖੀ ਰਾਜਨੀਤੀ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।ਸੰਧੂ ਨੇ ਕਿਹਾ ਕਿ ਤਰਨਤਾਰਨ ਮੇਰਾ ਘਰ ਹੈ, ਅਤੇ ਮੈਂ ਇਸਦੇ ਲੋਕਾਂ ਨੂੰ ਆਪਣਾ ਪਰਵਾਰ ਮੰਨਦਾ ਹਾਂ।ਮੈਂ ਸਿੱਖਿਆ, ਸਿਹਤ, ਸੜਕਾਂ ਅਤੇ ਰੁਜ਼ਗਾਰ ਵਿੱਚ ਹਰ



ਸੰਭਵ ਵਿਕਾਸ ਲਈ ਅਣਥੱਕ ਮਿਹਨਤ ਕਰਾਂਗਾ। ਮੈਂ ਬਾਹਰੀ ਵਿਅਕਤੀ ਨਹੀਂ, ਮੈਂ ਤੁਹਾਡੇ ਵਿੱਚੋਂ ਇੱਕ ਹਾਂ।ਵਿਰੋਧੀ ਪਾਰਟੀਆਂ ’ਤੇ ਨਿਸ਼ਾਨਾ ਸਾਧਦੇ ਹੋਏ ਸੰਧੂ ਨੇ ਕਿਹਾ ਕਿ ਉਨ੍ਹਾਂ ਤਰਨ ਤਾਰਨ ਨਾਲ ਕੋਈ ਸੰਬੰਧ ਨਾ ਰੱਖਣ ਵਾਲੇ ਪੈਰਾਸ਼ੂਟ ਉਮੀਦਵਾਰ ਖੜ੍ਹੇ ਕੀਤੇ ਹਨ, ਜਦੋਂ ਕਿ ‘ਆਪ’ ਨੇ ਮੇਰੇ ਵਰਗੇ ਸਥਾਨਕ ਵਿਅਕਤੀ ਨੂੰ ਮੈਦਾਨ ਵਿੱਚ ਉਤਾਰਿਆ ਹੈ, ਜੋ ਸੱਚਮੁੱਚ ਖੇਤਰ ਦੀਆਂ ਚੁਣੌਤੀਆਂ ਅਤੇ ਇੱਛਾਵਾਂ ਨੂੰ ਸਮਝਦਾ ਹੈ। ਉਨ੍ਹਾ ਲਾਲ ਲਕੀਰ ਇਲਾਕਿਆਂ ਵਿੱਚ ਰਹਿਣ ਵਾਲੇ ਵਸਨੀਕਾਂ ਨੂੰ ਮਾਲਕੀ ਹੱਕ ਦੇਣ ਲਈ ਇਤਿਹਾਸਕ ਕਦਮ ਚੁੱਕਣ ਲਈ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਵੀ ਕੀਤਾ, ਇਸ ਨੂੰ ਹਜ਼ਾਰਾਂ ਪਰਵਾਰਾਂ ਲਈ ਵੱਡੀ ਰਾਹਤ ਦੱਸਿਆ, ਜੋ ਲੰਮੇ ਸਮੇਂ ਤੋਂ ਇਨਸਾਫ਼ ਦੀ ਉਡੀਕ ਕਰ ਰਹੇ ਸਨ।ਸੰਧੂ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਨੇ ਸਾਡੇ ਲੋਕਾਂ ਦੇ ਦਹਾਕਿਆਂ ਪੁਰਾਣੇ ਸੁਪਨੇ ਨੂੰ ਪੂਰਾ ਕੀਤਾ ਹੈ।‘ਆਪ’ ਸਰਕਾਰ ਸਮਾਜ ਦੇ ਹਰ ਵਰਗ ਨੂੰ ਸਸ਼ਕਤ ਬਣਾਉਣ ਲਈ ਵਚਨਬੱਧ ਹੈ। ਸੰਧੂ ਨੇ ਲੋਕਾਂ ਨੂੰ 11 ਨਵੰਬਰ ਨੂੰ ‘ਆਪ’ ਦੇ ਚੋਣ ਨਿਸ਼ਾਨ ‘ਝਾੜੂ’ ਲਈ ਵੋਟ ਪਾਉਣ ਦੀ ਅਪੀਲ ਕੀਤੀ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇੱਕ ਮਜ਼ਬੂਤ, ਇਮਾਨਦਾਰ ਅਤੇ ਲੋਕ-ਕੇਂਦਰਤ ਸਰਕਾਰ ਖੁਸ਼ਹਾਲ ਤਰਨ ਤਾਰਨ ਲਈ ਆਪਣਾ ਕੰਮ ਜਾਰੀ ਰੱਖੇ।

## ਪੀ ਯੂ ਦੀ ਸੈਨੇਟ ਤੇ ਸਿੰਡੀਕੇਟ ਭੰਗ ਕਰਨ ਵਿਰੁੱਧ ਰੋਸ ਮਾਰਚ, ਮੋਦੀ ਦੀ ਅਰਥੀ ਫੂਕੀ



**ਬੁਢਲਾਡਾ (ਅਸ਼ੋਕ ਲਾਕੜਾ)**-ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸੈਨੇਟ ਅਤੇ ਸਿੰਡੀਕੇਟ ਨੂੰ ਭੰਗ ਕਰਨ ਵਿਰੁੱਧ ਸੀ ਪੀ ਆਈ ਦੇ ਸੈਂਕੜੇ ਵਰਕਰਾਂ ਵੱਲੋਂ ਵੇਦ ਪ੍ਰਕਾਸ਼ ਬੁਢਲਾਡਾ, ਸਕੱਤਰ ਸੀਤਾ ਰਾਮ ਗੋਬਿੰਦਪੁਰਾ ਦੀ ਅਗਵਾਈ ਪਾਰਟੀ ਦਫਤਰ ਤੋਂ ਰੋਸ ਮਾਰਚ ਕਰਨ ਉਪਰੰਤ ਸ਼ਹਿਰ ਵਿਚ ਮੋਦੀ ਦੀ ਅਰਥੀ ਫੂਕੀ ਗਈ।ਰੋਸ ਪ੍ਰਦਰਸ਼ਨ ਮੌਕੇ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ

• ਬਾਕੀ ਸਫਾ 10 ’ਤੇ

ੴ
ਸ਼ਹਾਦਤ ਦੇ 350 ਸਾਲ
ਹਿੰਦ ਦੀ ਚਾਦਰ
ਸ੍ਰੀ ਗੁਰੂ ਤੇਗ ਬਹਾਦਰ ਜੀ
1675-2025

GOVT. OF PUNJAB

350ਵਾਂ ਸ਼ਹੀਦੀ ਦਿਹਾੜਾ
ਸ੍ਰੀ ਗੁਰੂ ਤੇਗ਼ ਬਹਾਦਰ ਜੀ
ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ

ਲਾਈਟ ਐਂਡ ਸਾਊਂਡ ਸ਼ੋਅ
ਆਪ ਸਭ ਨੂੰ ਪਰਿਵਾਰ ਸਮੇਤ ਇਨ੍ਹਾਂ ਇਤਿਹਾਸਕ ਪਲਾਂ ਦੇ ਗਵਾਹ ਬਣਨ ਲਈ ਹਾਰਦਿਕ ਸੱਦਾ ਹੈ

4 ਨਵੰਬਰ, 2025 | ਸ਼ਾਮ 6 ਵਜੇ ਤੋਂ

ਲਮੀਨੀ ਸਟੇਡੀਅਮ, ਪਠਾਨਕੋਟ
ਗੁਰੂ ਗੋਬਿੰਦ ਸਿੰਘ ਸਟੇਡੀਅਮ, ਜਲੰਧਰ
ਖੇਡ ਸਟੇਡੀਅਮ ਮਾਧੋਪੁਰ, ਫ਼ਤਹਿਗੜ੍ਹ ਸਾਹਿਬ
ਪੋਲੋ ਗਰਾਊਂਡ, ਪਟਿਆਲਾ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਦੀਵਾਲੀ ਤੇ ਗੁਰਪੁਰਬ ਦਿਹਾੜੇ ਨੂੰ ਸਮਰਪਿਤ ਜੈਤੋ ਵਿਸ਼ੇਸ਼ ਸਪਲੀਮੈਂਟ


**ਸੰਦੇਸ਼** — ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ। — ਇੰਜ. ਅਮੋਲਕ ਸਿੰਘ, ਐਮ ਐਲ ਏ ਹਲਕਾ ਜੈਤੋ

**ਸੰਦੇਸ਼** — ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ। — ਸੰਤਪਾਲ ਡੋਡ, ਸੀਨੀਅਰ ਆਪ ਆਗੂ

**ਸੰਦੇਸ਼** — ... — ਨਰੇਸ਼ ਜਿੰਦਲ, ਉਦਯੋਗਪਤੀ

**ਸੰਦੇਸ਼** — ... — ਚਿਮਨ ਲਾਲ, ਠੇਕੇਦਾਰ, ਜੈਤੋ

**ਸੰਦੇਸ਼** — ... — ਸੂਬਾ ਸਿੰਘ ਬਾਦਲ, ਸ੍ਰ. ਅ. ਦ (ਬ) ਹਲਕਾ ਇੰਚਾਰਜ ਜੈਤੋ

**ਸੰਦੇਸ਼** — ... — ਇਕਬਾਲ ਸਿੰਘ ਸੰਧੂ, ਡੀ ਐੱਸ ਪੀ, ਜੈਤੋ

**ਸੰਦੇਸ਼** — ... — ਯਾਦਵਿੰਦਰ ਸਿੰਘ ਜੋਲਦਾਰ, ਸੀਨੀ. ਅਕਾਲੀ ਆਗੂ

**ਸੰਦੇਸ਼** — ... — ਭੀਮ ਸੈਨ ਜਿੰਦਲ, ਉਦਯੋਗਪਤੀ

**ਸੰਦੇਸ਼** — ... — ਸਤਪਾਲ ਜਿੰਦਲ, ਉਦਯੋਗਪਤੀ

**ਸੰਦੇਸ਼** — ... — ਤੁਲਸੀ ਰਾਮ ਬਾਂਸਲ, ਨਗਰ ਕੌਂਸਲ, ਜੈਤੋ

**ਸੰਦੇਸ਼** — ... — ਐਡਵੋਕੇਟ ਅਮਿਤ ਮਿੱਤਲ ਗੋਲਡੂ

**ਸੰਦੇਸ਼** — ... — ਪੰਨਾ ਲਾਲ ਜੈਨ, ਪ੍ਰਧਾਨ ਸ਼ੈਲਰ ਐਸੋਸੀਏਸ਼ਨ, ਜੈਤੋ

**ਸੰਦੇਸ਼** — ... — ਮਨੋਜ ਸ਼ਰਮਾ, ਡੀ ਐੱਸ ਪੀ, ਰਾਮਪੁਰਾਫੂਲ

**ਸੰਦੇਸ਼** — ... — ਪਰਮਿੰਦਰ ਸਿੰਘ ਗਰੇਵਾਲ, ਡੀ ਐੱਸ ਪੀ, ਸੰਗਰੂਰ

**ਸੰਦੇਸ਼** — ... — ਪ੍ਰਕਾਸ਼ ਸਿੰਘ ਭੱਟੀ, ਸੀਨੀ. ਕਾਂਗਰਸੀ ਆਗੂ

**ਸੰਦੇਸ਼** — ... — ਪਵਨ ਗੋਇਲ, ਸਾਬਕਾ ਕਾਰਜਕਾਰੀ ਪ੍ਰਧਾਨ ਪੰਜਾਬ ਕਾਂਗਰਸ

**ਸੰਦੇਸ਼** — ... — ਅਸ਼ਵਨੀ ਗਰਗ, ਚੇਅਰਮੈਨ ਸਵਾਈਟ ਬਜਰ

**ਸੰਦੇਸ਼** — ... — ਮਹਿਣਜੀਤ ਬਰਾੜ, ਏ ਐੱਚ ਐੱਸ ਓ

**ਸੰਦੇਸ਼** — ... — ਜੋਤੀ ਬਾਂਸਲ, ਮਿੰਨੂ ਬੈਟਰੀ ਹਾਊਸ, ਜੈਤੋ

**ਸੰਦੇਸ਼** — ... — ਬਾਬਾ ਕੁਲਵੰਤ ਚਿਸ਼ਤੀ ਨਿਜ਼ਾਮੀਆਂ

**ਸੰਦੇਸ਼** — ... — ਰਾਜੇਸ਼ ਕੁਮਾਰ, ਇੰਸਪੈਕਟਰ

**ਸੰਦੇਸ਼** — ... — ਭੋਲਾ ਸ਼ਰਮਾ, ਪ੍ਰਧਾਨ ਬੱਸ ਵਰਕਰ ਪ੍ਰੈਸ ਕਲੱਬ, ਜੈਤੋ

**ਸੰਦੇਸ਼** — ... — ਅਸ਼ੋਕ ਕੁਮਾਰ ਜੈਨ, ਠੇਕੇਦਾਰ

**ਸੰਦੇਸ਼** — ... — ਗੁਰਮੀਤ ਸਿੰਘ ਬਰਾੜ, ਸੀਨੀ. ਅਕਾਲੀ ਆਗੂ ਜੈਤੋ






ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।

**FASHION HUB NEW MARKET**
JAITU (GANDHI DI HATTI)
M. 92175-00055
ਵਿਜੈ ਕੁਮਾਰ ਬਾਂਸਲ (ਗਾਂਧੀ)

**ਸੰਦੇਸ਼** — ... — ਐਡਵੋਕੇਟ ਯਸ਼ ਗਰਗ ਜੈਤੋ

**ਸੰਦੇਸ਼** — ... — ਗੁਰਮੀਤ ਪਾਲ ਸ਼ਰਮਾ ਪ੍ਰਧਾਨ ਗੰਗਸਰ ਪ੍ਰੈਸ ਕਲੱਬ ਜੈਤੋ

**ਸੰਦੇਸ਼** — ... — ਧਰਮਿੰਦਰ ਪਾਲ ਤੋਤਾ ਨੰਬਰਦਾਰ ਪ੍ਰਧਾਨ ਯੂਥ ਵਿੰਗ 'ਆਪ' ਜੈਤੋ

**ਸੰਦੇਸ਼** — ... — ਅਸ਼ੋਕ ਕੁਮਾਰ (ਭਾਜਪਾ ਆਗੂ)

**ਸੰਦੇਸ਼** — ... — ਵਿਕਾਸ ਸਿੰਗਲਾ (ਘੰਟੀ) ਕਾਂਗਰਸੀ ਆਗੂ

**ਸੰਦੇਸ਼** — ... — ਅਸ਼ੋਕ ਜਿੰਦਲ ਉਦਯੋਗਪਤੀ









ਮੁਹੰਮਦ ਸਦੀਕ, ਸਾਬਕਾ ਮੈਂਬਰ ਪਾਰਲੀਮੈਂਟ, ਫਰੀਦਕੋਟ — ਸੂਰਜ ਭਾਰਦਵਾਜ, ਸੀਨੀ. ਕਾਂਗਰਸੀ ਆਗੂ, ਜੈਤੋ — ਬੀਬੀ ਜਾਵੇਦ ਅਖਤਰ, ਸੀਨੀ. ਕਾਂਗਰਸੀ ਆਗੂ, ਜੈਤੋ — ਰਾਜਾ ਭਾਰਦਵਾਜ, ਸੀਨੀਅਰ ਕਾਂਗਰਸੀ ਆਗੂ, ਜੈਤੋ

ਰਾਜਦੀਪ ਔਲਖ ਰਮੇਆਣਾ, ਸਰਪੰਚ ਪਿੰਡ ਰਮੇਆਣਾ

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।






WELCOME TO PINELAND INTERNATIONAL SCHOOL
ਪਾਈਨਲੈਂਡ ਇੰਟਰਨੈਸ਼ਨਲ ਸਕੂਲ
Where Learning Meets Excellence!
ADMISSION OPEN NOW
PINELAND INTERNATIONAL SCHOOL
Shaping the Future, One Child at a Time.
04635-92635, 94634-94654
GAUSHALA ROAD, NEAR LIONS CLUB, JAITU, FARIDKOT

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
**ਡਾ. ਕੇਤਨ ਗੋਇਲ**
ਗੌਰਮਿੰਟ ਮੈਡੀਕਲ ਕਾਲਜ, ਸ੍ਰੀਨਗਰ

**ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ**
ਸੁਖਬੀਰ ਸਿੰਘ ਬਾਦਲ, ਸਾਬਕਾ ਉਪ ਮੁੱਖ ਮੰਤਰੀ, ਪੰਜਾਬ — ਮਨਤਾਰ ਸਿੰਘ ਬਰਾੜ, ਹਲਕਾ ਇੰਚਾਰਜ ਕੋਟਕਪੂਰਾ — ਹਰਚਰਨ ਸਿੰਘ ਬਾਠ, ਸਰਪੰਚ, ਕਰੀਰਵਾਲੀ
ਜਾਰੀ ਕਰਤਾ : ਸਮੂਹ ਗ੍ਰਾਮ ਪੰਚਾਇਤ ਕਰੀਰਵਾਲੀ (ਜੈਤੋ)
ਸਵ. ਸੁਖਦੇਵ ਸਿੰਘ ਬਾਠ, ਸਾਬਕਾ ਮੈਂਬਰ ਸ਼੍ਰੋ. ਗੁ. ਪ੍ਰ. ਕਮੇਟੀ, ਜੈਤੋ — ਸ੍ਰੀਮਤੀ ਚਰਨਜੀਤ ਕੌਰ, ਸਾਬਕਾ ਸਰਪੰਚ

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
**ਨਾਇਬ ਸਿੰਘ ਬਰਾੜ**
ਸੇਵੇਵਾਲਾ (ਗੁੰਮਟੀ ਖੁਰਦ)

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
**ਬਾਬਾ ਫ਼ਰੀਦ ਪਬਲਿਕ ਸਕੂਲ**
ਬਾਜਾਖਾਨਾ ਰੋਡ ਜੈਤੋ (ਫ਼ਰੀਦਕੋਟ)
ਸੰਦੀਪ ਕੁਮਾਰ

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
**ਸੁਖਮਨੀ**
ਜਰਨਲ ਅਤੇ ਬੱਚਿਆਂ ਦਾ ਹਸਪਤਾਲ
ਡਾ. ਰਾਕੇਸ਼ ਦੂਆ B.A.M.S.Regd. No. 3432
ਡਾ. ਗੁਰਮੀਤ ਸਿੰਘ M.: 94652-02802, 99882-80328
ਨੇੜੇ ਬੱਸ ਸਟੈਂਡ, ਮੁਕਤਸਰ ਰੋਡ, ਜੈਤੋ

ALLIANCE INTERNATIONAL SCHOOL
Admission open 2026-27
We pride ourselves on providing a nurturing and dynamic learning environment where students are encouraged to explore, innovate, and thrive. Join us and embark on a journey of lifelong learning and growth.
Why you should choose us?
Extracurricular
Supportive Environment
Expert Faculty and Staff
Certified Teachers
Fully AC Campus
allianceinternationaljaitu@gmail.com

SHIVALIK PUBLIC SCHOOL
Jaitu-151202 (Distt. Faridkot)
Affiliated to CBSE
ADMISSION OPEN FOR ALL CLASSES
2026-2027
For Registration Pre-Nursery to Nursery special discounts till 31 October
ENROLL NOW
www.shivalikpublic.com
62808-20300, 90410-30734

ਰੌਸ਼ਨੀਆਂ ਦੇ ਤਿਉਹਾਰਾਂ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
**ਪਵਨ ਮਿੱਤਲ (ਭੋਲਾ ਸੇਠੀ)**
ਠੇਕੇਦਾਰ ਜੈਤੋ

ਇਲਾਕਾ ਨਿਵਾਸੀਆਂ ਨੂੰ ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ
Saraswati Kanya Mahavidyala Society (Regd.) Jaitu
Saraswati Sen.Sec.School — PSEB Affiliation No.0001331
Saraswati Genius School — CBSE Affiliation No.1631469
Saraswati Smart playway School
Sh.Pawan Goyal, Patron — Sh.Rakesh Romana, President — Sh.Nadan Lal Goyal, Secretary — Sh. Dinesh Goyal, Manager — Sh. Anil Bansal, Cashier

**ਗੁਰਪੁਰਬ ਦੀਆਂ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈਆਂ**
ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੋਸਾਇਟੀ (ਰਜਿ:)
ਜੈਤੋ ਰੋਡ, ਜੈਤੋ (ਫ਼ਰੀਦਕੋਟ)
ਫੋਨ : 94175-30003, 01635-233303

NAAC ACCREDITED — SVIET CHANDIGARH — NO.1 RANKED
THE BEST
Give Wings to your CAREER
ENGINEERING, PHARMACY, BUSINESS STUDIES, HOTEL MANAGEMENT, PARAMEDICAL, NURSING, LAW, PHYSIOTHERAPY, BASIC SCIENCES, COMPUTER APPLICATIONS, EDUCATION, DIPLOMA
Ashok Kumar Garg, President
SWAMI VIVEKANAND GROUP OF INSTITUTES
+91- 94652 33333, Toll Free: 1800 120 1200






ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਯਾਦਵਿੰਦਰ ਸਿੰਘ, ਇੰਸਪੈਕਟਰ — ਮਾਸਟਰ ਜਗਜੀਤ ਸਿੰਘ

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਸੁਖਚਰਨ ਸਿੰਘ ਢੇਨੀ, ਤਹਿਸੀਲਦਾਰ ਜਲਾਲਾਬਾਦ — ਬਲਜਿੰਦਰ ਸਿੰਘ — ਰਾਕੇਸ਼ ਕੁਮਾਰ ਘੋਚਾ, ਪ੍ਰਧਾਨ ਮਾਰਕੀਟ ਸੁਧਾਰ ਕਮੇਟੀ ਜੈਤੋ

**ਲਾਇਨਜ਼ ਆਈ ਕੇਅਰ ਸੈਂਟਰ**
ਲਾਇਨਜ਼ ਫ਼ਰੀਦ ਮਲਟੀ ਸਪੈਸ਼ਲਿਟੀ ਹਸਪਤਾਲ,
ਗਊਸ਼ਾਲਾ ਰੋਡ, ਜੈਤੋ (ਜ਼ਿਲ੍ਹਾ ਫ਼ਰੀਦਕੋਟ)
24 ਘੰਟਾ ਖੁੱਲ੍ਹਾ
ਵਧੇਰੇ ਜਾਣਕਾਰੀ ਲਈ ਸੰਪਰਕ :
01635-230431, 916937000, 9169471000

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਮਨਮੋਹਨ ਸਿੰਘ, ਪੰਚਾਇਤ ਸੈਕਟਰੀ — ਲਖਵੀਰ ਸਿੰਘ, ਪੰਚਾਇਤ ਸੈਕਟਰੀ — ਬੇਅੰਤ ਸਿੰਘ, ਪੰਚਾਇਤ ਸੈਕਟਰੀ

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਕੇਵਲ ਸ਼ਰਮਾ, ਪ੍ਰਧਾਨ ਸਰਬਹਿਤ ਫ਼ਾਉਂਡੇਸ਼ਨ ਐਮ ਸੀ ਜੈਤੋ — ਪ੍ਰਿੰਸ ਜੈਨ — ਸ਼ੈਰੀ ਅਰੋੜਾ — ਸ਼ੇਖਰ ਸ਼ਰਮਾ — ਸ਼ੈਲੀ ਗਰਗ, ਪ੍ਰਧਾਨ ਬਾਰ ਐਸੋ. ਜੈਤੋ

**ਪੱਤਰਕਾਰ ਭਾਈਚਾਰਾ**

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਸਨੀ ਡਡਵਾਲ — ਸੁਸ਼ੀਲ ਅਹੂਜਾ ਬੀ ਪੀ ਈ ਓ — ਸਨੂੰ ਸੇਠੀ

ਦੀਵਾਲੀ ਤੇ ਗੁਰਪੁਰਬ ਨੂੰ ਸਮਰਪਤ ਸਤੀਸ਼ ਕੁਮਾਰ ਭੀਰੀ ਵੱਲੋਂ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਬਲਰਾਜ ਕੁਮਾਰ, ਸੈਕਟਰੀ

**ਘਰ ਦੀ ਰੌਣਕ**
ਗੁਰਪੁਰਬ ਨੂੰ ਸਮਰਪਤ ਜੈਤੋ ਤੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈ।
ਸ੍ਰੀਮਤੀ ਆਸ਼ਾ ਗੋਇਲ (ਰਤੀਸ਼ ਭੀਰੀ) — ਐਡਵੋਕੇਟ ਸੰਜੀਵ ਗੋਇਲ

# ਕਿਸ਼ਨਗੜ੍ਹ ਚੌਂਕ 'ਚ ਲੱਗਦੇ ਲੰਬੇ ਜਾਮ ਕਾਰਨ ਰਾਹਗੀਰ ਪ੍ਰੇਸ਼ਾਨ

**ਅਲਾਵਲਪੁਰ (ਮਦਨ ਬੰਗੜ)**

ਜਲੰਧਰ-ਪਠਾਨਕੋਟ ਰਾਸ਼ਟਰੀ ਰਾਜ ਮਾਰਗ ਤੇ ਪੈਂਦੇ ਪ੍ਰਸਿੱਧ ਅੱਡਾ ਕਿਸ਼ਨਗੜ੍ਹ ਜੋ ਨਜ਼ਦੀਕੀ ਕਰੀਬ 25-30 ਪਿੰਡਾਂ ਦਾ ਧੁਰਾ ਹੈ। ਜ਼ਿਕਰਯੋਗ ਹੈ ਕਿ ਜਲੰਧਰ ਤੋਂ ਪਠਾਨਕੋਟ ਜੰਮੂ ਸ੍ਰੀਨਗਰ ਦੀ ਆਵਾਜਾਈ ਅੰਮ੍ਰਿਤਸਰ ਤੋਂ ਵਾਇਆ ਕਰਤਾਰਪੁਰ ਤੋਂ ਹੁਸ਼ਿਆਰਪੁਰ, ਹਿਮਾਚਲ ਪ੍ਰਦੇਸ਼ ਦੇ ਧਾਰਮਿਕ ਸਥਾਨਾਂ ਤੇ ਜਾਣ ਵਾਲਿਆਂ ਸੰਗਤਾਂ ਨੂੰ ਆਪੋ ਆਪਣੇ ਵਾਹਨਾਂ ਰਾਹੀਂ ਕਿਸ਼ਨਗੜ੍ਹ ਚੌਂਕ 'ਚ ਲੰਘਣਾ ਪੈਂਦਾ ਹੈ। ਕਿਸ਼ਨਗੜ੍ਹ ਚੌਂਕ ਵਿੱਚ ਟ੍ਰੈਫਿਕ ਲਾਈਟਾਂ ਅਤੇ ਟ੍ਰੈਫਿਕ ਪੁਲਿਸ ਦੀ ਪੱਕੀ ਤੈਨਾਤੀ ਨਾ ਹੋਣ ਕਾਰਨ ਪਿਛਲੇ ਕਾਫੀ ਅਰਸੇ ਤੋਂ ਰੁਕ ਰੁਕ ਕੇ ਭਾਰੀ ਜਾਮ ਲੱਗਾ ਰਹਿੰਦਾ ਆ ਰਿਹਾ ਹੈ। ਕਰੀਬ ਡੇਢ-ਦੋ ਕੁ ਸਾਲ ਪਹਿਲਾਂ ਐੱਸ ਐੱਸ ਪੀ ਦਿਹਾਤੀ ਸਤਿੰਦਰ ਸਿੰਘ ਕਾਕਾ ਦੇ ਕਾਰਜ ਕਾਲ ਦੌਰਾਨ ਟਰੈਫਿਕ ਪੁਲਿਸ ਜਲੰਧਰ ਦਿਹਾਤੀ ਵੱਲੋਂ ਕਿਸ਼ਨਗੜ੍ਹ ਚੌਂਕ ਵਿੱਚ ਪੱਕੇ ਤੌਰ ਟਰੈਫਿਕ ਮੁਲਾਜ਼ਮਾਂ ਦੀ ਤੈਨਾਤੀ ਕੀਤੀ ਗਈ ਸੀ, ਜੋ ਕਾਫੀ ਚਿਰ ਚਲਦੀ ਰਹੀ ਤੇ ਜਿਸ ਨਾਲ ਕਾਫੀ ਅਰਸਾ ਕਿਸ਼ਨਗੜ੍ਹ ਚੌਂਕ ਦੀ ਟਰੈਫਿਕ ਵਿਵਸਥਾ ਠੀਕ ਠਾਕ ਕੰਮ ਕਰਦੀ ਰਹੀ। ਲੇਕਿਨ ਪਿਛਲੇ ਕੁਝ ਅਰਸੇ ਤੋਂ ਟਰੈਫਿਕ ਪੁਲਸ ਦੇ ਮੁਲਾਜ਼ਮਾ ਦੀ ਪੱਕੀ ਤਾਇਨਾਤੀ ਨਾ ਹੋਣ ਕਾਰਨ ਹੁਣ ਫਿਰ ਤੋਂ ਦੁਬਾਰਾ ਘੰਟਿਆਂ ਬੱਧੀ ਭਾਰੀ ਜਾਮ ਲੱਗਣ ਕਾਰਨ ਕਈ ਕਈ ਕਿਲੋਮੀਟਰ ਤੱਕ ਵਾਹਨਾਂ ਦੀਆਂ ਲੰਮੀਆਂ ਲਾਈਨਾਂ ਲੱਗ ਜਾਂਦੀਆਂ ਹਨ। ਤਿਉਹਾਰਾਂ ਦੇ ਦਿਨਾਂ ਤੇ ਖਾਸ ਕਰਕੇ ਸ਼ਨੀਵਾਰ ਤੇ ਐਤਵਾਰ ਨੂੰ ਡੇਰਾ ਬਿਆਸ ਜਾਣ ਵਾਲੀ ਸੰਗਤ ਅਤੇ ਅੰਮ੍ਰਿਤਸਰ ਸਾਈਡ ਤੋਂ ਹਿਮਾਚਲ ਦੇ ਵੱਖ-ਵੱਖ ਧਾਰਮਿਕ ਸਥਾਨਾਂ ਤੇ ਜਾਣ ਵਾਲੀ ਸੰਗਤ ਕਰਕੇ ਸਥਾਨਕ ਦੁਕਾਨਦਾਰਾਂ, ਇਲਾਕੇ ਦੇ ਲੋਕਾਂ ਤੇ ਆਮ ਰਾਹਗੀਰਾਂ ਨੂੰ ਵੀ ਇਸ ਟਰੈਫਿਕ ਦੀ ਸਮੱਸਿਆ ਕਰਕੇ ਘੰਟਿਆਂ ਬੱਧੀ ਟਰੈਫਿਕ ਦੀ ਸਮੱਸਿਆ ਕਰਕੇ ਉਲਝਣਾ ਪੈਂਦਾ ਹੈ। ਬੀਤੇ ਦਿਨ ਵੀ ਕਿਸ਼ਨਗੜ੍ਹ ਚੌਂਕ 'ਚ ਭਾਰੀ ਜਾਮ ਲੱਗਾ ਰਿਹਾ। ਲੋਕਲ ਰੂਟ ਵਾਲਿਆਂ ਬੱਸਾਂ ਦੇ ਕੰਡਕਟਰ ਆਪਣੀਆਂ ਬੱਸਾਂ ਤੋਂ ਉਤਰ ਕੇ ਟਰੈਫਿਕ ਵਿਵਸਥਾ ਕਾਬੂ ਕਰਨ ਦੀ ਜਦੋ ਜਹਿਦ ਵਿੱਚ ਦਿਖਾਈ ਦਿੱਤੇ ਗਏ। ਇਸ ਸਬੰਧੀ ਜਦੋ ਸੜਕ ਸੁਰੱਖਿਆ ਪੁਲਸ ਦੀ ਟੀਮ ਨੂੰ ਕੰਟਰੋਲ ਰੂਮ ਤੋਂ ਫੋਨ ਆਇਆ ਤਾਂ ਟੀਮ ਇੰਚਾਰਜ ਏ ਐੱਸ ਆਈ ਰਣਧੀਰ ਸਿੰਘ ਨੇ ਆਪਣੇ ਮੁਲਾਜ਼ਮ ਸਾਥੀਆਂ ਨਾਲ ਮਿਲ ਕਿ ਕਿਸ਼ਨਗੜ੍ਹ ਚੌਂਕ 'ਚ ਅਸਥਾਈ ਤੌਰ ਤੇ ਬੈਰੀਕੇਟ ਲਗਾ ਕੇ ਤੇ ਰੱਸੀ ਬੰਨ ਕੇ ਦੋਨੇ ਪਾਸੇ ਹਾਈਵੇ ਦੀ ਟਰੈਫਿਕ ਅਵਸਥਾ ਨੂੰ ਸੰਚਾਰੂ ਢੰਗ ਨਾਲ ਚਾਲੂ ਕਰਵਾਇਆ।



# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਅੱਜ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਇਤਿਹਾਸਿਕ ਪਿੰਡ ਭੁੰਗਰਨੀ ਵਿਖੇ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਦੀ ਪਵਿੱਤਰ ਚਰਨ ਛੋਹ ਪ੍ਰਾਪਤ ਧਰਤੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ 5 ਨਵੰਬਰ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਜੀ ਦੇ ਪ੍ਰਧਾਨ ਜਥੇਦਾਰ ਗੁਰਜੀਤ ਸਿੰਘ ਮਸੂਤਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ 4 ਨਵੰਬਰ ਨੂੰ ਸਵੇਰੇ 10 ਵਜੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਮੌਕੇ 5 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕਾਂ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

# ਰਵਾਇਤੀ ਪਾਰਟੀਆਂ ਦੇ ਕੱਟੜ ਆਗੂਆਂ ਤੇ ਵਰਕਰਾਂ ਨੇ ਵੱਖ-ਵੱਖ ਥਾਈਂ ਕੀਤੀ 'ਆਪ' 'ਚ ਸ਼ਮੂਲੀਅਤ

**ਤਰਨਤਾਰਨ, (ਪ੍ਰਿਤਪਾਲ ਸਿੰਘ)**

ਤਰਨਤਾਰਨ ਜ਼ਿਮਨੀ ਚੋਣ ਤੋਂ ਪਹਿਲਾਂ ਆਮ ਆਦਮੀ ਪਾਰਟੀ (ਆਪ) ਨੂੰ ਉਸ ਸਮੇਂ ਵੱਡਾ ਹੁਲਾਰਾ ਮਿਲਿਆ ਜਦੋਂ ਪਿੰਡ ਖੇੜ ਡਿੰਡੇ ਦੇ ਦਰਜਨਾਂ ਅਕਾਲੀ ਪਰਿਵਾਰ ਪਾਰਟੀ ਵਿੱਚ ਸ਼ਾਮਲ ਹੋ ਗਏ।ਸ਼ਾਮਲ ਹੋਣ ਵਾਲਿਆਂ ਦਾ ਹਰਚੰਦ ਸਿੰਘ ਬਰਸਟ ਨੇ ਨਿੱਘਾ ਸਵਾਗਤ ਕੀਤਾ।ਆਪ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਅੰਮ੍ਰਿਤ ਸਿੰਘ ਸਰਪੰਚ ਦੇ ਭਰਾ ਅਤੇ ਸੁਖਬੀਰ ਸਿੰਘ ਦੇ ਪੁੱਤਰ, ਜਸਵਿੰਦਰ ਸਿੰਘ ਜੱਸੀ ਸਾਬਾ, ਕਰਮ ਸਿੰਘ, ਲਵਪ੍ਰੀਤ ਸਿੰਘ, ਕੁਲਦੀਪ ਸਿੰਘ, ਰਜਿੰਦਰ ਸਿੰਘ, ਜਸ਼ਨਦੀਪ ਸਿੰਘ, ਨਰਿੰਦਰ ਸਿੰਘ,ਅੰਗਰੇਜ਼ ਸਿੰਘ ਅਤੇ ਬਿੱਟੂ ਸ਼ਾਮਲ ਸਨ।

ਇਸੇ ਤਰ੍ਹਾਂ ਤਰਨਤਾਰਨ ਦੇ ਮੁੱਖ ਚੋਣ ਦਫ਼ਤਰ ਵਿਖੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ, ਚੇਅਰਮੈਨ ਡਾ. ਐੱਸ. ਐੱਸ. ਆਹਲੂਵਾਲੀਆ ਅਤੇ ਯੂਥ ਵਿੰਗ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਨੇ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਪਾਰਟੀ ਵਿੱਚ ਰਸਮੀ ਤੌਰ 'ਤੇ ਸ਼ਾਮਲ ਕਰਵਾਇਆ।ਸ਼ੈਰੀ ਕਲਸੀ ਨੇ ਨੌਜਵਾਨ ਆਗੂ ਸ਼ਹਿਬਾਜ਼ ਸਿੰਘ ਅਤੇ ਉਨ੍ਹਾਂ ਦੀ ਪੂਰੀ ਟੀਮ ਨੂੰ ਪਾਰਟੀ 'ਚ ਜੀ ਆਇਆਂ ਕਿਹਾ। ਸ਼ਾਮਲ ਹੋਣ ਵਾਲਿਆਂ ਵਿੱਚ ਮੁੱਖ ਤੌਰ 'ਤੇ ਤਜਿੰਦਰਪਾਲ ਸਿੰਘ ਮੱਲੀ, ਜੁਗਰਾਜ ਸਿੰਘ, ਜਸਕਰਨ ਸਿੰਘ, ਹਰਰੂਪ ਸਿੰਘ, ਗੁਰਪ੍ਰੀਤ ਸਿੰਘ, ਨਿਸ਼ਾਨ ਸਿੰਘ, ਬਾਜ ਸਿੰਘ, ਜੋਬਨ ਸਿੰਘ, ਸਿਮਰਤਪਾਲ ਸਿੰਘ, ਜਸ਼ਨ, ਰੋਬਨ ਅਤੇ ਕਿਰਪਨ ਵੀ ਸ਼ਾਮਲ ਸਨ।

ਪਿੰਡ ਸਵਰਗਾਪੁਰੀ ਦੇ ਮੌਜੂਦਾ ਸਰਪੰਚ ਸਤਿੰਦਰ ਸਿੰਘ ਹੈਪੀ ਦੇ ਕਈ ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਆਪ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਪਾਰਟੀ ਦੇ ਪਰਿਵਾਰ ਵਿੱਚ ਸ਼ਾਮਲ ਹੋਣ ਤੇ ਸਾਰੇ ਪਰਿਵਾਰਾਂ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਪਰਿਵਾਰਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਇਸ ਨਾਲ ਪਾਰਟੀ ਦੀ ਜਿੱਤ ਯਕੀਨੀ ਹੋਈ ਹੈ।

ਸਥਾਨਕ ਸਟਾਰ ਹੋਟਲ ਵਿਖੇ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਨਛੱਤਰ ਸਿੰਘ, ਸਤਨਾਮ ਸਿੰਘ, ਜੁਗਰਾਜ ਸਿੰਘ, ਪਲਵਿੰਦਰ ਸਿੰਘ, ਜੋਗਿੰਦਰ ਸਿੰਘ, ਕਾਲਾ ਮਸੀਹ, ਜੂਨਸ ਮਸੀਹ, ਤਰਸੇਮ ਮਸੀਹ, ਕੋਟ ਧਰਮਚੰਦ ਤੋਂ ਰਣਧੀਰ ਸਿੰਘ, ਰਾਜਦੀਪ ਸਿੰਘ ਤੇ ਬਾਬਾ ਗੁਰਦੇਵ ਸਿੰਘ, ਬਲਵਿੰਦਰ ਸਿੰਘ ਚੁਬਾਲ, ਬਾਬਾ ਗੁਰਦੇਵ ਸਿੰਘ ਚੁਬਾਲ, ਠੇਕੇਦਾਰ ਕਸ਼ਮੀਰ ਸਿੰਘ ਤਰਨਤਾਰਨ, ਬਾਬਾ ਪਿਆਰਾ ਸਿੰਘ, ਗੁੱਜੀ ਸਿੰਘ, ਜਥੇਦਾਰ ਕਾਬਿਲ ਸਿੰਘ ਅਤੇ ਬਾਬਾ ਕਸ਼ਮੀਰਾ ਸਿੰਘ ਸਮੇਤ ਹੋਰ ਕਈ ਦਰਜਨਾਂ ਸੰਗਤਾਂ ਨੇ ਆਪ 'ਚ ਸ਼ਮੂਲੀਅਤ ਕੀਤੀ। ਸ਼ਾਮਲ ਹੋਏ ਪਰਿਵਾਰਾਂ ਨੂੰ ਜੀ ਆਇਆਂ ਕਹਿਣ ਲਈ ਵਿਸ਼ੇਸ਼ ਤੌਰ ਤੇ ਮੈਂਬਰ ਪਾਰਲੀਮੈਂਟ ਰਾਜ ਕੁਮਾਰ ਚੱਬੇਵਾਲ, ਸਨ ਸਟਾਰ ਹੋਟਲ ਦੇ ਮਾਲਕ ਹਰਜਿੰਦਰ ਸਿੰਘ ਢਿੱਲੋਂ, ਵਿਧਾਇਕ ਕੁਲਦੀਪ ਸਿੰਘ ਧਾਲੀਵਾਲ, ਚੇਅਰਮੈਨ ਜਗਰੂਪ ਸਿੰਘ ਸੇਖਵਾਂ ਅਤੇ ਜਸਬੀਰ ਸਿੰਘ ਢਿੱਲੋਂ (ਸੁਰ ਸਿੰਘ) ਨੇ ਸ਼ਿਰਕਤ ਕੀਤੀ।



# ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਹੜ੍ਹ ਪੀੜਤ ਕਿਸਾਨਾਂ ਨੂੰ ਬੀਜ ਭੇਟ



**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**

ਅਨੰਦਪੁਰ ਸਾਹਿਬ ਤੋਂ ਕਿਸਾਨ ਆਗੂ ਮਾਸਟਰ ਬਲਬੀਰ ਸਿੰਘ ਦੀ ਅਗਵਾਈ ਚੋ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਵਿਸ਼ੇਸ਼ ਟੀਮ ਨੇ ਇਥੇ ਡਿਆਲ ਭੱਟੀ ਕਿਸਾਨ ਸਭਾ ਦੇ ਕੈਂਪ ਵਿਚ ਉਨ੍ਹਾਂ ਹੜ੍ਹ ਪੀੜਤ ਕਾਸ਼ਤਕਾਰਾਂ ਲਈ ਵੱਡੀ ਰਕਮ ਭੇਂਟ ਕਰਦਿਆਂ ਕਿਹਾ ਕਿ ਇਸ ਰਾਸ਼ੀ ਦਾ ਪੀ. ਏ. ਯੂ. ਲੁਧਿਆਣਾ ਯੂਨੀਵਰਸਿਟੀ ਦਾ ਮਨਜੂਰ ਸੂਦਾ ਦਾ ਬੀਜ ਖਰੀਦ ਕੇ ਉਨ੍ਹਾਂ ਕਾਸ਼ਤਕਾਰਾਂ ਵਿੱਚ ਵੰਡਿਆ ਜਾਵੇ ਜਿਨ੍ਹਾਂ ਨੂੰ ਪੰਜਾਬ ਸਰਕਾਰ- ਖੇਤੀਬਾੜੀ ਵਿਭਾਗ ਵੱਲੋਂ ਇਸ ਕਰਕੇ ਨਹੀਂ ਦਿੱਤਾ ਜਾਣਾ ਕਿਉਂਕਿ ਉਨ੍ਹਾਂ ਦੀ ਪਟਵਾਰੀ ਦੇ ਰਿਕਾਰਡ ਤੇ ਜ਼ਮੀਨ ਨਹੀਂ ਬੋਲਦੀ। ਇਸ ਟੀਮ ਦਾ ਜ਼ੋਰ-ਸ਼ੋਰ ਨਾਲ ਸਵਾਗਤ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਯਕੀਨ ਦਿਵਾਇਆ ਕਿ ਇਸ ਰਕਮ ਦਾ ਬੀਜ ਲੈ ਕੇ ਅਤਿ ਹੜ੍ਹ ਪੀੜਤ ਕਾਸ਼ਤਕਾਰਾਂ ਜਿਨਾਂ ਦਾ ਪਟਵਾਰੀ ਦੇ ਰਿਕਾਰਡ ਵਿੱਚ ਨਾਂਮ ਨਹੀਂ ਬੋਲਦਾ ਉਨ੍ਹਾਂ ਨੂੰ ਹੀ ਬੀਜ ਦਿੱਤਾ ਜਾਵੇਗਾ! ਟੀਮ ਦੇ ਮੈਂਬਰ ਸਮਾਜ ਸੇਵਕ ਕਿਸਾਨ ਆਗੂ ਧਰਮਪਾਲ ਸੈਣੀ, ਲੰਬੜਦਾਰ ਪਰਮਿੰਦਰ ਸਿੰਘ ਤੇ ਸੈਕਟਰੀ ਹਜ਼ਾਰਾ ਸਿੰਘ ਲਸਾੜੀ ਤੋਂ ਇਲਾਵਾ ਸਰਪੰਚ ਹਰਦਿਆਲ ਸਿੰਘ ਡਿਆਲ ਭੱਟੀ ਤੇ ਸਾਬਕਾ ਸਰਪੰਚ ਅਮਰੀਕ ਸਿੰਘ ਡਿਆਲ ਭੱਟੀ, ਸਮਾਜ ਸੇਵਕ ਬਲਵਿੰਦਰ ਸਿੰਘ, ਪ੍ਰੋ. ਮਾਲਕ ਸਿੰਘ ਗੁਰਾਲਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਜੱਗਾ ਸਿੰਘ ਡੱਲਾ ਤੇ ਸਭਾ ਦੇ ਵਿੱਤ ਸਕੱਤਰ ਗਾਇਕ ਗੁਰਪਾਲ ਗਿੱਲ ਸੈਦਪੁਰ, ਗਿਆਨੀ ਗੁਰਦੇਵ ਸਿੰਘ, ਜਿੰਦਰ ਸਿੰਘ, ਹਰਭਜਨ ਸਿੰਘ ਮਹਿਲਾਂਵਾਲਾ, ਨਿਹੰਗ ਗੁਰਮੇਜ ਸਿੰਘ, ਨਿਰਮਲ ਸਿੰਘ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ!

# ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ ਦਾ ਐਲਾਨ

**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੇ ਜਾਣ 'ਤੇ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ ਦੇ ਸੂਬਾ



ਬਾਡੀ ਦੇ ਫ਼ੈਸਲੇ ਮੁਤਾਬਿਕ ਤਰਨਤਾਰਨ ਵਿਖੇ ਹੋ ਰਹੀ ਜ਼ਿਮਨੀ ਚੋਣ ਤੋਂ ਪਹਿਲਾਂ 7 ਨਵੰਬਰ ਨੂੰ ਪਿੰਡਾਂ ਅਤੇ ਸ਼ਹਿਰਾਂ ਅੰਦਰ ਰੋਸ ਮਾਰਚ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਨਰਿੰਦਰ ਸ਼ਰਮਾ ਸੂਬਾ ਐਡੀਸ਼ਨਲ ਜਨਰਲ ਸਕੱਤਰ ਮਨਿਸਟਰੀਅਲ ਸਟਾਫ਼ ਐਸੋਸੀਏਸ਼ਨ ਪੰਜਾਬ ਨੇ ਦੱਸਿਆ ਕਿ 7 ਨਵੰਬਰ ਨੂੰ ਸਮੂਹ ਕਲੀਨਿਕ ਕਾਮੇ ਸਮੂਹਿਕ ਛੁੱਟੀ 'ਤੇ ਰਹਿਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੰਗਾਂ ਨੂੰ ਲਾਗੂ ਨਾ ਕਰਨ 'ਤੇ ਰਹਿੰਦਾ ਬਕਾਇਆ ਨਹੀਂ ਦੇ ਰਹੀ ਹੈ ਜਿਸ ਨਾਲ ਮੁਲਾਜ਼ਮਾਂ ਨਾਲ ਪੰਜਾਬ ਸਰਕਾਰ ਧੋਖਾ ਕਰ ਰਹੀ ਹੈ ਜਿਸ ਕਰਕੇ ਮੁਲਾਜ਼ਮਾਂ ਦਾ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਰੈਲੀ ਵਿਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਵੱਡੀ ਗਿਣਤੀ ਵਿਚ ਸ਼ਾਮਿਲ ਹੋ ਕੇ ਸਰਕਾਰ ਦਾ ਪਿੱਟ ਸਿਆਪਾ ਕਰਨਗੇ।

# ਨਗਰ ਕੀਰਤਨ ਦੌਰਾਨ ਐਡਵੋਕੇਟ ਨਿਮਰਤਾ ਸਨਮਾਨਤ



**ਜਲੰਧਰ (ਰਾਜੇਸ਼ ਥਾਪਾ)**-ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਗੁਰਪੁਰਬ ਦੀ ਖੁਸ਼ੀ ਵਿੱਚ ਜਲੰਧਰ ਸ਼ਹਿਰ ਦੀਆਂ ਸਮੂਹ ਸਿੰਘ ਸਭਾਵਾਂ ਵਲੋਂ ਸਜਾਏ ਗਏ ਵਿਸ਼ਾਲ ਨਗਰ ਕੀਰਤਨ ਦੌਰਾਨ ਬੀਤੀ ਰਾਤ ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਦੀਆਂ ਆ ਰਹੀਆਂ ਸੰਭਾਵੀ ਚੋਣਾਂ ਵਿੱਚ ਕਿਸਮਤ ਅਜਮਾਈ ਕਰ ਰਹੀ ਜ਼ਿਲਾ ਬਾਰ ਐਸੋਸੀਏਸ਼ਨ ਦੀ ਸਰਗਰਮ ਮੈਂਬਰ ਐਡਵੋਕੇਟ ਨਿਮਰਤਾ ਗਿੱਲ ਗੁਰੂ ਚਰਨਾਂ ਵਿੱਚ ਨਤਮਸਤਕ ਹੋਈ। ਉਨ੍ਹਾਂ ਨੇ ਇਸ ਮੌਕੇ ਸਮੁੱਚੇ ਸਿੱਖ ਜਗਤ ਨੂੰ ਇਸ ਪਵਿੱਤਰ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਦੇ ਨਾਲ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਐਡਵੋਕੇਟ ਕਰਮਪਾਲ ਸਿੰਘ ਗਿੱਲ ਅਤੇ ਸਾਬਕਾ ਕਾਰਜਕਾਰਣੀ ਮੈਂਬਰ ਐਡਵੋਕੇਟ ਗੁਰਵਿੰਦਰ ਸਿੰਘ ਪਰੂਥੀ ਵੀ ਹਾਜ਼ਰ ਸਨ। ਪ੍ਰਬੰਧਕ ਕਮੇਟੀ ਵੱਲੋਂ ਗੁਰਮੀਤ ਸਿੰਘ ਬਿੱਟੂ ਜਨਰਲ ਸਕੱਤਰ ਗੁਰਦਵਾਰਾ ਦੀਵਾਨ ਅਸਥਾਨ ਸੈਂਟਰਲ ਟਾਊਨ ਨੇ ਸ਼ੁਭ ਇਛਾਵਾਂ ਦੇ ਰੂਪ ਵਿੱਚ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਤੋਂ ਮਿਸ ਗਿੱਲ ਨੂੰ ਇੰਟਰਨੈਸ਼ਨਲ ਸਿੱਖ ਕੌਂਸਲ ਵਲੋਂ ਨਗਰ ਕੀਰਤਨ ਦੇ ਸਵਾਗਤ ਲਈ ਲਗਾਏ ਗਏ ਸਵਾਗਤੀ ਪੰਡਾਲ ਵਿੱਚ ਪੁੱਜਣ ਤੇ ਵੀ ਕੌਂਸਲ ਦੇ ਮੁਖੀ ਮਨਦੀਪ ਸਿੰਘ ਮਿੱਠੂ, ਸੁਰਿੰਦਰ ਪਾਲ ਸਿੰਘ ਗੋਲਡੀ, ਐਡਵੋਕੇਟ ਮਨਪ੍ਰੀਤ ਸਿੰਘ ਗਾਬਾ, ਐਡਵੋਕੇਟ ਸਤਿੰਦਰਪਾਲ ਸਿੰਘ ਛਾਬੜਾ ਅਤੇ ਹੋਰਾਂ ਨੇ ਸਿਰਪਾਉ ਦੇ ਕੇ ਸਨਮਾਨਤ ਕੀਤਾ।

# ਸੀ ਪੀ ਆਈ ਬਲਾਕ ਮਜੀਠਾ ਦੀਆਂ ਇਕਾਈਆਂ ਦੇ ਅਹੁਦੇਦਾਰਾਂ ਦੀ ਚੋਣ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਸੀਪੀਆਈ ਬਲਾਕ ਮਜੀਠਾ ਵੱਲੋਂ ਬ੍ਰਾਂਚਾਂ ਦੀਆਂ ਚੋਣਾਂ ਤਹਿਸ਼ੁਦਾ ਪ੍ਰੋਗਰਾਮ ਤਹਿਤ ਕਰਵਾਈਆਂ ਜਾ ਰਹੀਆਂ ਹਨ। ਬੀਤੇ ਦਿਨ ਪਿੰਡ ਲਹਿਰਕਾ ਵਿਖੇ ਕਾ: ਜਗਦੀਸ਼ ਦੀ ਪ੍ਰਧਾਨਗੀ ਹੇਠ ਚੋਣ ਕੀਤੀ ਗਈ।ਸਰਬਸੰਮਤੀ ਨਾਲ ਹਰਵਿੰਦਰ ਸਿੰਘ ਹੀਰਾ ਨੂੰ ਬ੍ਰਾਂਚ ਸੈਕਟਰੀ ਚੁਣ ਲਿਆ ਗਿਆ।ਚੋਣ ਪ੍ਰਕਿਰਿਆ ਬਲਾਕ ਸੈਕਟਰੀ ਬਲਕਾਰ ਸਿੰਘ ਦੁਧਾਲਾ ਅਤੇ ਜਿਲਾ ਕੌਂਸਲ ਮੈਂਬਰ ਸੁਖਵਿੰਦਰ ਸਿੰਘ ਚਵਿੰਡਾ ਦੇਵੀ ਦੀ ਨਿਗਰਾਨੀ ਅਧੀਨ ਨੇਪਰੇ ਚਾੜ੍ਹੀ ਗਈ।ਇਸ ਮੌਕੇ ਬਲਾਕ ਸੈਕਟਰੀ ਕਾ: ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਦੇਸ ਦੇ ਨਾਲ ਨਾਲ ਪੰਜਾਬ ਦੇ ਹਾਲਾਤ ਵੀ ਕੋਈ ਬਹੁਤ ਵਧੀਆ ਨਹੀਂ ਹਨ।ਬੇਰੁਜ਼ਗਾਰੀ ਇਸ ਵਕਤ ਦੁਨੀਆ ਭਰ ਵਿੱਚ ਸਿਖਰਾਂ ਤੇ ਹੋਣ ਕਰਕੇ ਨੌਜਵਾਨ ਦੇਸ ਵਿਦੇਸ਼ ਵਿੱਚ ਵੀ ਧੱਕੇ ਖਾਣ ਵਾਸਤੇ ਮਜਬੂਰ ਹਨ।ਬੇਰੁਜ਼ਗਾਰੀ ਨੂੰ ਦੂਰ ਕਰਨ ਵਾਸਤੇ ਪਾਰਟੀ ਨੌਜਵਾਨਾਂ ਨੂੰ ਯੋਜਨਾਬੱਧ ਤਰੀਕੇ ਨਾਲ ਲਾਮਬੰਦ ਕਰਕੇ ਇੱਕ ਦੇਸ ਵਿਆਪੀ ਅੰਦੋਲਨ ਸੁਰੂ ਕਰੇਗੀ, ਜਿਸ ਵਿੱਚ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਸਮੂਲੀਅਤ ਕਰਨ ਦੀ ਲੋੜ ਹੈ।ਉਨਾਂ ਕਿਹਾ ਕਿ 12 ਨਵੰਬਰ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂ ਕਾਮਰੇਡ ਸੋਹਣ ਸਿੰਘ ਜੋਸ਼ ਜੀ ਦਾ ਜਨਮ ਦਿਨ ਉਨ੍ਹਾਂ ਦੇ ਜੱਦੀ ਪਿੰਡ ਚੇਤਨਪੁਰਾ ਵਿਖੇ ਮਨਾਇਆ ਜਾਣਾ ਹੈ, ਜਿਸ ਵਿੱਚ ਸਾਥੀਆਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਾ ਚਾਹੀਦਾ ਹੈ।ਇਸ ਮੌਕੇ ਤਰਲੋਕ ਸਿੰਘ ਹੀਰਾ ਨੇ ਵੀ ਆਪਣੇ ਵਿਚਾਰ ਰੱਖੇ।ਸਾਥੀ ਹਰਵਿੰਦਰ ਸਿੰਘ ਹੀਰਾ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਕਮਿਊਨਿਸਟ ਪਾਰਟੀ ਦੀ ਜ਼ਿੰਮੇਵਾਰੀ ਨਿਭਾਉਣੀ ਬਿਨਾਂ ਸ਼ੱਕ ਬਹੁਤ ਔਖਾ ਕਾਰਜ ਹੈ ਪਰ ਕੋਸ਼ਿਸ਼ ਕਰਾਂਗਾ ਕਿ ਪਾਰਟੀ ਦੇ ਅਸੂਲਾਂ ਤੇ ਪੂਰਾ ਉਤਰ ਸਕਾਂ।ਇਸ ਮੌਕੇ ਉਨ੍ਹਾਂ ਬ੍ਰਾਂਚ ਦੇ ਸਾਥੀਆਂ ਅਤੇ ਪਿੰਡ ਵਾਸੀਆਂ ਵਲੋਂ ਚੰਗੇ ਕੰਮਾਂ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ।ਇਸ ਸਮੇਂ ਬਾਅਦ ਕਾਮਰੇਡ ਬਲਕਾਰ ਸਿੰਘ ਦੁਧਾਲਾ ਤੇ ਸੁਖਵਿੰਦਰ ਸਿੰਘ ਚਵਿੰਡਾ ਦੇਵੀ ਨੇ ਬੱਠੂਚੱਕ ਅਤੇ ਫੱਤੂਭੀਲਾ ਇਕਾਈਆਂ ਦੀਆਂ ਚੋਣਾਂ ਵੀ ਕਰਵਾਈਆਂ ਅਤੇ ਸੈਕਟਰੀ ਦੀ ਚੋਣ ਵੀ ਕੀਤੀ ਗਈ।



# ਸ਼ੈਰੀ ਕਲਸੀ ਨੇ ਬਟਾਲਾ-ਕਾਦੀਆਂ ਰੋਡ ਤੋਂ ਧਾਰੀਵਾਲ ਥਿੰਦ ਸੜਕ ਦੀ ਰਿਪੇਅਰ ਦਾ ਰੱਖਿਆ ਨੀਂਹ ਪੱਥਰ



**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਹਲਕੇ ਅੰਦਰ ਜਿਥੇ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ, ਉਥੇ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ।ਇਹ ਪ੍ਰਗਟਾਵਾ ਅੰਮ੍ਰਿਤ ਕਲਸੀ ਭਰਾ ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ-ਕਾਦੀਆਂ ਰੋਡ ਤੋਂ ਧਾਰੀਵਾਲ ਥਿੰਦ ਦੀ ਸ਼ਪੈਸ਼ਲ ਰਿਪੇਅਰ ਦਾ ਨੀਂਹ ਪੱਥਰ ਰੱਖਣ ਉਪਰੰਤ ਕੀਤਾ।ਕਲਸੀ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਹਲਕਾ ਬਟਾਲਾ ਖਾਸ ਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਲੋਕਾਂ ਦੀਆਂ ਮੰਗਾਂ ਤਹਿਤ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਨਿਰੰਤਰ ਜਾਰੀ ਹਨ।ਉਨ੍ਹਾਂ ਦੱਸਿਆ ਕਿ ਮਹਿਜ਼ ਤਿੰਨ-ਸਾਢੇ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਅਤੇ ਚੌਂਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਪੀਣ ਲਈ ਸਾਫ ਸੁਥਰਾ ਪਾਣੀ ਮਿਲੇਗਾ।ਸਕੂਲ ਆਫ ਐਮੀਨੈਂਸ ਬਣਾਇਆ ਗਿਆ ਹੈ ਅਤੇ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ ਰੋਜ਼ਾਨਾ ਆਪਣੇ ਘਰਾਂ ਦੇ ਨੇੜੇ ਹੀ ਆਪਣਾ ਇਲਾਜ ਕਰਵਾਇਆ ਰਹੇ ਹਨ। ਸ਼ਾਨਦਾਰ ਪਾਰਕਾਂ ਦੀ, ਉਸਾਰੀ ਕਰਵਾਈ ਗਈ ਹੈ ਅਤੇ ਵਿਕਾਸ ਕਾਰਜ ਨਿਰੰਤਰ ਜਾਰੀ ਹਨ।

# ਪਰਾਲੀ ਪ੍ਰੋਟੈਕਸ਼ਨ ਫੋਰਸ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਖੇਤ 'ਚ ਲੱਗੀ ਅੱਗ ਬੁਝਾਈ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**

ਸ਼੍ਰੀ ਆਦਿੱਤਿਆ ਉਪਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਹਦਾਇਤਾਂ ਤਹਿਤ ਜਿਲ੍ਹੇ ਅੰਦਰ ਪਰਾਲੀ ਪ੍ਰੋਟੈਕਸ਼ਨ ਫੋਰਸ ਦੀ ਟੀਮਾਂ ਵੱਲੋਂ ਲਗਾਤਾਰ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਮਿਲ ਕੇ ਜਾਗਰੂਕ ਕਰਨ ਦੇ ਨਾਲ ਫੋਰਸ ਟੀਮ ਵੱਲੋਂ ਖੇਤ ਵਿੱਚ ਲੱਗੀ ਅੱਗ ਨੂੰ ਮੌਕੇ 'ਤੇ ਜਾ ਕੇ ਬੁਝਾਇਆ ਜਾ ਰਿਹਾ ਹੈ।ਐੱਸਡੀਐੱਮ ਡੇਰਾ ਬਾਬਾ ਨਾਨਕ ਡਾ. ਸ਼ਰਮਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਅਤੇ ਐੱਸਐੱਸਪੀ ਦੀ ਦਿਸ਼ਾ ਨਿਰਦੇਸ਼ਾਂ ਹੇਠ ਪਰਾਲੀ ਪ੍ਰੋਟੈਕਸ਼ਨ ਫੋਰਸ ਦੀਆਂ ਟੀਮਾਂ ਪੂਰੀ ਮਿਹਨਤ ਨਾਲ ਪਿੰਡਾਂ ਵਿੱਚ ਜਾ ਰਹੀਆਂ ਹਨ ਅਤੇ ਕਿਸਾਨਾਂ, ਪੰਚਾਂ ਸਰਪੰਚਾਂ ਤੇ ਮੋਹਤਬਰਾਂ ਨੂੰ ਮਿਲ ਕੇ ਫਸਲ ਦੀ ਰਹਿੰਦ ਖੂੰਹਦ ਨੂੰ ਨਾ ਸਾੜਨ ਅਤੇ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਪਰਾਲੀ ਪ੍ਰੋਟੈਕਸ਼ਨ ਫੋਰਸ ਦੀ ਟੀਮ ਅਤੇ ਉਨ੍ਹਾਂ ਵਲੋਂ ਖੇਤ ਵਿੱਚ ਲੱਗੀ ਅੱਗ ਨੂੰ ਮੌਕੇ 'ਤੇ ਬੁਝਾਇਆ ਗਿਆ।ਉਨ੍ਹਾਂ ਕਿਹਾ ਕਿ ਫਸਲ ਦੀ ਰਹਿੰਦ ਖੂੰਹਦ ਨੂੰ ਸਾੜਨ ਵਾਲਿਆਂ ਵਿਰੁੱਧ ਨਿਯਮਾਂ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਬੀਡੀਪੀਓ ਅਮਨਦੀਪ ਕੌਰ ਅਤੇ ਪੁਲਸ ਅਧਿਕਾਰੀ ਵੀ ਮੌਜੂਦ ਸਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਲਈ ਲੋੜੀਂਦੀ ਖੇਤੀ ਮਸ਼ੀਨਰੀ ਉਪਲੱਬਧ ਕਰਵਾਈ ਗਈ ਹੈ, ਲੇਕਿਨ ਫਿਰ ਵੀ ਜੇਕਰ ਕਿਸੇ ਕਿਸਾਨ ਵੀਰ ਨੂੰ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਲੋੜ ਹੈ ਤਾਂ ਉਹ ਜ਼ਿਲ੍ਹਾ ਪੱਧਰ ਤੇ ਸਥਾਪਤ ਕੰਟਰੋਲ ਰੂਮ ਦੇ ਫੋਨ ਨੰਬਰ 01874-266376 ਤੇ ਸੰਪਰਕ ਕਰ ਸਕਦਾ ਹੈ।ਉਸ ਕਿਸਾਨ ਨੂੰ ਪਿੰਡਾਂ ਵਿੱਚ ਤਾਇਨਾਤ ਨੋਡਲ/ਕਲੱਸਟਰ ਅਫਸਰਾਂ ਵੱਲੋਂ ਖੇਤੀ ਮਸ਼ੀਨਰੀ ਮੁਹੱਈਆ ਕਰਵਾਈ ਜਾਵੇਗੀ।

# ਪੁਰਾਣਾ ਸ਼ਾਲਾ ਚੌਕ 'ਚ ਨਾ ਤਾਂ ਸਪੀਡ ਬਰੇਕਰ ਅਤੇ ਨਾ ਹੀ ਟਰੈਫ਼ਿਕ ਸਿਗਨਲ; ਨਿੱਤ ਵਾਪਰ ਰਹੇ ਨੇ ਹਾਦਸੇ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ-ਮੁਕੇਰੀਆਂ ਸੜਕਾਂ ਵਿਚਕਾਰ ਪੈਂਦੇ ਕਸਬਾ ਪੁਰਾਣਾ ਸ਼ਾਲਾ ਦੇ ਚੌਕ ਵਿੱਚ ਚਾਰੇ ਪਾਸਿਆਂ ਤੋਂ ਆਉਣ-ਜਾਣ ਵਾਲੇ ਵਾਹਨਾਂ ਨੂੰ ਚੌਕ ਵਿੱਚ ਹੌਲੀ ਹੋ ਕੇ ਲੰਘਣ ਵਾਸਤੇ ਕੋਈ ਵੀ ਸਿਗਨਲ ਆਦਿ ਨਹੀਂ ਹੈ ਅਤੇ ਨਾ ਹੀ ਵਾਹਨਾਂ ਨੂੰ ਹੌਲੀ ਹੋਣ ਲਈ ਕਿਸੇ ਕਿਸਮ ਦਾ ਸਪੀਡ ਬਰੇਕਰ ਇਥੇ ਬਣਿਆ ਹੋਇਆ ਹੈ ਜਿਸ ਕਰਕੇ ਵਾਹਨ ਚਾਲਕਾਂ ਨੂੰ ਬੜੀ ਹੁਸ਼ਿਆਰੀ ਨਾਲ ਇਸ ਚੌਕ ਨੂੰ ਪਾਰ ਕਰਨਾ ਪੈਂਦਾ ਹੈ। ਜਾਣਕਾਰੀ ਅਨੁਸਾਰ ਕਸਬਾ ਪੁਰਾਣਾ ਸ਼ਾਲਾ ਵਿਖੇ ਚੌਕ ਵਿੱਚੋਂ ਚਾਰੇ ਪਾਸੇ ਸੜਕਾਂ ਜਾਂਦੀਆਂ ਹਨ। ਇਕ ਪਾਸੇ ਚੱਕ ਸ਼ਰੀਫ ਜਦ ਕਿ ਇਸ ਦੇ ਉਲਟ ਛੀਨਾ ਬੇਟ, ਪੰਡੋਰੀ ਅਤੇ ਤੀਜੇ ਪਾਸੇ ਗੁਰਦਾਸਪੁਰ ਤੇ ਚੌਥੇ ਪਾਸੇ ਮੁਕੇਰੀਆਂ ਵੱਲ ਨੂੰ ਸੜਕਾਂ ਜਾਂਦੀਆਂ ਹਨ ਪਰ ਹੈਰਾਨੀ ਦੀ ਗੱਲ ਹੈ ਕਿ 50 ਦੇ ਕਰੀਬ ਪਿੰਡਾਂ ਦਾ ਬਿੰਦੂ ਕੇਂਦਰ ਹੋਣ ਦੇ ਬਾਵਜੂਦ ਇਸ ਚੌਕ ਵਿਚ ਲੋਕ ਨਿਰਮਾਣ ਵਿਭਾਗ ਵੱਲੋਂ ਕੋਈ ਸਪੀਡ ਬਰੇਕਰ ਨਹੀਂ ਬਣਾਇਆ ਗਿਆ ਅਤੇ ਨਾ ਹੀ ਕੋਈ ਸਿਗਨਲ ਲਗਾਇਆ ਗਿਆ ਹੈ। ਇਸ ਸਭ ਤੇ ਬਾਵਜੂਦ ਥਾਣਾ ਪੁਰਾਣਾ ਸ਼ਾਲਾ ਵਲੋਂ ਵੀ ਕਦੀ ਪੁਲਸ ਕਰਮਚਾਰੀਆਂ ਨੂੰ ਚੌਕ ਵਿੱਚ ਤੈਨਾਤ ਨਹੀਂ ਕੀਤਾ ਜਾਂਦਾ ਤਾਂ ਜੋ ਉਹ ਦਿਨ ਸਮੇਂ ਟਰੈਫਿਕ ਨੂੰ ਕੰਟਰੋਲ ਕਰ ਸਕਣ। ਇਲਾਕਾ ਵਾਸੀਆਂ ਦੀ ਪੰਜਾਬ ਸਰਕਾਰ ਅਤੇ ਸੰਬੰਧਿਤ ਵਿਭਾਗ ਪਾਸੋਂ ਮੰਗ ਹੈ ਕਿ ਸ਼ਾਲਾ ਚੌਕ ਵਿੱਚ ਟਰੈਫਿਕ ਨੂੰ ਕੰਟਰੋਲ ਕਰਨ ਲਈ ਪ੍ਰਬੰਧ ਕੀਤੇ ਜਾਣ ਤਾਂ ਜੋ ਕੋਈ ਹਾਦਸਾ ਨਾ ਵਾਪਰ ਸਕੇ। ਇਸ ਸਬੰਧੀ ਜਦੋਂ ਐੱਸਐੱਚਓ ਪੁਰਾਣਾ ਸ਼ਾਲਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਚੌਕ ਵਿਚ ਸਪੀਡ ਬਰੇਕਰ ਆਦਿ ਨਹੀਂ ਲਗਾਏ ਜਾ ਸਕਦੇ।



# ਪ੍ਰਧਾਨਗੀ ਦੀ ਚੋਣ ਨੂੰ ਲੈ ਕੇ ਐਡ. ਧਾਮੀ ਤੇ ਪ੍ਰਿੰ. ਮਿੱਠੂ ਸਿੰਘ ਕਾਹਨੇਕੇ ਵਿਚਕਾਰ ਮੁਕਾਬਲਾ

**ਅੰਮ੍ਰਿਤਸਰ ਸਾਹਿਬ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਇੱਕ ਪਾਸੇ ਜਿਥੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਨਾਲ ਸਬੰਧਿਤ 70 ਦੇ ਕਰੀਬ ਸ਼੍ਰੋਮਣੀ ਕਮੇਟੀ ਮੈਂਬਰਾਂ ਨਾਲ ਇੱਕ ਇਕੱਤਰਤਾ ਕਰਨ ਉਪਰੰਤ ਬਾਦਲ ਦਲ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੀ ਪ੍ਰਧਾਨਗੀ ਲਈ ਉਮੀਦਵਾਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਬਣਾਇਆ ਹੈ ਉਥੇ ਹੀ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਾਬਕਾ ਪ੍ਰਿੰਸੀਪਲ ਮਿੱਠੂ ਸਿੰਘ ਕਾਹਨੇਕੇ ਨੂੰ ਉਮੀਦਵਾਰ ਐਲਾਨਿਆ ਗਿਆ ਹੈ।ਦੋਵੇਂ ਪੜ੍ਹੇ-ਲਿਖੇ ਇੱਕ ਐਡਵੋਕੇਟ ਤੇ ਇੱਕ ਪ੍ਰਿੰਸੀਪਲ ਵਿਚਕਾਰ ਮੁਕਾਬਲਾ ਰੌਚਕ ਰੂਪ ਵਿੱਚ ਹੋਵੇਗਾ।ਮਿੱਠੂ ਸਿੰਘ ਕਾਹਨੇਕੇ ਪਹਿਲਾਂ ਵੀ ਅੰਤਰਿੰਗ ਕਮੇਟੀ ਦੇ ਮੈਂਬਰ ਰਹਿ ਚੁੱਕੇ ਹਨ।ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੈਂਬਰਾਂ ਨਾਲ ਇਕੱਤਰਤਾ ਕਰਨ ਉਪਰੰਤ ਇੱਕ ਟਵੀਟ ਕਰਕੇ ਇਹ ਜਾਣਕਾਰੀ ਦਿੱਤੀ ਕਿ ਭਲਕੇ ਹੋਣ ਵਾਲੀ ਚੋਣ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੀ ਚੋਣ ਲਈ ਪਾਰਟੀ ਵੱਲੋਂ ਉਮੀਦਵਾਰ ਹਰਜਿੰਦਰ ਸਿੰਘ ਧਾਮੀ ਹੋਣਗੇ।ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਵੀ ਇੱਕ ਚੈਨਲ ਨਾਲ ਗੱਲਬਾਤ ਕਰਦਿਆ ਜਾਣਕਾਰੀ ਦਿੱਤੀ ਸੀ ਕਿ ਹਰਜਿੰਦਰ ਸਿੰਘ ਧਾਮੀ ਸਰਬਸੰਮਤੀ ਨਾਲ ਪ੍ਰਧਾਨ ਚੁਣੇ ਜਾਣਗੇ ਪਰ ਵਿਰੋਧੀ ਧਿਰ ਦੇ ਉਮੀਦਵਾਰ ਵੱਲੋ ਮਿੱਠੂ ਸਿੰਘ ਕਾਹਨੇਕੇ ਦਾ ਨਾਂਅ ਐਲਾਨਣ ਨਾਲ ਦੋਹਾਂ ਧਿਰਾਂ ਵਿੱਚ ਸਖਤ ਮੁਕਾਬਲਾ ਹੋਣ ਦੀ ਆਸ ਹੈ।

# ਚੰਡੀ ਹੌਸਪਿਟੈਲਿਟੀ ਵੱਲੋਂ ਮੋਹਾਲੀ ਵਿੱਚ ਡਰਾਈਵ ਥਰੂ ਰੈਸਟੋਰੈਂਟ ਦੀ ਸ਼ੁਰੂਆਤ

**ਮੋਹਾਲੀ** : ਚੰਡੀ ਹੌਸਪਿਟੈਲਿਟੀ ਨੇ ਮੋਹਾਲੀ ਦੇ ਏਰੋਸਿਟੀ ਖੇਤਰ ਵਿੱਚ ਆਪਣੇ ਦੋ ਪ੍ਰਮੁੱਖ ਪ੍ਰੋਜੈਕਟ, ਕਰੀ ਐਂਡ ਹਾਪਸ ਬਰੂਅਰੀ ਕੋ. ਅਤੇ ਕਰੀਲੇਨ ਕਿਚਨ ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ।ਅਮਰੀਕਾ 'ਚ ਪਿਛਲੇ ਦੋ ਦਹਾਕਿਆਂ ਤੋਂ ਸਫ਼ਲ ਰੈਸਟੋਰੈਂਟ ਚੇਨ ਚਲਾਉਣ ਵਾਲੇ ਚੰਡੀ ਭਰਾਵਾਂ ਸੋਨੂ, ਸਨੀ ਅਤੇ ਜੋਤੀ ਚੰਡੀ, ਹੁਣ ਭਾਰਤ 'ਚ ਆਪਣੀ ਨਵੀਂ ਪਹਿਚਾਣ ਬਣਾਉਣ ਜਾ ਰਹੇ ਹਨ।ਕਰੀ ਐਂਡ ਹਾਪਸ ਬਰੂਅਰੀ ਕੋ. ਵਿਚ ਪ੍ਰੀਮੀਅਮ ਡਾਈਨਿੰਗ ਤੇ ਕਰਾਫਟ ਬੀਅਰ ਦਾ ਅਨੋਖਾ ਤਜਰਬਾ ਮਿਲੇਗਾ, ਜਦਕਿ ਕਰੀਲੇਨ ਕਿਚਨ ਦੇਸ਼ ਦਾ ਪਹਿਲਾ ਡਰਾਈਵ-ਥਰੂ ਭਾਰਤੀ ਖਾਣੇ ਦਾ ਰੈਸਟੋਰੈਂਟ ਹੋਵੇਗਾ।ਸੋਨੂ ਚੰਡੀ, ਸੀਈਓ., ਚੰਡੀ ਹੌਸਪਿਟੈਲਿਟੀ ਨੇ ਕਿਹਾ ਕਿ ਭਾਰਤ ਵਿੱਚ ਵਿਆਪਾਰਕ ਵਿਸਥਾਰ ਸਾਡਾ ਲੰਬੇ ਸਮੇਂ ਤੋਂ ਸੁਪਨਾ ਰਿਹਾ ਹੈ, ਜਿੱਥੇ ਅਮਰੀਕੀ ਮਹਿਮਾਨਨਿਵਾਜ਼ੀ ਭਾਰਤੀ ਗਰਮਜੋਸ਼ੀ ਨਾਲ ਮਿਲਦੀ ਹੈ।ਉਨ੍ਹਾਂ ਕਿਹਾ ਕਿ ਮੋਹਾਲੀ ਦਾ ਏਰੋਸਿਟੀ ਖੇਤਰ ਆਧੁਨਿਕ ਸੋਚ ਅਤੇ ਗਲੋਬਲ ਮਿਆਰਾਂ ਦਾ ਪ੍ਰਤੀਕ ਹੈ, ਇਸ ਲਈ ਇਥੋਂ ਸ਼ੁਰੂਆਤ ਕਰਨੀ ਸਭ ਤੋਂ ਉਚਿਤ ਮੰਨੀ ਗਈ।

# ਆਰ ਐੱਮ ਪੀ ਆਈ ਵੱਲੋਂ ਕਸਬਾ ਝਬਾਲ 'ਚ ਵਿਸ਼ਾਲ ਰੈਲੀ 7 ਨੂੰ : ਦਰਾਜਕੇ, ਪੰਡੋਰੀ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਆਰਐੱਮਪੀਆਈ ਵੱਲੋਂ 7 ਨਵੰਬਰ ਨੂੰ ਕਸਬਾ ਝਬਾਲ 'ਚ ਵਿਸ਼ਾਲ ਰੈਲੀ ਕੀਤੀ ਜਾਵੇਗੀ ।ਇਹ ਜਾਣਕਾਰੀ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ, ਜ਼ਿਲ੍ਹਾ ਵਿੱਤ ਸਕੱਤਰ ਬਲਦੇਵ ਸਿੰਘ ਪੰਡੋਰੀ, ਨਰਿੰਦਰ ਸਿੰਘ ਰਟੋਲ, ਜਰਨੈਲ ਸਿੰਘ ਰਸੂਲਪੁਰ ਨੇ ਦਿੱਤੀ। ਇਨ੍ਹਾਂ ਆਗੂਆਂ ਨੇ ਰੈਲੀ ਦੀ ਤਿਆਰੀ ਸਬੰਧੀ ਕੈਰੋਵਾਲ, ਮੱਜੂਪੁਰ, ਝਬਾਲ, ਰਸੂਲਪੁਰ, ਗੰਡੀਵਿੰਡ ਆਦਿ ਪਿੰਡਾਂ ਦੀਆਂ ਤਿਆਰੀਆਂ ਸਬੰਧੀ ਰਾਬਤਾ ਕਾਇਮ ਕੀਤਾ ।ਰੈਲੀ ਵਿੱਚ ਵੱਡੀ ਗਿਣਤੀ 'ਚ ਮਜ਼ਦੂਰ, ਕਿਸਾਨ ਅਤੇ ਔਰਤਾਂ ਵੱਡੀ ਗਿਣਤੀ 'ਚ ਪਹੁੰਚਣਗੀਆਂ।ਰੈਲੀ ਵਿੱਚ ਨਸ਼ਿਆਂ ਨੂੰ ਉਤਸ਼ਾਹਤ ਕਰਨ ਖਿਲਾਫ, ਕਿਸਾਨਾਂ, ਮਜ਼ਦੂਰਾਂ ਅਤੇ ਆਮ ਵਰਗ ਦੇ ਕਿੱਤੇ ਨੂੰ ਤਬਾਹ ਕਰਨ ਵਾਲੀਆਂ ਰਾਜ ਕਰਦੀਆਂ ਧਿਰਾਂ, ਫਾਸ਼ੀਵਾਦੀ ਤਾਕਤਾਂ ਵਿਰੁੱਧ ਪੰਜਾਬ ਦੀ ਧਰਤੀ ਤੇ ਫੁੱਟ ਪਾਓ ਤਾਕਤਾਂ ਨੂੰ ਹਰਾਉਣ ਲਈ ਧਰਮ ਨਿਰਪੱਖ ਸੈਕੂਲਰ ਸੋਚ ਰੱਖਣ ਵਾਲੀਆਂ ਧਿਰਾਂ ਨੂੰ ਫਤਵਾ ਦੇਣ ਦੀ ਅਪੀਲ ਕੀਤੀ ਜਾਵੇਗੀ।ਰੈਲੀ ਨੂੰ ਪਾਰਟੀ ਦੇ ਕੌਮੀ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ, ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ ਤੋਂ ਇਲਾਵਾ ਜ਼ਿਲ੍ਹੇ ਦੇ ਆਗੂ ਸੰਬੋਧਨ ਕਰਨਗੇ ।

# ਪੰਡੋਰੀ ਵੜੈਚ ਵਿਖੇ ਬਾਬਾ ਭਾਈ ਸਾਲ੍ਹੋ ਜੀ ਦੇ ਜਨਮ ਦਿਹਾੜੇ ਸੰਬੰਧੀ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ

**ਮਜੀਠਾ (ਸੋਇਮ ਆਨੰਦ)**

ਚੌਥੀ ਪਾਤਸ਼ਾਹੀ ਸ਼੍ਰੀ ਗੁਰੂ ਰਾਮ ਦਾਸ ਜੀ ਦੇ ਅਨਿਨ ਸੇਵਕ ਸਿੱਖੀ ਦੇ ਕੋਤਵਾਲ ਬਾਬਾ ਭਾਈ ਸਾਲ੍ਹੋ ਜੀ ਦਾ ਜਨਮ ਦਿਹਾੜਾ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਮੋਹਨ ਸਿੰਘ ਜੀ ਮੁੱਖ ਸੇਵਾਦਾਰ ਡੇਰਾ ਗੁਰਦੁਆਰਾ ਬਾਬਾ ਭਾਈ ਸਾਲ੍ਹੋ ਜੀ ਦੀ ਅਗਵਾਈ ਹੇਠ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਡੇਰਾ ਬਾਬਾ ਭਾਈ ਸਾਲ੍ਹੋ ਜੀ ਪੰਡੋਰੀ ਵੜੈਚ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ ਜਿਸ ਵਿੱਚ ਇਲਾਕੇ ਦੀਆਂ ਅਤੇ ਦੂਰ ਦੁਰੇਡੇ ਤੋ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਈਆਂ।ਇਸ ਮੌਕੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਖੁੱਲੇ ਪੰਡਾਲ ਵਿੱਚ ਵਿਸ਼ਾਲ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਅਤੇ ਕਥਾਵਾਚਕ ਜਥਿਆ ਵੱਲੋਂ ਸੰਗਤਾਂ ਨੂੰ ਬਾਬਾ ਭਾਈ ਸਾਲ੍ਹੋ ਜੀ ਦੀ ਜੀਵਨੀ ਅਤੇ ਗੁਰਇਤਿਹਾਸ ਤੋਂ ਜਾਣੂ ਕਰਵਾਇਆ।ਇਸ ਧਾਰਮਿਕ ਸਮਾਗਮ ਵਿੱਚ ਪੰਥ ਪ੍ਰਸਿੱਧ ਜਥਿਆਂ ਵਿੱਚ ਕਥਾਵਾਚਕ ਗਿਆਨੀ ਸੁਖਦੇਵ ਸਿੰਘ ਡੱਲਾ, ਗਿਆਨੀ ਸਿਮਰਨਜੀਤ ਸਿੰਘ ਪ੍ਰਵਾਨਾ ਇੰਟਰਨੈਸ਼ਨਲ ਕਵੀਸ਼ਰੀ ਜਥਾ, ਭਾਈ ਨਿਰਮਲ ਸਿੰਘ ਜੇਠੂਵਾਲ ਇੰਟਰਨੈਸ਼ਨਲ ਢਾਡੀ ਜਥਾ, ਕਥਾਵਾਚਕ ਭਾਈ ਸੁਖਪਾਲ ਸਿੰਘ ਸੈਕਟਰੀ, ਭਾਈ ਮੰਗਤ ਸਿੰਘ ਝਾੜ ਸਾਹਿਬ ਵਾਲੇ ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਗੁਰੂ ਕੇ ਅਤੁੱਟ ਲੰਗਰ ਵੀ ਵਰਤਾਏ ਗਏ।ਜਥਿਆਂ ਤੇ ਪਤਵੰਤਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਮੋਹਨ ਸਿੰਘ, ਬਲਦੇਵ ਸਿੰਘ ਚੱਕੀ ਵਾਲੇ, ਬੀਰ ਸਿੰਘ, ਮੇਜਰ ਸਿੰਘ, ਦਰਸ਼ਨ ਸਿੰਘ, ਮੰਗਲ ਸਿੰਘ, ਬਿਕਰਮਜੀਤ ਸਿੰਘ, ਕੁਲਦੀਪ ਸਿੰਘ, ਪ੍ਰਭਜੋਤ ਸਿੰਘ, ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਸਟੇਜ ਸਕੱਤਰ ਦੀ ਭੂਮਿਕਾ ਬਾਬਾ ਸੁਰਨਪਾਲ ਸਿੰਘ ਨੇ ਨਿਭਾਈ।



# ਆੜ੍ਹਤੀਆਂ ਦੇ ਵੱਡੇ ਇਕੱਠ 'ਚ ਕਰਨਬੀਰ ਸਿੰਘ ਬੁਰਜ ਨੂੰ ਜਿਤਾਉਣ ਦੀ ਕੀਤੀ ਅਪੀਲ

**ਝਬਾਲ, (ਹਰਜਿੰਦਰ ਸਿੰਘ ਸੋਨੀ)**

ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਲਈ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿੱਚ ਗੱਲਾਂ ਆੜ੍ਹਤੀਆ ਐਸੋਸੀਏਸ਼ਨ ਮੰਡੀ ਭਗਤਾਂ ਵਾਲਾ ਅੰਮ੍ਰਿਤਸਰ ਦੇ ਪ੍ਰਧਾਨ ਅਮਨਦੀਪ ਸਿੰਘ ਛੀਨਾ ਵੱਲੋਂ ਝਬਾਲ ਵਿਖੇ ਆੜ੍ਹਤੀਆਂ ਦਾ ਵੱਡਾ ਇਕੱਠ ਰੱਖਿਆ ਗਿਆ ਜਿਸ ਵਿੱਚ ਵੱਖ-ਵੱਖ ਮੰਡੀਆਂ ਦੇ ਪ੍ਰਧਾਨ ਅਤੇ ਆੜ੍ਹਤੀ ਵੀਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਮੁੱਖ ਤੌਰ 'ਤੇ ਪੁੱਜੇ ਸਾਬਕਾ ਕੈਬਨਿਟ ਮੰਤਰੀ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ ਹਲਕਾ ਵਿਧਾਇਕ ਰਾਜਾਸਾਂਸੀ, ਸਾਬਕਾ ਐੱਮਐੱਲਏ ਇੰਦਰਬੀਰ ਸਿੰਘ ਬੁਲਾਰੀਆ, ਫੈਡਰੇਸ਼ਨ ਆਫ ਆੜ੍ਹਤੀਆਂ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਵਿਜੈ ਕਾਲੜਾ, ਸਾਬਕਾ ਡਿਪਟੀ ਮੇਅਰ ਰਮਨ ਬਖਸ਼ੀ, ਸਾਬਕਾ ਚੇਅਰਮੈਨ ਦਿਲਰਾਜ ਸਰਕਾਰੀਆ, ਜ਼ਿਲਾ ਤਰਨਤਾਰਨ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਕੁਲਬੀਰ ਸਿੰਘ ਕਸੇਲ, ਕੌਂਸਲਰ ਅਰਪਨ ਔਜਲਾ ਨੇ ਸੰਬੋਧਨ ਕਰਦਿਆਂ ਅਪੀਲ ਕੀਤੀ ਕਿ 2027 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਦਾ ਮੁੱਢ ਬੰਨ੍ਹਣ ਲਈ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਨੂੰ ਭਾਰੀ ਬਹੁਮਤ ਨਾਲ ਜਿਤਾਉਣਾ ਜ਼ਰੂਰੀ ਹੈ।ਉਨਾਂ ਕਿਹਾ ਕਿ ਕਾਂਗਰਸ ਪਾਰਟੀ ਹੀ ਅਜਿਹੀ ਇਕ ਪਾਰਟੀ ਹੈ ਜੋ ਕਿਸਾਨਾਂ, ਵਪਾਰੀਆਂ, ਮਜ਼ਦੂਰਾਂ ਸਮੇਤ ਹਰ ਵਰਗ ਲਈ ਬੇਹਤਰ ਮੌਕੇ ਪ੍ਰਦਾਨ ਕਰਾਉਂਦੀ ਹੈ। ਇਸ ਮੌਕੇ ਪ੍ਰਧਾਨ ਅਮਨਦੀਪ ਸਿੰਘ ਛੀਨਾ, ਜਨਰਲ ਸਕੱਤਰ ਗੁਰਭਿੰਦਰ ਸਿੰਘ ਮੰਮਣਕੇ, ਕੈਸ਼ੀਅਰ ਗੁਰਦੇਵ ਸਿੰਘ ਛੇਹਰਟਾ, ਪ੍ਰਧਾਨ ਗੁਲਜ਼ਾਰ ਸਿੰਘ ਦੋਬਲੀਆ ਮੰਡੀ ਗੱਗੋਬੂਹਾ, ਸਾਬਕਾ ਪ੍ਰਧਾਨ ਤਸਬੀਰ ਸਿੰਘ ਔਲਖ ਠੱਠੀ, ਆੜ੍ਹਤੀ ਤਨਵੀਰ ਇੰਦਰ ਸਿੰਘ ਸੋਨੂੰ ਗੰਡੀਵਿੰਡ, ਸੁਰਜੀਤ ਸਿੰਘ ਸੰਧੂ ਨੌਸ਼ਹਿਰਾ ਢਾਲਾ ਵੱਲੋਂ ਉਪਰੋਕਤ ਕਾਂਗਰਸੀ ਲੀਡਰਸ਼ਿਪ ਨੂੰ ਸਿਰਪਾਉ ਤੇ ਲੋਈ ਦੇ ਕੇ ਸਨਮਾਨਿਤ ਕੀਤਾ ਗਿਆ।



# ਦਿਵਯ ਜਯੋਤੀ ਜਾਗਰਤੀ ਸੰਸਥਾਨ ਵੱਲੋਂ ਆਧਿਆਤਮਿਕ ਪ੍ਰਵਚਨ ਤੇ ਭਜਨ ਕੀਰਤਨ ਸਮਾਗਮ ਸ਼ੁਰੂ



**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਦਿਵਯ ਜਯੋਤੀ ਜਾਗਰਤੀ ਸੰਸਥਾਨ ਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਤਰਨ ਤਾਰਨ ਆਸ਼ਰਮ ਅੰਦਰ ਦੋ ਦਿਨਾ ਦਾ ਆਧਿਆਤਮਿਕ ਪ੍ਰਵਚਨ ਤੇ ਭਜਨ ਕੀਰਤਨ ਸਮਾਗਮ ਆਰੰਭ ਕੀਤਾ ਗਿਆ। ਸਮਾਗਮ ਦੇ ਪਹਿਲੇ ਦਿਨ ਭਾਈ ਸਾਹਿਬ ਭਾਈ ਰਵੀਦੀਪ ਸਿੰਘ ਨੇ ਪ੍ਰਵਚਨ ਕਰਦੇ ਹੋਏ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਇੱਕ ਮਹਾਨ ਯੁੱਗ ਪੁਰਸ਼ ਸਨ, ਜਿਨ੍ਹਾਂ ਨੇ ਮਨੁੱਖਤਾ ਨੂੰ ਮੋਹ ਤੇ ਅਗਿਆਨਤਾ ਦੇ ਹਨੇਰੇ ਤੋਂ ਬਚਾ ਕੇ ਗਿਆਨ ਦੇ ਪ੍ਰਕਾਸ਼ ਵੱਲ ਮੋੜਿਆ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਆਪਣੇ ਉਪਦੇਸ਼ਾਂ ਰਾਹੀਂ ਸੱਜਣ ਠੱਗ, ਕੌਡਾ ਰਾਖਸ਼, ਵਲੀ ਕੰਧਾਰੀ ਵਰਗੇ ਅਨੇਕਾਂ ਪਾਪੀ ਮਨੁੱਖਾਂ ਦੇ ਜੀਵਨ ਬਦਲੇ ਤੇ ਉਨ੍ਹਾਂ ਨੂੰ ਸੱਚੇ ਧਰਮ ਦੇ ਰਾਹ ਤੇ ਲਿਆਂਦਾ ।ਭਾਈ ਰਵੀਦੀਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਆਗਮਨ ਧਰਤੀ ਤੇ ਗਿਆਨ ਦਾ ਪ੍ਰਕਾਸ਼ ਕਰਨ ਲਈ ਹੋਇਆ।ਇਸੇ ਲਈ ਉਹਨਾਂ ਨੇ ਚਾਰ ਉਦਾਸੀਆਂ ਕਰਕੇ ਸਾਰੀ ਦੁਨੀਆਂ ਵਿਚ ਭਗਤੀ ਤੇ ਸੱਚੇ ਜੀਵਨ ਦਾ ਸਨੇਹਾ ਫੈਲਾਇਆ।ਗੁਰੂ ਸਾਹਿਬ ਨੇ ਭਾਈ ਬਾਲਾ ਤੇ ਭਾਈ ਮਰਦਾਨਾ ਸਮੇਤ ਨਗਰ-ਨਗਰ ਗਿਆਨ ਦੀਆਂ ਮਹਿਕਾਂ ਖਿਲਾਰਦਿਆਂ ਲੋਕਾਂ ਨੂੰ ਪਰਮਾਤਮਾ ਦੇ ਨਾਮ ਨਾਲ ਜੋੜਿਆ। ਇਸ ਮੌਕੇ ਹਰਮਿੰਦਰ ਸਿੰਘ ਗਿੱਲ (ਸਾਬਕਾ ਐੱਮਐੱਲਏ ਪੱਟੀ, ਕਾਂਗਰਸ ਪ੍ਰਧਾਨ ਤਰਨ ਤਾਰਨ), ਕਰਨਬੀਰ ਸਿੰਘ ਬੁਰਜ (ਕੈਂਡੀਡੇਟ ਕਾਂਗਰਸ ਪਾਰਟੀ ਤਰਨ ਤਾਰਨ), ਲਖਵਿੰਦਰ ਸਿੰਘ ਢੀਂਗੜਾ, ਸਾਧਵੀ ਪਰਮਜੀਤ ਭਾਰਤੀ ਤੇ ਸਵਾਮੀ ਰਣਜੀਤਾ ਨੰਦ ਨੇ ਹਾਜ਼ਰੀ ਭਰੀ।ਸਮਾਗਮ ਵਿਚ ਆਈ ਸੰਗਤ ਦੇ ਲਈ ਲੰਗਰ ਦਾ ਵਿਸ਼ਾਲ ਪ੍ਰਬੰਧ ਵੀ ਕੀਤਾ ਗਿਆ।

# ਸ੍ਰੀ ਗੁਰੂ ਤੇਗ ਬਹਾਦਰ ਜੀ : ਜੀਵਨ, ਬਾਣੀ ਅਤੇ ਸ਼ਹਾਦਤ ਵਿਸ਼ੇ 'ਤੇ ਅਧਾਰਿਤ ਸੈਮੀਨਾਰ ਆਯੋਜਿਤ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ 1 ਨਵੰਬਰ ਦਿਨ ਸ਼ਨੀਵਾਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸਤਾਬਦੀ ਨੂੰ ਸਮਰਪਿਤ ਅੰਤਰਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਪ੍ਰੋਫੈਸਰ ਬਾਬਾ ਨਿਰਮਲ ਸਿੰਘ ਰੰਧਾਵਾ ਅੰਤਰਰਾਸ਼ਟਰੀ ਗਤਕਾ ਕੋਚ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬੀਬੀ ਜਸਬੀਰ ਕੌਰ ਜਫਰਵਾਲ ਅਤੇ ਜਥੇ. ਗੁਰਿੰਦਰਪਾਲ ਸਿੰਘ ਗੋਰਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਸੈਮੀਨਾਰ ਦਾ ਵਿਸ਼ਾ ਸ੍ਰੀ ਗੁਰੂ ਤੇਗ ਬਹਾਦਰ ਜੀ : ਜੀਵਨ, ਬਾਣੀ ਅਤੇ ਸ਼ਹਾਦਤ ਵਿਸ਼ੇ ਨਾਲ ਸਬੰਧਿਤ ਸੀ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਆਪਣੇ ਸਵਾਗਤੀ ਭਾਸ਼ਣ ਰਾਹੀਂ ਆਏ ਹੋਏ ਮਹਿਮਾਨ ਵਿਦਵਾਨਾਂ ਦਾ ਸਵਾਗਤ ਕੀਤਾ। ਡਾ.ਨਰੇਸ਼ ਐਸੋਸੀਏਟ ਪ੍ਰੋਫੈਸਰ ਤੇ ਮੁੱਖੀ ਪੰਜਾਬੀ ਤੇ ਡੋਗਰੀ ਵਿਭਾਗ ਕੇਂਦਰੀ ਯੂਨੀਵਰਸਿਟੀ ਹਿਮਾਚਲ ਪ੍ਰਦੇਸ਼ ਨੇ ਕੁੰਜੀਵਤ ਭਾਸ਼ਣ ਨਾਲ ਸੈਮੀਨਾਰ ਦਾ ਆਗਾਜ਼ ਕੀਤਾ। ਇਸ ਉਪਰੰਤ ਮੁੱਖ ਮਹਿਮਾਨ ਪ੍ਰੋ. ਬਾਬਾ ਨਿਰਮਲ ਸਿੰਘ ਰੰਧਾਵਾ ਨੇ ਗੁਰੂ ਸਾਹਿਬ ਦੇ ਜੀਵਨ ਅਤੇ ਸ਼ਹਾਦਤ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਹਰਜਿੰਦਰ ਕੌਰ ਸੋਹਲ, ਪੰਜਾਬੀ ਅਧਿਐਨ ਸਕੂਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਉਚੇਚੇ ਤੌਰ ਤੇ ਗੁਰੂ ਸਾਹਿਬ ਦੇ ਜੀਵਨ ਦਰਸ਼ਨ 'ਤੇ ਚਾਨਣਾ ਪਾਇਆ। ਸ਼੍ਰੋਮਣੀ ਕਮੇਟੀ ਜਥੇ.ਗੁਰਿੰਦਰਪਾਲ ਸਿੰਘ ਗੋਰਾ ਨੇ ਸਤਾਬਦੀ ਸਮਾਰੋਹ ਸਬੰਧੀ ਉਲੀਕੇ ਗਏ ਪ੍ਰੋਗਰਾਮਾਂ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ ਅਦੁੱਤੀ ਸ਼ਹਾਦਤ ਦੇ ਸੰਦਰਭ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਗੁਰਵੰਤ ਸਿੰਘ ਮੁਖੀ ਪੰਜਾਬੀ ਵਿਭਾਗ ਐੱਸ. ਐੱਲ. ਬਾਵਾ ਡੀ. ਏ. ਵੀ. ਕਾਲਜ ਬਟਾਲਾ, ਡਾ. ਗੁਰਬੀਰ ਸਿੰਘ ਬਰਾੜ ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਕਾਲਜ ਬਟਾਲਾ, ਡਾ.ਗੁਰਜੰਟ ਸਿੰਘ ਮੁਖੀ ਪੰਜਾਬੀ ਵਿਭਾਗ ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ, ਪ੍ਰੋ. ਕੰਵਲਜੀਤ ਕੌਰ ਮੁਖੀ ਹਿੰਦੀ ਵਿਭਾਗ ਐੱਸ. ਐੱਸ. ਐੱਮ. ਕਾਲਜ ਦੀਨਾਨਗਰ, ਪ੍ਰੋ. ਅਕਾਸ਼ਬੀਰ ਸਿੰਘ ਸਹਾਇਕ ਪ੍ਰੋਫ਼ੈਸਰ ਸੰਤ ਸਿੰਘ ਸੁੱਖਾ ਸਿੰਘ ਕਾਲਜ ਆਫ ਕਮਰਸ ਅਤੇ ਅਲਾਈਡ ਸਟੱਡੀਜ, ਡਾ. ਸਤਿੰਦਰਜੀਤ ਕੌਰ ਬੁੱਟਰ ਲੈਕਚਰਾਰ ਬਟਾਲਾ ਨੇ ਗੁਰੂ ਸਾਹਿਬ ਦੇ ਜੀਵਨ, ਬਾਣੀ ਅਤੇ ਸ਼ਹਾਦਤ ਆਦਿ ਵਿਸ਼ਿਆਂ ਤੇ ਆਪਣੇ ਖੋਜ ਪੱਤਰ ਪੇਸ਼ ਕੀਤੇ। ਸੈਮੀਨਾਰ ਦੀ ਸਮਾਪਤੀ 'ਤੇ ਡਾ. ਨਿਰਮਲ ਸਿੰਘ ਸਹਾਇਕ ਪ੍ਰੋਫ਼ੈਸਰ ਰਾਜਨੀਤੀ ਸ਼ਾਸਤਰ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਆਪਣੇ ਪ੍ਰਧਾਨਗੀ ਭਾਸ਼ਣ ਰਾਹੀਂ ਸੈਮੀਨਾਰ ਦੇ ਵਿਸ਼ੇ ਦੇ ਸੰਦਰਭ ਵਿੱਚ ਆਪਣੇ ਵਿਚਾਰ ਪੇਸ਼ ਕੀਤੇ। ਕਾਲਜ ਪ੍ਰੋਫ਼ੈਸਰ ਰਮਨਦੀਪ ਕੌਰ ਪੰਜਾਬੀ ਵਿਭਾਗ ਨੇ ਮੰਚ ਸੰਚਾਲਕ ਦੀ ਭੂਮਿਕਾ ਬਾਖ਼ੂਬੀ ਨਿਭਾਈ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਵਿੱਦਿਆ ਸਕੱਤਰ ਇੰਜੀ. ਸੁਖਮਿੰਦਰ ਸਿੰਘ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਜਿੰਨ੍ਹਾ ਦੇ ਦਿਸ਼ਾ ਨਿਰਦੇਸ਼ ਹੇਠ ਇਸ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਉਨ੍ਹਾਂ ਨੇ ਸੈਮੀਨਾਰ ਦੇ ਕੋਆਰਡੀਨੇਟਰ ਡਾ. ਆਤਮਾ ਸਿੰਘ ਨੂੰ ਸੈਮੀਨਾਰ ਦੀ ਸਫਲਤਾਪੂਰਵਕ ਸੰਪੰਨਤਾ 'ਤੇ ਵਧਾਈ ਦਿੱਤੀ। ਇਸ ਮੌਕੇ ਡਾ. ਕੁਲਵਿੰਦਰ ਸਿੰਘ ਪ੍ਰਿੰਸੀਪਲ ਤ੍ਰੈ ਸਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ, ਡਾ. ਰੁਪਿੰਦਰ ਸਿੰਘ ਪ੍ਰਿੰਸੀਪਲ ਸ਼ਹੀਦ ਬਾਬਾ ਜੀਵਨ ਸਿੰਘ ਖਾਲਸਾ ਕਾਲਜ ਸਤਲਾਣੀ ਸਾਹਿਬ, ਡਾ. ਚਰਨਜੀਤ ਸਿੰਘ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਬਟਾਲਾ, ਡਾ. ਹਰਮਨਦੀਪ ਸਿੰਘ ਪ੍ਰਿੰਸੀਪਲ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ, ਡਾ. ਹਿੰਮਤ ਸਿੰਘ ਸਹਾਇਕ ਪ੍ਰੋਫ਼ੈਸਰ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ, ਸ੍ਰ. ਗੁਰਬਿੰਦਰ ਸਿੰਘ ਮੀਤ ਮੈਨੇਜਰ ਗੁਰਦੁਆਰਾ ਬਾਰਠ ਸਾਹਿਬ ਉਚੇਚੇ ਤੌਰ ਤੇ ਹਾਜ਼ਰ ਸਨ। ਸੈਮੀਨਾਰ ਦੀ ਸੰਪੰਨਤਾ 'ਤੇ ਕਾਲਜ ਪਹੁੰਚੇ ਮਹਿਮਾਨ ਵਿਦਵਾਨ ਸਾਹਿਬਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ।




# ਸੀਨੀਅਰ ਡਾਕਟਰ ਦੇ ਡਰਾਈਵਰ 'ਤੇ ਹਮਲਾ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਡਾ. ਜਵੀਨ ਸ਼ਰਮਾ ਪੁੱਤਰ ਚਰਨਜੀਤ ਲਾਲ ਸ਼ਰਮਾ ਵਾਸੀ ਨਗਰ ਗੁਰਦਾਸਪੁਰ ਨੇ ਦੱਸਿਆ ਕਿ ਉਹ ਪੁਰਾਣਾ ਸ਼ਾਲਾ ਆਮ ਆਦਮੀ ਕਲੀਨਿਕ ਵਿਚ ਮੌਜੂਦ ਸੀ ਕਿ ਠੇਕੇ 'ਤੇ ਕਲੀਨਿਕ ਵਿੱਚ ਕੰਮ ਕਰਦੇ ਸੋਨੂੰ ਫਾਰਮਾਸਿਸਟ ਪੁੱਤਰ ਪ੍ਰਤੀਮ ਦਾਸ ਸੁੰਦਰਪੁਰੀਆ ਮੁਹੱਲਾ ਕਲਾਨੌਰ, ਨੀਤੂ ਬਾਲਾ ਪੁੱਤਰੀ ਦਰਸ਼ਨ ਪਾਲ ਵਾਸੀ ਵਰਸੋਲਾ ਉਕਤ ਕਲੀਨਿਕ ਵਿਚ ਤਨਾਇਤ ਹਨ। ਉਕਤ ਦੋਨੋਂ ਬਿਨਾਂ ਵਜ੍ਹਾ ਤੰਗ ਪ੍ਰੇਸ਼ਾਨ ਕਰਦੇ ਸਨ ਕਿ ਰਜਿਸਟਰ ਅਤੇ ਕੰਪਿਊਟਰ ਪੋਰਟਲ ਵਿਚ ਮਰੀਜ਼ਾਂ ਦੀਆਂ ਫੇਕ ਇੰਟਰੀਆਂ ਪਾਉਣ ਲਈ ਦਬਾਅ ਬਣਾਉਂਦੇ ਸਨ। 23 ਅਕਤੂਬਰ ਨੂੰ ਦੁਪਹਿਰ 12 ਵਜੇ ਪੀੜਤ ਮਰੀਜ਼ਾਂ ਨੂੰ ਚੈੱਕ ਕਰ ਰਿਹਾ ਸੀ ਕਿ ਸੋਨੂੰ ਫਾਰਮਾਸਿਸਟ ਨੇ ਡਰਾਈਵਰ ਇਰਫਾਨ ਜੋ ਆਪਣਾ ਮੋਬਾਇਲ ਦੇਖ ਰਿਹਾ ਸੀ। ਮੇਰੇ ਵੱਲੋਂ ਰੋਕਣ ਦੇ ਬਾਵਜੂਦ ਨੀਤੂ ਬਾਲਾ ਨੇ ਮਰੀਜ਼ ਦੇ ਬੈਠਣ ਵਾਲਾ ਲੋਹੇ ਦਾ ਸਟੂਲ ਸੋਨੂੰ ਫਾਰਮਾਸਿਸਟ ਨੂੰ ਦਿੱਤਾ ਜਿਸ ਨੇ ਸਟੂਲ ਮਾਰ ਕੇ ਡਰਾਈਵਰ ਇਰਫਾਨ ਨੂੰ ਜ਼ਖਮੀ ਕਰ ਦਿੱਤਾ। ਪੀੜਤ ਡਰਾਈਵਰ ਨੂੰ ਸਿੰਘੋਵਾਲ ਹਪਤਾਲ ਦਾਖਲ ਕਰਵਾਇਆ ਗਿਆ। ਪੁਲਸ ਨੇ ਦੋਵਾਂ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

4-Nov-PAGE-4.qxd 11/3/2025 10:38 PM Page 1

ਨਵਾਂ ਜ਼ਮਾਨਾ
ਮੰਗਲਵਾਰ, 4 ਨਵੰਬਰ 2025

# ਇਨਕਲਾਬੀ ਜਿੱਤ

ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਐਤਵਾਰ ਇੱਕ ਰੋਜ਼ਾ ਵਿਸ਼ਵ ਕੱਪ ਦੇ ਫਾਈਨਲ ਵਿੱਚ ਦੱਖਣੀ ਅਫਰੀਕਾ ਨੂੰ ਹਰਾ ਕੇ ਜਿਹੜਾ ਕਾਰਨਾਮਾ ਕੀਤਾ, ਉਸ ਨਾਲ ਇਹ ਟੂਰਨਾਮੈਂਟ ਖੇਡਣ ਵਾਲੀਆਂ ਕੁੜੀਆਂ ਦੀ ਹੀ ਨਹੀਂ, ਦੇਸ਼ ਦੀ ਹਰ ਕੁੜੀ ਦੀ ਕਿਸਮਤ ਬਦਲ ਗਈ ਹੈ, ਖਾਸ ਤੌਰ ’ਤੇ ਉਨ੍ਹਾਂ ਬੱਚੀਆਂ ਦੀ, ਜਿਨ੍ਹਾਂ ਖੇਡ ਜਗਤ ਜਾਂ ਫਿਰ ਕ੍ਰਿਕਟ ਨੂੰ ਆਪਣਾ ਭਵਿੱਖ ਬਣਾਉਣ ਦੀ ਠਾਣੀ ਹੈ। ਇਸ ਜਿੱਤ ਦੇ ਬਾਅਦ ਉਸ ਬੱਚੀ ਦੇ ਮਾਤਾ-ਪਿਤਾ ਦੇ ਮਨ ਵਿੱਚੋਂ ਇਹ ਸਵਾਲ ਨਿਕਲ ਜਾਵੇਗਾ ਕਿ ਕੁੜੀ ਹੈ, ਇਹ ਕਿਵੇਂ ਕਰ ਸਕਦੀ ਹੈ? ਉਹ ਹੁਣ ਇਹ ਕਹਿਣ ਲੱਗ ਪੈਣਗੇ ਕਿ ਕਰ ਸਕਦੀ ਹੈ!

ਮਹਿਲਾ ਕ੍ਰਿਕਟ ਟੀਮ ਦੀ ਇਸ ਜਿੱਤ ਨਾਲ ਜਿੱਤਾਂ ਦੀ ਮਹਿਜ਼ ਸ਼ੁਰੂਆਤ ਹੋਈ ਹੈ ਅਤੇ ਕਈ ਹੋਰ ਖਿਤਾਬ ਆਉਣਗੇ ਤੇ ਨਵੀਆਂ ਪ੍ਰਤਿਭਾਵਾਂ ਆਉਣਗੀਆਂ। ਇਸ ਜਿੱਤ ਨਾਲ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਦੁਨੀਆ ਵਿੱਚ ਨਵੀਂ ਪਛਾਣ ਬਣ ਗਈ ਹੈ। ਇਸ ਤੋਂ ਪਹਿਲਾਂ ਕਈ ਅਜਿਹੇ ਲੋਕ ਜ਼ਰੂਰ ਹੋਣਗੇ, ਜਿਹੜੇ ਮਹਿਲਾ ਕ੍ਰਿਕਟਰਾਂ ਨੂੰ ਉਨ੍ਹਾਂ ਦੀ ਖੇਡ ਨਹੀਂ, ਸਗੋਂ ਉਨ੍ਹਾ ਦੀ ਸੁੰਦਰਤਾ, ਉਨ੍ਹਾਂ ਦੇ ਲੁੱਕ, ਵਾਇਰਲ ਰੀਲ੍ਹ ਤੇ ਵਾਇਰਲ ਫੋਟੋ ਨਾਲ ਪਛਾਣਦੇ ਹੋਣਗੇ। ਹੁਣ ਉਨ੍ਹਾਂ ਨੂੰ ਉਨ੍ਹਾਂ ਦੀ ਖੇਡ ਨਾਲ ਜਾਣਿਆ ਜਾਵੇਗਾ। ਹਰ ਬੱਚੇ ਦੀ ਜ਼ੁਬਾਂ ’ਤੇ ਹੁਣ ਹਰਮਨਪ੍ਰੀਤ, ਸਿਮਰਤੀ, ਸ਼ੈਫਾਲੀ, ਦੀਪਤੀ ਤੇ ਅਮਨਜੋਤ ਦੇ ਨਾਂਅ ਠੀਕ ਉਸੇ ਤਰ੍ਹਾਂ ਹੋਣਗੇ, ਜਿਵੇਂ ਉਹ ਰੋਹਿਤ, ਵਿਰਾਟ, ਧੋਨੀ ਤੇ ਸਚਿਨ ਦੇ ਲੈਂਦੇ ਹਨ। ਹੁਣ ਦੇਸ਼ ਦਾ ਹਰ ਕ੍ਰਿਕਟ ਦੀਵਾਨਾ ਸਿਰਫ ਮਰਦ ਕ੍ਰਿਕਟ ਤੱਕ ਹੀ ਨਹੀਂ ਸੀਮਤ ਰਹੇਗਾ, ਸਗੋਂ ਉਸ ਨੂੰ ਭਾਰਤੀ ਮਹਿਲਾ ਕ੍ਰਿਕਟ ਟੀਮ ਦੇ ਮੈਚਾਂ ਦੀ ਵੀ ਉਡੀਕ ਰਹੇਗੀ। ਹੁਣ ਦੇਸ਼ ਦੀ ਕਿਸੇ ਮਹਿਲਾ ਕ੍ਰਿਕਟਰ ਦੀ ਸੁੰਦਰਤਾ ਦੀ ਤਾਰੀਫ ਕਰਨ ਤੋਂ ਪਹਿਲਾਂ ਮਹਾਨ ਬੱਲੇਬਾਜ਼ ਤੇ ਮਹਾਨ ਗੇਂਦਬਾਜ਼ ਕਹਿ ਕੇ ਪੁਕਾਰਿਆ ਜਾਵੇਗਾ। ਇਸ ਇੱਕ ਜਿੱਤ ਨਾਲ ਭਾਰਤ ਵਿੱਚ ਮਹਿਲਾ ਕ੍ਰਿਕਟ ਦੀ ਤਸਵੀਰ ਬਦਲ ਜਾਵੇਗੀ। ਜਿਵੇਂ ਅੱਜ ਇੱਕ ਛੋਟਾ ਬੱਚਾ ਕ੍ਰਿਕਟਰ ਬਣਨਾ ਚਾਹੁੰਦਾ ਹੈ, ਉਸੇ ਤਰ੍ਹਾਂ ਹਰ ਬੱਚੀ ਹੁਣ ਇਹੀ ਸੁਫਨਾ ਲੈ ਕੇ ਵੱਡੀ ਹੋਵੇਗੀ ਕਿ ਉਸ ਨੇ ਸਿਮਰਤੀ ਮੰਧਾਨਾ ਬਣਨਾ ਹੈ, ਹਰਮਨਪ੍ਰੀਤ ਵਰਗੀ ਕਪਤਾਨ ਬਣਨਾ ਹੈ ਜਾਂ ਦੀਪਤੀ ਸ਼ਰਮਾ ਵਰਗੀ ਆਲਰਾਊਂਡਰ ਬਣਨਾ ਹੈ।

ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਉਹ ਕਾਰਨਾਮਾ ਕਰ ਦਿਖਾਇਆ ਹੈ, ਜਿਹੜਾ 42 ਸਾਲ ਪਹਿਲਾਂ ਮਰਦਾਂ ਦੀ ਟੀਮ ਨੇ ਵਿਸ਼ਵ ਕੱਪ ਜਿੱਤ ਕੇ ਕੀਤਾ ਸੀ। ਉਦੋਂ ਵੀ ਕਿਸੇ ਨੇ ਸੋਚਿਆ ਨਹੀਂ ਸੀ ਕਿ ਭਾਰਤ ਚੈਂਪੀਅਨ ਬਣੇਗਾ ਤੇ ਇਸ ਵਾਰ ਵੀ ਮਹਿਲਾ ਟੀਮ ਦੇ ਇਤਿਹਾਸ ਰਚਣ ਬਾਰੇ ਕੋਈ ਪੱਕਾ ਨਹੀਂ ਸੀ। ਕਪਿਲ ਦੇਵ ਦੀ ਟੀਮ ਜਿਵੇਂ ਅਲੋਚਨਾਵਾਂ ਤੇ ਮੁਸ਼ਕਲਾਂ ਨੂੰ ਪਾਰ ਕਰਦਿਆਂ ਵਿਸ਼ਵ ਚੈਂਪੀਅਨ ਬਣੀ ਸੀ, ਹਰਮਨਪ੍ਰੀਤ ਦੀ ਅਗਵਾਈ ਵਾਲੀ ਟੀਮ ਨੇ ਵੀ ਉਸੇ ਤਰ੍ਹਾਂ ਦਾ ਕਾਰਨਾਮਾ ਕਰ ਦਿਖਾਇਆ ਹੈ। ਵਿਸ਼ਵ ਕੱਪ ਜਿੱਤਣ ਵਾਲੀਆਂ ਨੂੰ ਵੱਡੇ ਇਨਾਮ-ਇਕਰਾਮ ਮਿਲਣਗੇ। ਇਸ ਤੋਂ ਵੀ ਵੱਧ ਕਈ ਨਿੱਕੀਆਂ ਕੁੜੀਆਂ ਬੈਟ ਤੇ ਬਾਲ ਚੁੱਕ ਕੇ ਮੈਦਾਨਾਂ ਵੱਲ ਭੱਜਣਗੀਆਂ।

## ਚੁੱਪ ਰਹਿੰਦੀ ਸਰਕਾਰ !

ਜਾਅਲੀ ਵਰਗਾ ਜਾਅਲੀ ਹੈ, ਫੇਸਬੁੱਕੀ ਸੰਸਾਰ,
ਗੋਲ ਮੋਰੀ ਤੇ ਚੌਰਸ ਕਿੱਲਾ, ਹੱਥਾਂ ਵਿੱਚ ਔਜ਼ਾਰ।
ਇਹ ਮੰਡੀ ਮੰਦਾ ਬੋਲਦੀ, ਮੂੰਹਾਂ ਵਿੱਚ ਅੰਗਾਰ,
ਧਰਤੀ ’ਤੇ ਕੋਈ ਨਹੀਂ, ਇੱਥੇ ਖੜ੍ਹੇ ਨੇ ਕਈ ਹਜ਼ਾਰ।
ਇੱਥੇ ਲੱਗੀ ਰਹਿੰਦੀ ਜੰਗ ਹੈ, ਕੋਈ ਨਾ ਮੰਨੇ ਹਾਰ,
ਪਤਾ ਨ੍ਹੀਂ ਕਿੱਦਾਂ ਝੂਠ ਦਾ, ਚੁੱਕੀ ਫਿਰਦੇ ਭਾਰ।
ਬੰਦੇ ਬੜੇ ਸ਼ਰੀਫ ਜੋ, ਇੱਥੇ ਕਰਦੇ ਮਾਰੋ-ਮਾਰ।

-ਗੁਲਪੁਰ

# ਜੱਜ ਵੱਲ ਜੁੱਤੀ ਸੁੱਟਣ ਦੀ ਅਸਲ ਵਜ੍ਹਾ


ਡਾ. ਬਲਜਿੰਦਰ ਸਿੰਘ

‘ਜਾਹ ਅਤੇ ਆਪਣੇ ਇਸ਼ਟ ਨੂੰ ਹੀ ਇਹਦੇ ਬਾਰੇ ਕੁਝ ਕਰਨ ਨੂੰ ਕਹਿ। ਅਗਰ ਤੂੰ ਕਹਿੰਦਾ ਹੈਂ ਕਿ ਤੂੰ ਭਗਵਾਨ ਵਿਸ਼ਨੂੰ ਦਾ ਪੱਕਾ ਭਗਤ ਹੈਂ ਤਾਂ ਜਾ ਕੇ ਇਹਦੇ ਬਾਰੇ ਕੋਈ ਆਰਤੀ ਵਗੈਰਾ ਕਰ ਅਤੇ ਕੋਈ ਭਗਤੀ ਕਰ।’ ਇਹ ਲਫ਼ਜ਼ ਸੁਪਰੀਮ ਕੋਰਟ ਅੰਦਰ ਸੁਣਵਾਈ ਕੀਤੀ ਜਾਣ ਵਾਲੀ ਇੱਕ ਜਨਹਿੱਤ ਪਟੀਸ਼ਨ (ਪੀ ਆਈ ਐੱਲ) ਨੂੰ ਖਾਰਜ ਕਰਦਿਆਂ ਸੁਪਰੀਮ ਕੋਰਟ ਦੇ ਚੀਫ ਜਸਟਿਸ ਗਵੱਈ ਨੇ ਕਹੇ, ਪਰ ਚੀਫ ਜਸਟਿਸ ਵੱਲੋਂ ਉਚਰੇ ਇਹ ਲਫ਼ਜ਼ ਇਸ ਕੇਸ ਦੀ ਪੈਰਵਾਈ ਕਰ ਰਹੇ ਸੁਪਰੀਮ ਕੋਰਟ ਦੇ 70 ਸਾਲਾ ਵਕੀਲ ਨੂੰ ਨਾਗਵਾਰ ਲੱਗੇ ਅਤੇ ਭਰੀ ਅਦਾਲਤ ਅੰਦਰ ਉਹਨੇ ਪੂਰੇ ਗੁੱਸੇ ਨਾਲ ‘ਸਨਾਤਨ ਕਾ ਅਪਮਾਨ ਨਹੀਂ ਸਹੇਗਾ ਹਿੰਦੋਸਤਾਨ’ ਦਾ ਆਵਾਜ਼ਾ ਲਾਉਂਦਿਆਂ ਜੱਜ ਦੀ ਕੁਰਸੀ ’ਤੇ ਸਜੇ ਬੈਠੇ ਚੀਫ ਜਸਟਿਸ ਗਵੱਈ ਵੱਲ ਆਪਣੀ ਜੁੱਤੀ ਉਤਾਰ ਵਗਾਹ ਮਾਰਨ ਦੀ ਕੋਸ਼ਿਸ਼ ਕੀਤੀ। ਇਸ ਤੋਂ ਪਹਿਲਾਂ ਕਿ ਉਹ ਜੁੱਤੀ ਜਸਟਿਸ ਗਵੱਈ ਦੇ ਲੱਗਦੀ, ਅਦਾਲਤ ਦੇ ਸੁਰੱਖਿਆ ਗਾਰਡਾਂ ਨੇ ਵਕੀਲ ਨੂੰ ਗ੍ਰਿਫਤਾਰ ਕਰ ਲਿਆ।

ਇਸ ਤੋਂ ਬਾਅਦ ਅਦਾਲਤ ਆਪਣਾ ਕੰਮਕਾਰ ਕਰਦੀ ਰਹੀ, ਕਿਉਂਕਿ ਜੱਜ ਦਾ ਕਹਿਣਾ ਸੀ ਕਿ ਪੀ ਆਈ ਐੱਲ ਵਿਚਲਾ ਮਸਲਾ ਕੋਈ ਗਹਿਰ-ਗੰਭੀਰ ਚਿੰਤਾ ਦਾ ਵਿਸ਼ਾ ਨਹੀਂ ਬਣਦਾ।ਅਦਾਲਤ ਸਾਹਮਣੇ ਹੋਰ ਬਥੇਰੇ ਅਹਿਮ ਕਾਰਜ ਕਰਨ ਵਾਲੇ ਪਏ ਹਨ ਅਤੇ ਨਾ ਹੀ ਜੱਜ ਗਵੱਈ ਨੇ ਇਸ ਮਸਲੇ ਨੂੰ ਅੱਗੇ ਤੋਰਿਆ, ਯਾਨੀ ਕਿ ਕੋਈ ਪੁਲਸ ਕਾਰਵਾਈ ਨਹੀਂ ਕੀਤੀ। ਭਾਵ ਇੱਕ ਕਿਸਮ ਨਾਲ ਇਸ ਨੂੰ ਅਣਗੌਲਿਆਂ ਹੀ ਕਰ ਦਿੱਤਾ।

ਜਦੋਂ ਚੀਫ ਜਸਟਿਸ ਵੱਲ ਜੁੱਤੀ ਵਗਾਹ ਮਾਰਨ ਦੀ ਇਸ ਘਟਨਾ ਦਾ ਜ਼ਿਕਰ ਵਕੀਲਾਂ, ਸਾਬਕਾ ਜੱਜਾਂ ਤੇ ਨਿਆਂ ਪਾਲਿਕਾ ਨਾਲ ਸੰਬੰਧਤ ਹੋਰਨਾਂ ਵਿਅਕਤੀਆਂ ਨਾਲ ਕੀਤਾ ਗਿਆ ਤਾਂ ਦੇਖਣ ਨੂੰ ਮਿਲਿਆ ਕਿ ਉਹਨਾਂ ਭਾਵੇਂ ਇਸ ਘਟਨਾ ਦੀ ਪੁਰਜ਼ੋਰ ਸ਼ਬਦਾਂ ’ਚ ਨਿਖੇਧੀ ਤਾਂ ਕੀਤੀ, ਪਰ ਨਾਲ ਹੀ ਇੱਕ ਬਿਰਤਾਂਤ ਇਹ ਵੀ ਸਾਹਮਣੇ ਲਿਆਂਦਾ ਕਿ ਮੌਜੂਦਾ ਚੀਫ ਜਸਟਿਸ ਨੂੰ ਅਜਿਹਾ ਨਹੀਂ ਕਹਿਣਾ ਚਾਹੀਦਾ ਸੀ। ਇਹ ਇੱਕ ਅਜਿਹੀ ਗੱਲ ਹੈ, ਜਿਸ ’ਤੇ ਸਾਨੂੰ ਗ਼ੌਰ ਕਰਨਾ ਚਾਹੀਦਾ ਹੈ। ਪਟੀਸ਼ਨ ਅੰਦਰ ਵਿਸ਼ਨੂੰ ਭਗਵਾਨ ਦੀ ਜਿਸ ਮੂਰਤੀ ਦੇ ਸਿਰ ਦਾ ਜ਼ਿਕਰ ਆਇਆ ਹੈ, ਉਹ ਮੱਧ ਪ੍ਰਦੇਸ਼ ਸੂਬੇ ਅੰਦਰ ਯੂਨੈਸਕੋ ਵੱਲੋਂ ਵਰਲਡ ਹੈਰੀਟੇਜ ਸਾਈਟ ਦਾ ਰੁਤਬਾ ਰੱਖਣ ਵਾਲੀਆਂ ਖਜੂਰਾਹੋ ਦੀਆਂ ਮਸ਼ਹੂਰ ਗੁਫਾਵਾਂ ਅੰਦਰ ਸਥਿਤ ਹੈ। ਹੋ ਸਕਦਾ ਹੈ ਕਿ ਕੁਦਰਤੀ ਰੂਪ ’ਚ ਜਾਂ ਸਮਾਂ ਪਾ ਕੇ ਜਾਂ ਰੱਖ-ਰਖਾਅ ਦੀ ਘਾਟ ਕਰਕੇ ਹਜ਼ਾਰਾਂ ਸਾਲ ਪੁਰਾਣੀ ਮੂਰਤੀ ਦੇ ਸਿਰ ਨੂੰ ਕੋਈ ਨੁਕਸਾਨ ਪੁੱਜਿਆ ਹੋਵੇ।

ਜੱਜ ਗਵੱਈ ਨੇ ਜੋ ਕਿਹਾ, ਉਹ ਕੋਈ ਕਿਸੇ ਧਰਮ ਦਾ ਅਪਮਾਨ ਨਹੀਂ ਹੈ ਅਤੇ ਨਾ ਹੀ ਕਿਸੇ ਭਗਵਾਨ ਖਿਲਾਫ ਕੋਈ ਲਫ਼ਜ਼ ਉੱਚਰੇ ਗਏ ਹਨ। ਉਹਨੇ ਖਾਰਜ ਕਰਦਿਆਂ ਜੋ ਕਿਹਾ, ਉਹ ਅਦਾਲਤ ਸਾਹਮਣੇ ਹੋਰ ਅਹਿਮ ਮਸਲਿਆਂ ਦਾ ਲੰਬਿਤ ਪਏ ਹੋਣਾ ਵੀ ਹੈ। ਕਿਸੇ ਵੀ ਵਿਅਕਤੀ ਨੂੰ ਆਪਣੀ ਸੋਚ ਮੁਤਾਬਕ ਕੋਈ ਵੀ ਵਿਚਾਰ ਰੱਖਣ ਦਾ ਹੱਕ ਸਾਡਾ ਸੰਵਿਧਾਨ ਪ੍ਰਦਾਨ ਕਰਦਾ ਹੈ। ਨਾਲ ਹੀ ਸਾਡਾ ਸੰਵਿਧਾਨ ਹਰ ਸ਼ਹਿਰੀ ਅੰਦਰ ਵਿਗਿਆਨਕ ਸੋਚ ਦਾ ਪਸਾਰਾ ਕਰਨ ਦੀ ਗਾਰੰਟੀ ਕਰਦਾ ਹੈ ਅਤੇ ਇਹ ਲਫ਼ਜ਼ ਉਚਰ ਕੇ ਜੱਜ ਗਵੱਈ ਧਰਮ ਨਿਰਪੱਖ ਰਹਿੰਦਿਆਂ ਕਿਸੇ ਧਰਮ ਖਿਲਾਫ ਨਹੀਂ ਬੋਲ ਰਿਹਾ ਸੀ।

ਇਸ ਦੇ ਨਾਲ ਹੀ ਗੌਰ ਕਰਨ ਵਾਲਾ ਇੱਕ ਮਸਲਾ ਇਹ ਵੀ ਹੈ ਕਿ ਜੱਜ ਗਵੱਈ ਬੋਧੀ ਭਾਈਚਾਰੇ ਨਾਲ ਸੰਬੰਧਤ ਹੈ ਅਤੇ ਬੋਧੀਆਂ ਨੂੰ ਸੰਵਿਧਾਨ ਸੂਚੀਦਰਜ ਜਾਤਾਂ/ਕਬੀਲਿਆਂ ਦੇ ਰੂਪ ’ਚ ਮੰਨਦਾ ਹੈ। ਅਜਿਹੇ ਲਫ਼ਜ਼ ਜੇਕਰ ਕਿਸੇ ਉੱਚ ਜਾਤੀ ਨਾਲ ਸੰਬੰਧਤ ਵਿਅਕਤੀ ਨੇ ਕਹੇ ਹੁੰਦੇ ਤਾਂ ਹੋ ਸਕਦਾ ਹੈ ਕਿ ਅਜਿਹਾ ਵਿਵਾਦ ਨਾ ਉੱਠਦਾ, ਪਰ ਜੱਜ ਗਵੱਈ ਦਾ ਅਜਿਹੇ ਭਾਈਚਾਰੇ ਨਾਲ ਸੰਬੰਧਤ ਹੋਣਾ ਹੀ ਉਸ ਦਾ ਦੁਸ਼ਮਣ ਬਣਨ ਲਈ ਕਾਫ਼ੀ ਹੈ । ਇਹ ਸਾਬਤ ਕਰਦਾ ਹੈ ਕਿ ਕਹਿਣ ਨੂੰ ਤਾਂ ਭਾਵੇਂ ਸਾਡਾ ਸੰਵਿਧਾਨ ਧਰਮ ਨਿਰਪੱਖ ਹੈ, ਆਪਣੇ ਮੁਲਕ ਦੇ ਬਸ਼ਿੰਦਿਆਂ ਅੰਦਰ ਵਿਗਿਆਨਕ ਸੋਚ-ਸਮਝ ਵਿਕਸਤ ਕਰਨ ਤੇ ਅਜਿਹੀਆਂ ਕਦਰਾਂ-ਕੀਮਤਾਂ ਵਿਗਸ ਦੇਣ ਦਾ ਮੁਦੱਈ ਹੈ, ਪਰ, ਹਕੀਕਤ ਇਹ ਹੈ ਕਿ ਜਦੋਂ ਵੀ ਕੋਈ ਅਜਿਹੀਆਂ ਕਦਰਾਂ-ਕੀਮਤਾਂ ਦੀ ਗੱਲ ਕਰਨ ਲੱਗਦਾ ਹੈ ਤਾਂ ਪੁਰਾਣੇ ਦਕਿਆਨੂਸੀ ਵਿਚਾਰ ਤੇ ਪ੍ਰੰਪਰਾਵਾਂ ਆਪਣਾ ਸਿਰ ਚੁੱਕ ਲੈਂਦੀਆਂ ਹਨ ਅਤੇ ਕਿਸੇ ਵੀ ਤਰੱਕੀ-ਪਸੰਦ ਵਿਚਾਰ ਨੂੰ ਧਾਰਮਕ ਬੇਅਦਬੀ ਦਾ ਮਸਲਾ ਬਣਾ ਦਿੱਤਾ ਜਾਂਦਾ ਹੈ। ਅਜਿਹਾ ਹੀ ਇਸ ਮਸਲੇ ਅੰਦਰ ਵੀ ਵਾਪਰਿਆ ਹੈ। ਜੱਜ ਗਵੱਈ ਦੇ ਵਿਚਾਰ ਦੀ ਪ੍ਰੋੜ੍ਹਤਾ ਕਰਨੀ ਚਾਹੀਦੀ ਸੀ ਉਲਟਾ ਉਹਨੂੰ ਇਹ ਕਹਿ ਕੇ ਚੁੱਪ ਕਰਾਉਣ ਦੀ ਕੋਸ਼ਿਸ਼ ਕੀਤੀ ਗਈ ਕਿ ਉਹਨੂੰ ਅਜਿਹਾ ਨਹੀਂ ਕਹਿਣਾ ਚਾਹੀਦਾ ਸੀ।

ਅੱਜ ਦੇ ਪ੍ਰਸੰਗ ’ਚ ਦੇਖਿਆਂ ਜੱਜ ਗਵੱਈ ’ਤੇ ਹੋਏ ਇਸ ਹਮਲੇ ਨੂੰ ਮੋਦੀ ਹਕੂਮਤ ਦੇ ਪਿਛਲੇ ਗਿਆਰਾਂ ਸਾਲਾਂ ਦੇ ਅਰਸੇ ਦੌਰਾਨ ਆਦਿਵਾਸੀਆਂ, ਧਾਰਮਿਕ ਘੱਟ ਗਿਣਤੀਆਂ, ਦਲਿਤ ਤੇ ਪੱਛੜੀਆਂ ਜਾਤਾਂ/ਕਬੀਲਿਆਂ ਖ਼ਿਲਾਫ਼ ਫੈਲਾਈ ਤੇ ਉਗਲੀ ਜਾ ਰਹੀ ਫਿਰਕੂ ਤੇ ਫਾਸ਼ੀ ਨਫ਼ਰਤ ਤੇ ਜ਼ਹਿਰ ਦੀ ਹੀ ਲਗਾਤਾਰਤਾ ਹੈ । ਇੱਕ ਜ਼ੁੰਮੇਵਾਰ ਹਕੂਮਤ ਤੋਂ ਆਸ ਕੀਤੀ ਜਾਂਦੀ ਹੈ ਕਿ ਉਹ ਭਾਈਚਾਰਿਆਂ ਅੰਦਰ ਪਏ ਅਸਹਿਣਸ਼ੀਲਤਾ ਦੇ ਮਾਹੌਲ ਨੂੰ ਖ਼ਤਮ ਕਰਨ ਵੱਲ ਕਦਮ ਉਠਾਏ, ਪਰ ਇੱਥੇ ਤਾਂ ਗੱਲ ਹੀ ਐਨ ਉਲਟ ਹੈ। ਇੱਥੇ ਤਾਂ ਅਜਿਹੇ ਅਨਸਰਾਂ ਨੂੰ ਸ਼ਹਿ ਦੇਣਾ ਅਤੇ ਸਰਕਾਰ ਵੱਲੋਂ ਹਰ ਨਿੱਕੀ ਵੱਡੀ ਗੱਲ ਨੂੰ ਧਰਮ ਤੇ ਦੇਸ਼ ਲਈ ਖਤਰਾ ਬਣਾ ਕੇ ਪੇਸ਼ ਕਰਨਾ ਅਤੇ ਕਰੜੇ ਤੋਂ ਕਰੜੇ ਕਾਨੂੰਨਾਂ ਹੇਠ ਕੇਸ ਦਾਇਰ ਕਰਨਾ ਹਕੂਮਤ ਦੀ ਤਫ਼ਰੀਹ ਹੀ ਬਣ ਗਈ ਹੈ, ਯਾਨੀ ਕਿ ਮਨਭਾਉਂਦਾ ਕਾਰਜ ਹੀ ਬਣ ਕੇ ਰਹਿ ਗਿਆ ਹੈ।

ਇਹ ਘਟਨਾ ਇਸ ਗੱਲ ਦਾ ਸੂਚਕ ਵੀ ਹੈ ਕਿ ਹਕੂਮਤ ਇੱਕ ਅਜਿਹੀ ਮਾਨਸਿਕਤਾ ਸਾਡੀਆਂ ਖੋਪੜੀਆਂ ਅੰਦਰ ਧੱਕਣ ਲਈ ਉਸ ਵਿਰਸੇ ’ਚ ਪਈ ਹੈ, ਜਿਹੜੀ ਕਹਿੰਦੀ ਹੈ ਕਿ ਸਾਨੂੰ ਵਹਾਅ ਦੀ ਦਿਸ਼ਾ ’ਚ ਹੀ ਚੱਲਣਾ ਚਾਹੀਦਾ ਹੈ, ਨਾ ਕਿ ਵਹਿਣ ਦੇ ਉਲਟ । ਇੱਥੇ ਜ਼ਿਕਰ ਕਰ ਦੇਈਏ ਕਿ ਜਸਟਿਸ ਗਵੱਈ ਨੇ ਇੱਕ ਪਟੀਸ਼ਨ ਨੂੰ ਸੁਣਦਿਆਂ ਕਿਹਾ ਸੀ ਕਿ ਪ੍ਰਮਾਤਮਾ ਆਪਣੀ ਰੱਖਿਆ ਆਪ ਕਰਨਾ ਜਾਣਦਾ ਹੈ, ਤੁਸੀਂ ਆਪਣੇ ਕੰਮ ਨਾਲ ਕੰਮ ਰੱਖੋ । ਇਹ ਇੱਕ ਅਜਿਹੀ ਸੋਚ ਹੈ, ਜਿਹੜੀ ਜੁਗਾਂ ਤੋਂ ਤੁਰੀ ਆਉਂਦੀ ਪ੍ਰਮਾਤਮਾ ਦੀ ਹੋਂਦ ਨੂੰ ਵੰਗਾਰਦੀ ਹੈ। ਇਹ ਹਾਕਮ ਜਮਾਤਾਂ ਦੀ ਵਿਚਾਰਧਾਰਾ ਹੈ, ਨਾ ਕਿ ਲੋਕਾਂ ਦੇ ਪੱਖ ਵਾਲੀ । ਇਹ ਗੁਲਾਮ ਮਾਨਸਿਕਤਾ ਨੂੰ ਜ਼ਰਬਾਂ ਦਿੰਦੀ ਹੈ।

ਕਹਿਣ ਨੂੰ ਭਾਵੇਂ ਸਾਡਾ ਮੁਲਕ ਆਜ਼ਾਦ ਹੋ ਗਿਆ ਹੈ, ਪਰ ਗੁਲਾਮੀ ਦੀਆਂ ਜ਼ੰਜੀਰਾਂ ਨੇ ਸਾਨੂੰ ਹਰ ਪਾਸਿਓਂ ਜਕੜਿਆ ਹੋਇਆ ਹੈ। ਅੱਜ ਮੁਲਕ ਦੇ ਵਿਕਾਸ ਦੀਆਂ ਆਪਣੀਆਂ ਸਾਰੀਆਂ ਟਾਹਰਾਂ ਦੇ ਬਾਵਜੂਦ ਹਕੂਮਤਾਂ ਨੂੰ ਲੱਗ ਰਿਹਾ ਹੈ ਕਿ ਹੁਣ ਉਹਨਾਂ ਦੇ ਭਰਮਜਾਲ ’ਚ ਲੋਕ ਨਹੀਂ ਆਉਣ ਵਾਲੇ । ਇਸ ਲਈ ਉਹ ਹਰ ਹਾਲਤ ’ਚ ਹਰੇਕ ਤਰਕਸ਼ੀਲ ਸੋਚ ਅਤੇ ਤਰੱਕੀਪਸੰਦ ਤਹਿਰੀਕ ਤੋਂ ਲੋਕਾਂ ਨੂੰ ਪਾਸੇ ਰੱਖਣ ਲਈ ਅਜਿਹੇ ਭਰਮ ਉਪਜਾਊ ਅਤੇ ਗੈਰ-ਵਿਗਿਆਨਕ ਵਿਚਾਰਾਂ ਦਾ ਪਸਾਰਾ ਕਰਨਾ ਜਾਰੀ ਰੱਖ ਰਹੇ ਹਨ । ਉਹ ਲੋਕਾਂ ਨੂੰ ਹਰ ਹਾਲਤ ’ਚ ਨਰਕੀ ਜੂਨ ਨੂੰ ਰੱਬ ਦਾ ਭਾਣਾ ਮੰਨ ਮਨਜ਼ੂਰ ਕਰੀ ਰੱਖਣ ਦੀ ਫਿਰਾਕ ’ਚ ਹਨ । ਇਸ ਲਈ ਉਹ ਜੱਜ ਗਵੱਈ ਵੱਲੋਂ ਕੀਤੀ ਗਈ ਟਿੱਪਣੀ ਨੂੰ ਐਨੀ ਤੂਲ ਦੇ ਰਹੇ ਹਨ ।

ਇਹ ਘਟਨਾਵਾਂ ਕੋਈ ਅਣਹੋਣੀਆਂ ਨਹੀਂ ਹਨ, ਜਦੋਂ ਅਸੀਂ ਆਪਣੇ ਆਲੇ-ਦੁਆਲੇ ਨੂੰ ਤੱਕਦੇ ਹਾਂ। ਇਹ ਵੀ ਨੋਟ ਕੀਤਾ ਗਿਆ ਹੈ ਕਿ ਮੋਦੀ ਦੇ ਕੇਂਦਰ ਸਰਕਾਰ ਦੇ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਇਹਨਾਂ ਘਟਨਾਵਾਂ ਵਿੱਚ ਬਹੁਤ ਵੱਡੀ ਪੱਧਰ ’ਤੇ ਵਾਧਾ ਦਰਜ ਕੀਤਾ ਗਿਆ ਹੈ। ਮੱਧ ਭਾਰਤ ਦੇ ਆਦਿਵਾਸੀਆਂ, ਕਬਾਇਲੀਆਂ, ਦਲਿਤਾਂ, ਸਨਅਤੀ ਮਜ਼ਦੂਰਾਂ ਆਦਿ ਸਭਨਾਂ ਦੇ ਜਮਹੂਰੀ ਹੱਕਾਂ ’ਤੇ ਤਾਬੜਤੋੜ ਹਮਲੇ ਜਾਰੀ ਹਨ ਅਤੇ ਵੱਡੀ ਪੱਧਰ ’ਤੇ ਇਹਨਾਂ ਜਮਾਤਾਂ ਦਾ ਕਤਲੇਆਮ ਕੀਤਾ ਜਾ ਰਿਹਾ ਹੈ।

ਅਜਿਹੀ ਨਾ ਖੁਸ਼ਗਵਾਰ ਹਾਲਤ ਦੇ ਮੱਦੇਨਜ਼ਰ ਲੋਕ-ਪੱਖੀ ਜਮਹੂਰੀ ਤਾਕਤਾਂ ਮੂਹਰੇ ਇਹ ਕਾਰਜ ਆਉਂਦਾ ਹੈ ਕਿ ਉਹ ਅਜਿਹੇ ਹਮਲਿਆਂ ਦੀ ਪੁਰਜ਼ੋਰ ਸ਼ਬਦਾਂ ’ਚ ਨਿਖੇਧੀ ਕਰਨ ਦੇ ਨਾਲ-ਨਾਲ ਹਕੂਮਤ ਵੱਲੋਂ ਫੈਲਾਏ ਜਾ ਰਹੇ ਲੋਕ-ਵਿਰੋਧੀ ਗੈਰ-ਵਿਗਿਆਨਕ ਵਿਚਾਰਾਂ ਨੂੰ ਭਾਂਜ ਦੇਣ ਲਈ ਅੱਗੇ ਆਉਣ ਅਤੇ ਜਮਹੂਰੀ ਹੱਕਾਂ ਦੀ ਬਹਾਲੀ ਲਈ ਲਾਮਬੰਦੀ ਕਰਨ।

# ਸੰਪਰਕ : 94170-79720
E-mail : singh.drbaljinder@gmail.com

# ਜੋ ਕੋਲ ਹੈ ਉਸ ਦੀ ਕਦਰ ਕਰੋ

ਅੰਗਰੇਜ ਸਿੰਘ ਕਕਰਾਲਾ

ਜ਼ਿੰਦਗੀ ਇਕ ਸੋਹਣਾ ਸਫ਼ਰ ਹੈ, ਪਰ ਇੱਥੇ ਇਨਸਾਨ ਹਰ ਵੇਲੇ ਉਸ ਚੀਜ਼ ਦੀ ਖੋਜ ਵਿੱਚ ਭੱਜਦਾ ਫਿਰਦਾ ਹੈ, ਜੋ ਉਸ ਦੇ ਕੋਲ ਨਹੀਂ ਹੁੰਦੀ ਤੇ ਜੋ ਰੱਬ ਨੇ ਪਹਿਲਾਂ ਹੀ ਦਿੱਤੀ ਹੁੰਦੀ ਹੈ, ਉਸ ਦੀ ਕਦਰ ਨਹੀਂ ਕਰਦਾ। ਇਨਸਾਨ ਦੀ ਸਭ ਤੋਂ ਵੱਡੀ ਗ਼ਲਤੀ ਇਹੀ ਹੈ ਕਿ ਉਹ ਆਪਣੀ ਨਿਆਮਤ ਨੂੰ ਓਦੋਂ ਸਮਝਦਾ ਹੈ, ਜਦੋਂ ਉਹ ਉਸ ਦੇ ਹੱਥੋਂ ਨਿਕਲ ਜਾਂਦੀ ਹੈ। ਕਈ ਵਾਰੀ ਸਾਡੀ ਜ਼ਿੰਦਗੀ ਦੇ ਸਭ ਤੋਂ ਸੁਹਣੇ ਪਲ ਅਸੀਂ ਬਿਨਾਂ ਮਹਿਸੂਸ ਕੀਤੇ ਗੁਜ਼ਾਰ ਲੈਂਦੇ ਹਾਂ, ਕਿਉਂਕਿ ਸਾਡੀ ਨਜ਼ਰ ਹਮੇਸ਼ਾ ਉਸ ਉੱਤੇ ਹੁੰਦੀ ਹੈ, ਜੋ ਸਾਡੇ ਕੋਲ ਨਹੀਂ। ਅਸੀਂ ਕਹਿੰਦੇ ਹਾਂ ਕਿ ਜੇ ਮੈਨੂੰ ਥੋੜ੍ਹਾ ਹੋਰ ਮਿਲ ਜਾਵੇ ਤਾਂ ਮੈਂ ਖੁਸ਼ ਹੋ ਜਾਵਾਂਗਾ, ਪਰ ਖੁਸ਼ੀ ਕਦੇ ਆਉਂਦੀ ਨਹੀਂ, ਕਿਉਂਕਿ ਜੋ ਮਿਲਦਾ ਹੈ, ਉਸ ਨੂੰ ਵੀ ਅਸੀਂ ਅਧੂਰਾ ਸਮਝ ਲੈਂਦੇ ਹਾਂ। ਅੱਜ ਦੇ ਸਮੇਂ ਵਿੱਚ ਹਰ ਕੋਈ ਕਿਸੇ ਨਾ ਕਿਸੇ ਤਰ੍ਹਾਂ ਦੀ ਕਮੀ ਮਹਿਸੂਸ ਕਰਦਾ ਹੈ। ਕਿਸੇ ਨੂੰ ਪੈਸੇ ਦੀ, ਕਿਸੇ ਨੂੰ ਪਿਆਰ ਦੀ, ਕਿਸੇ ਨੂੰ ਸ਼ੋਹਰਤ ਦੀ, ਕਿਸੇ ਨੂੰ ਸਿਹਤ ਦੀ।ਜੇਕਰ ਅਸੀਂ ਇਕ ਪਲ ਲਈ ਰੁਕ ਕੇ ਸੋਚੀਏ ਕਿ ਸਾਡੇ ਕੋਲ ਕੀ ਕੁਝ ਹੈ, ਤਾਂ ਸਾਨੂੰ ਅਹਿਸਾਸ ਹੋਵੇਗਾ ਕਿ ਅਸੀਂ ਕਿੰਨੇ ਖੁਸ਼ਕਿਸਮਤ ਹਾਂ । ਸਾਡਾ ਸਰੀਰ ਸਹੀ ਕੰਮ ਕਰ ਰਿਹਾ ਹੈ, ਸਾਨੂੰ ਦੇਖਣ ਲਈ ਅੱਖਾਂ ਮਿਲੀਆਂ, ਬੋਲਣ ਲਈ ਜ਼ਬਾਨ ਮਿਲੀ, ਸੁਣਣ ਲਈ ਕੰਨ ਮਿਲੇ, ਤੁਰਨ ਲਈ ਪੈਰ, ਲੱਤਾਂ ਮਿਲੀਆਂ, ਸੋਚਣ ਲਈ ਦਿਮਾਗ ਮਿਲਿਆ । ਇਹ ਸਭ ਕੁਝ ਉਹ ਅਮੀਰੀ ਹੈ, ਜੋ ਲੱਖਾਂ ਲੋਕਾਂ ਕੋਲ ਨਹੀਂ। ਰੱਬ ਨੇ ਸਾਨੂੰ ਘਰ ਦਿੱਤਾ, ਛੱਤ ਦਿੱਤੀ, ਖਾਣ ਲਈ ਰੋਟੀ ਦਿੱਤੀ, ਪੀਣ ਲਈ ਪਾਣੀ ਦਿੱਤਾ। ਇਹ ਸਭ ਕੁਝ ਉਹ ਦਾਤਾਂ ਹਨ, ਜਿਨ੍ਹਾਂ ਦੀ ਕਦਰ ਅਸੀਂ ਓਦੋਂ ਕਰਦੇ ਹਾਂ, ਜਦੋਂ ਇਹ ਘੱਟ ਪੈ ਜਾਂਦੀਆਂ ਹਨ। ਇੱਕ ਵਾਰੀ ਸੋਚੋ, ਜਿਹੜਾ ਕਿਸੇ ਹਸਪਤਾਲ ਦੇ ਬਿਸਤਰੇ ’ਤੇ ਪਿਆ ਹੈ ਤੇ ਆਜ਼ਾਦੀ ਨਾਲ ਸਾਹ ਵੀ ਨਹੀਂ ਲੈ ਸਕਦਾ, ਉਹ ਕਿੰਨੀ ਦੁਆ ਕਰਦਾ ਹੋਵੇਗਾ ਕਿ ਕਾਸ਼ ਉਸ ਨੂੰ ਸਿਹਤ ਮਿਲ ਜਾਵੇ । ਜਿਹਦੇ ਕੋਲ ਮਾਂ-ਪਿਤਾ ਨਹੀਂ ਰਹੇ, ਉਹ ਕਿੰਨਾ ਪਛਤਾਂਦੇ ਹੋਣਗੇ ਕਿ ਜਦੋਂ ਉਹ ਸਨ, ਓਦੋਂ ਅਸੀਂ ਉਹਨਾਂ ਨਾਲ ਵਕਤ ਨਹੀਂ ਬਿਤਾਇਆ। ਜਿਹੜਾ ਕਿਸੇ ਪੁਰਾਣੇ ਦੋਸਤ ਨਾਲ ਰਿਸ਼ਤਾ ਤੋੜ ਬੈਠਿਆ ਹੈ, ਉਹ ਕਿੰਨੀ ਵਾਰ ਚੁੱਪ ਬੈਠਾ ਉਸ ਦੀ ਕਮੀ ਮਹਿਸੂਸ ਕਰਦਾ ਹੋਵੇਗਾ । ਜੀਵਨ ਦਾ ਸਭ ਤੋਂ ਵੱਡਾ ਸਬਕ ਇਹੀ ਹੈ ਕਿ ਜੋ ਹੈ, ਉਸ ਦੀ ਕਦਰ ਹੁਣੇ ਕਰੋ, ਕਿਉਂਕਿ ਕੱਲ੍ਹ ਦਾ ਕੋਈ ਭਰੋਸਾ ਨਹੀਂ। ਪੈਸਾ, ਇਮਾਰਤਾਂ, ਸ਼ੋਹਰਤ ਇਹ ਸਭ ਕੱਚੀਆਂ ਚੀਜ਼ਾਂ ਹਨ, ਪਰ ਪਿਆਰ, ਸੱਚਾ ਰਿਸ਼ਤਾ, ਤੇ ਮਨ ਦੀ ਸ਼ਾਂਤੀ ਇਹ ਅਸਲ ਖਜ਼ਾਨੇ ਹਨ। ਪਿੰਡਾਂ ਦੀਆਂ ਉਹ ਮਾਵਾਂ, ਜਿਹੜੀਆਂ ਦੋ ਵਕਤ ਦੀ ਰੋਟੀ ਕਮਾ ਲੈਂਦੀਆਂ ਹਨ, ਉਹ ਸ਼ਾਮ ਨੂੰ ਕੁਦਰਤ ਦਾ ਦਿਲੋਂ ਧੰਨਵਾਦ ਕਰਦੀਆਂ ਹਨ, ਉਹਨਾਂ ਦੀ ਨੀਂਦ ਸ਼ਹਿਰਾਂ ਦੇ ਅਮੀਰਾਂ ਤੋਂ ਜ਼ਿਆਦਾ ਸੁਖੀ ਹੁੰਦੀ ਹੈ। ਇਹ ਸੱਚ ਹੈ ਕਿ ਖੁਸ਼ੀ ਕਦੇ ਵੀ ਵੱਡੀਆਂ ਚੀਜ਼ਾਂ ਨਾਲ ਨਹੀਂ ਆਉਂਦੀ, ਖੁਸ਼ੀ ਉਸ ਸਮੇਂ ਹੁੰਦੀ ਹੈ, ਜਦੋਂ ਤੂੰ ਜੋ ਤੇਰੇ ਕੋਲ ਹੈ, ਉਸ ਦਾ ਅਹਿਸਾਸ ਕਰਦਾ ਹੈ। ਬੱਚੇ ਦੀ ਹਾਸੀ, ਮਾਂ ਦੀ ਦੁਆ, ਦੋਸਤ ਦੀ ਮਜ਼ਾਕੀਆ ਗੱਲ, ਸਵੇਰ ਦੀ ਤਾਜ਼ਾ ਹਵਾ, ਇਹਨਾਂ ਵਿੱਚ ਰੱਬ ਵੱਸਦਾ ਹੈ, ਪਰ ਅਸੀਂ ਇਨ੍ਹਾਂ ਛੋਟੀਆਂ ਖੁਸ਼ੀਆਂ ਨੂੰ ਨਜ਼ਰਅੰਦਾਜ਼ ਕਰਕੇ ਵੱਡੇ ਸੁਪਨਿਆਂ ਦੇ ਪਿੱਛੇ ਭੱਜਦੇ ਹਾਂ ਤੇ ਜ਼ਿੰਦਗੀ ਦਾ ਅਸਲ ਮਕਸਦ ਭੁੱਲ ਜਾਂਦੇ ਹਾਂ। ਜਦੋਂ ਇਨਸਾਨ ਦਾ ਮਨ ਲਾਲਚ ਨਾਲ ਭਰ ਜਾਂਦਾ ਹੈ, ਓਦੋਂ ਉਸ ਦੀਆਂ ਅੱਖਾਂ ਅੰਨ੍ਹੀਆਂ ਹੋ ਜਾਂਦੀਆਂ ਹਨ। ਉਹ ਦੌਲਤ ਦੇ ਪਿੱਛੇ ਦੌੜਦਾ ਹੈ, ਪਰ ਸੁੱਖ ਦੂਰ ਹੋ ਜਾਂਦਾ ਹੈ। ਸੱਚੀ ਖੁਸ਼ੀ ਓਦੋਂ ਆਉਂਦੀ ਹੈ, ਜਦੋਂ ਤੂੰ ਰੱਬ ਦੇ ਦਿੱਤੇ ਦਾ ਸ਼ੁਕਰ ਕਰਦਾ ਹੈਂ। ਜਿਹੜਾ ਇਨਸਾਨ ਸ਼ੁਕਰਗੁਜ਼ਾਰ ਹੈ, ਉਹ ਹਰ ਹਾਲਤ ਵਿੱਚ ਖੁਸ਼ ਰਹਿੰਦਾ ਹੈ। ਚਾਹੇ ਮੋਟਾ ਕੱਪੜਾ ਪਾਇਆ ਹੋਇਆ ਹੋਵੇ ਜਾਂ ਸਾਦੀ ਰੋਟੀ ਖਾਂਦਾ ਹੋਵੇ, ਜੇ ਦਿਲ ਵਿੱਚ ਸੰਤੋਖ ਹੈ ਤਾਂ ਉਹੀ ਸਭ ਤੋਂ ਵੱਡਾ ਅਮੀਰ ਹੈ। ਸਮਾਂ ਵੀ ਇਕ ਵੱਡੀ ਦਾਤ ਹੈ । ਅੱਜ ਜਿਹੜੇ ਨਾਲ ਤੂੰ ਬੈਠ ਕੇ ਚਾਹ ਪੀ ਸਕਦਾ ਹੈਂ, ਕੱਲ੍ਹ ਸ਼ਾਇਦ ਉਹ ਨਾ ਹੋਵੇ। ਬੱਚੇ ਛੋਟੇ ਨੇ, ਮਾਪੇ ਬੁੱਢੇ ਹੋ ਰਹੇ ਨੇ, ਦੋਸਤ ਬਿਖਰ ਰਹੇ ਨੇ ਇਹੀ ਤਾਂ ਜ਼ਿੰਦਗੀ ਦਾ ਸੱਚ ਹੈ। ਇਸ ਲਈ ਹਰ ਪਲ ਦੀ ਕਦਰ ਕਰੋ, ਹਰ ਰਿਸ਼ਤੇ ਨੂੰ ਸਮਾਂ ਦਿਓ, ਕਿਉਂਕਿ ਕਈ ਗੱਲਾਂ ਬਾਅਦ ਵਿੱਚ ਸਿਰਫ਼ ਯਾਦਾਂ ਰਹਿ ਜਾਂਦੀਆਂ ਹਨ। ਜਿਵੇਂ ਕਿਸੇ ਪਿੰਡ ਦੇ ਬਜ਼ੁਰਗ ਕਹਿੰਦੇ ਹਨ-ਪੁੱਤਰ, ਰੋਟੀ ਹਮੇਸ਼ਾ ਗਰਮ ਨਹੀਂ ਰਹਿੰਦੀ, ਜਦ ਤੱਕ ਮਿਲਦੀ ਹੈ ਖਾ ਲੈ, ਬਾਅਦ ਵਿੱਚ ਪਛਤਾਉਣ ਦਾ ਕੋਈ ਫ਼ਾਇਦਾ ਨਹੀਂ। ਇਹੀ ਗੱਲ ਜੀਵਨ ਉੱਤੇ ਵੀ ਲਾਗੂ ਹੁੰਦੀ ਹੈ । ਜਦ ਤੱਕ ਜੋ ਮਿਲਿਆ ਹੈ, ਉਸ ਨੂੰ ਪਿਆਰ ਨਾਲ ਜੀ ਲਓ, ਕਿਉਂਕਿ ਜੋ ਕੱਲ੍ਹ ਆਵੇਗਾ, ਉਹ ਸ਼ਾਇਦ ਐਨਾ ਸੁੰਦਰ ਨਾ ਹੋਵੇ।

ਪੰਜਾਬੀ ਦੀ ਕਹਾਵਤ ਹੈ-ਜਿਹੜਾ ਸ਼ੁਕਰ ਕਰਦਾ ਹੈ, ਉਹੀ ਚੜ੍ਹਦਾ ਹੈ। ਇਹ ਸਿਰਫ਼ ਕਹਾਵਤ ਨਹੀਂ, ਸਦੀਵੀ ਸੱਚਾਈ ਹੈ। ਆਖ਼ਰਕਾਰ, ਜੀਵਨ ਉਹ ਨਹੀਂ ਜੋ ਅਸੀਂ ਚਾਹੁੰਦੇ ਹਾਂ, ਜੀਵਨ ਉਹ ਹੈ ਜੋ ਸਾਡੇ ਕੋਲ ਹੈ ਤੇ ਉਸ ਨੂੰ ਪਿਆਰ ਨਾਲ ਜੀਣਾ ਹੀ ਸਭ ਤੋਂ ਵੱਡਾ ਗਿਆਨ ਹੈ। ਇਸ ਲਈ ਅੱਜ ਤੋਂ ਇਹ ਨਿਰਣਾ ਕਰੀਏ ਕਿ ਅਸੀਂ ਜੋ ਕੁਝ ਰੱਬ ਨੇ ਦਿੱਤਾ ਹੈ, ਉਸ ਦਾ ਸ਼ੁਕਰ ਅਦਾ ਕਰਾਂਗੇ। ਆਪਣੀ ਸਿਹਤ ਦੀ, ਪਰਵਾਰ ਦੀ, ਦੋਸਤਾਂ ਦੀ, ਰਿਸ਼ਤਿਆਂ ਦੀ, ਅੰਨ ਭੰਡਾਰ ਦੀ, ਛੱਤ ਦੀ ਤੇ ਆਪਣੇ ਜੀਉਂਦੇ ਮਨ ਦੀ ਕਦਰ ਕਰਾਂਗੇ। ਕਿਉਂਕਿ ਕਦਰ ਕਰਨ ਨਾਲ ਜੋ ਕੋਲ ਹੈ ਉਹ ਵੀ ਸੁੰਦਰ ਲੱਗਦਾ ਹੈ, ਤੇ ਜੋ ਨਹੀਂ ਹੈ, ਉਸ ਦੀ ਲੋੜ ਘੱਟ ਮਹਿਸੂਸ ਹੁੰਦੀ ਹੈ।

# ਸੰਪਰਕ : 98155-02398

# ਪੰਜਾਬ ਬੀ ਜੇ ਪੀ ਨਹੀਂ , ਪੰਜਾਬੀ ਬੀ ਜੇ ਪੀ ਦੀ ਲੋੜ


ਜਗਦੇਵ ਸ਼ਰਮਾ ਬੁਗਰਾ

ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਪੰਜਾਬ ਬੀ ਜੇ ਪੀ ਆਪਣੇ ਬਲਬੂਤੇ ਪੰਜਾਬ ਵਿੱਚ ਸਰਕਾਰ ਬਣਾਉਣ ਦੇ ਦਮਗਜ਼ੇ ਮਾਰਦੀਆਂ ਹਨ । ਪੰਜਾਬ , ਜਿੱਥੇ ਸਿੱਖ ਵੋਟਰ ਦੀ ਬਹੁਤਾਤ ( ਲੱਗਭੱਗ 60 %) ਹੈ, ਵਿੱਚ ਬੀ ਜੇ ਪੀ ਉੱਪਰ ਹਿੰਦੂਆਂ ਦੀ ਪਾਰਟੀ ਹੋਣ ਦਾ ਠੱਪਾ ਇਸ ਦੇ ਪੈਰ ਜਮਾਉਣ ਵਿੱਚ ਆੜੇ ਆਉਂਦਾ ਹੈ । ਪੰਜਾਬ ਵਿਚਲੇ ਜ਼ਿਆਦਾਤਰ ਸਿੱਖ ਵੀ ਭਾਜਪਾ ਵਾਰੇ ਇਸੇ ਤਰ੍ਹਾਂ ਦੀ ਸੋਚ ਰੱਖਦੇ ਹਨ ।35.8 ਫੀਸਦੀ ਹਿੰਦੂ ਅਤੇ 58 ਫੀਸਦੀ ਸਿੱਖ ਅਬਾਦੀ ਵਾਲੇ ਰਾਜ ਪੰਜਾਬ ਵਿੱਚ ਰਾਜਸੱਤਾ ਉੱਪਰ ਕਾਬਜ਼ ਹੋਣ ਲਈ ਭਾਜਪਾ ਇੱਕਲੇ ਹਿੰਦੂਆਂ ਦੇ ਸਿਰ ’ਤੇ ਤਾਂ ਕਾਮਯਾਬ ਨਹੀਂ ਹੋ ਸਕਦੀ। ਅਜਿਹੇ ਵਿੱਚ ਕੀ ਬੀ ਜੇ ਪੀ ਆਪਣੇ ਦਮ ’ਤੇ ਪੰਜਾਬ ਵਿੱਚ ਸਰਕਾਰ ਬਣਾ ਸਕੇਗੀ , ਆਓ, ਇਸ ਸੰਭਾਵਨਾ ਨੂੰ ਟਟੋਲੀਏ।

ਸੱਤਾ ਉੱਪਰ ਕਾਬਜ਼ ਹੋਣ ਲਈ ਦੂਜੀਆਂ ਪਾਰਟੀਆਂ ਦੇ ਨੇਤਾਵਾਂ ਨੂੰ ਨਹੀਂ , ਸਗੋਂ ਇਸ ਨੂੰ ਦੂਜੀਆਂ ਵੋਟਾਂ ਨੂੰ ਆਪਣੇ ਨਾਲ ਜੋੜਨਾ ਹੋਵੇਗਾ । ਹੁਣ ਤੱਕ ਪਾਰਟੀ ਤੋਂ ਦੂਰ ਰਹੇ ਵੋਟਰ ਪਾਰਟੀ ਨਾਲ ਤਾਂ ਜੁੜਨਗੇ ਜੇਕਰ ਭਾਰਤੀ ਜਨਤਾ ਪਾਰਟੀ ਨਿਰੋਲ ਪੰਜਾਬੀ ਮੁੱਦਿਆਂ , ਜਿਹੜੇ ਕਿ ਹੁਣ ਤੱਕ ਭਾਜਪਾ ਤੋਂ ਦੂਰ ਰਹੇ ਹਨ , ਨੂੰ ਅਪਣਾਏਗੀ । ਵਰਨਣਹਨ ਕੁਝ ਕੁ ਉਹ ਮੁੱਦੇ ਜਿਨ੍ਹਾਂ ਵਾਰੇ ਪੰਜਾਬ ਬੀ ਜੇ ਪੀ ਜਾਂ ਤਾਂ ਚੁੱਪ ਰਹੀ ਜਾਂ ਕੇਂਦਰ ਦੇ ਪੱਖ ਵਿੱਚ ਭੁਗਤ ਕੇ ਪੰਜਾਬ ਦਾ ਵਿਰੋਧ ਕੀਤਾ ਅਤੇ ਪੰਜਾਬੀ ਵੋਟਰਾਂ ਦੀ ਨਰਾਜ਼ਗੀ ਸਹੇੜੀ।

ਅਜਿਹੇ ਮੁੱਦਿਆਂ ਵਿੱਚ ਅਸੀਂ ਪ੍ਰਮੁੱਖ ਤੌਰ ’ਤੇ ਕੇਂਦਰ ਸਰਕਾਰ ਦੁਆਰਾ ਜੂਨ 2020 ਵਿੱਚ ਲਿਆਂਦੇ ਗਏ ਤਿੰਨ ਖੇਤੀ ਕਾਨੂੰਨ ,ਜਿਹੜੇ ਭਾਜਪਾ ਨੂੰ ਪੰਜਾਬੀ ਕਿਸਾਨਾਂ ਤੋਂ ਕਾਫੀ ਦੂਰ ਲੈ ਗਏ , ਸ਼ਾਮਲ ਕਰ ਸਕਦੇ ਹਾਂ । ਭਾਵੇਂ ਇਹ ਕਾਨੂੰਨ ਨਵੰਬਰ 2021 ਵਿੱਚ ਵਾਪਸ ਲੈ ਲਏ ਗਏ ਸਨ, ਪ੍ਰੰਤੂ ਇਸ ਸਮੇਂ ਦੌਰਾਨ ਬਹੁਤ ਸਾਰੇ ਨੇਤਾਵਾਂ ਦੁਆਰਾ ਕਿਸਾਨਾਂ ਪ੍ਰਤੀ ਵਰਤੇ ਗਏ ਸ਼ਬਦਾਂ ਨੇ ਸੰਬੰਧਾਂ ਵਿੱਚ ਕੁੜੱਤਣ ਵਧਾ ਦਿੱਤੀ ।

ਅਸੀਂ ਸਾਰੇ ਜਾਣਦੇ ਹਾਂ ਕਿ ਹਰੀ ਕ੍ਰਾਂਤੀ ਦੇ ਜ਼ਰੀਏ ਪੰਜਾਬੀ ਕਿਸਾਨ ਨੇ ਦੇਸ਼ ਨੂੰ ਅੰਨ ਸੰਕਟ ਵਿਚੋਂ ਬਾਹਰ ਕੱਢਿਆ ਹੈ , ਪ੍ਰੰਤੂ ਇਸੇ ਹਰੀ ਕ੍ਰਾਂਤੀ ਦਾ ਇੱਕ ਮਾਰੂ ਅਸਰ ਪੰਜਾਬ ਦੀ ਧਰਤੀ ਭੋਗ ਰਹੀ ਹੈ । ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਥੱਲੇ ਜਾ ਰਿਹਾ ਹੈ ਅਤੇ ਵਿਗਿਆਨੀਆਂ ਦੀ ਭਵਿੱਖਬਾਣੀ ਹੈ ਕਿ ਛੇਤੀ ਹੀ ਪੰਜਾਬ ਦੀ ਧਰਤੀ ਬੰਜਰ ਹੋ ਜਾਵੇਗੀ । ਅਜਿਹੇ ਹਾਲਾਤ ਦੇ ਚਲਦਿਆਂ ਪੰਜਾਬ ਦੇ ਨਹਿਰੀ ਪਾਣੀਆਂ ਉੱਤੇ ਦੂਜੀਆਂ ਸਟੇਟਾਂ ਦੀ ਅੱਖ ਰਹਿੰਦੀ ਹੈ । ਕੀ ਪੰਜਾਬ ਦੇ ਪਾਣੀਆਂ ਦੇ ਰਖਵਾਲੇ ਵਜੋਂ ਪੰਜਾਬ ਬੀ ਜੇ ਪੀ ਨੂੰ ਡਟ ਕੇ ਪੰਜਾਬ ਨਾਲ ਨਹੀਂ ਖੜ੍ਹਨਾ ਚਾਹੀਦਾ?

ਦਿੱਲੀ ਵਿਚਲੇ ਪ੍ਰਦੂਸ਼ਣ ਲਈ ਵਾਰ-ਵਾਰ ਪੰਜਾਬੀ ਕਿਸਾਨ ਨੂੰ ਦੋਸ਼ੀ ਠਹਿਰਾਉਣਾ ਭਲਾ ਕਿੱਧਰਲੀ ਸਿਆਣਪ ਹੈ? ਪ੍ਰਦੂਸ਼ਣ ਤਾਂ ਭਾਵੇਂ ਨਹੀਂ ਘਟਿਆ, ਪ੍ਰੰਤੂ ਪੰਜਾਬ ਦੇ ਕਿਸਾਨਾਂ ਉੱਪਰ ਇਹ ਦੂਸ਼ਣ ਪੰਜਾਬੀ ਕਿਸਾਨਾਂ ਨੂੰ ਬੀ ਜੇ ਪੀ ਤੋਂ ਦੂਰ ਜ਼ਰੂਰ ਲੈ ਗਿਆ ਹੈ ।

ਪੰਜਾਬ ਦੇ ਹਜ਼ਾਰਾਂ ਕਰੋੜ ਦੇ ਫੰਡ ਰੋਕਣ ਪਿੱਛੇ ਮਨਸ਼ਾ ਹੋਰ ਕਾਰਨਾਂ ਦੇ ਨਾਲ ਨਾਲ ਰਾਜਨੀਤਕ ਵੀ ਹੋ ਸਕਦੀ ਹੈ, ਪ੍ਰੰਤੂ ਪੰਜਾਬੀ ਕੇਂਦਰ ਦੇ ਇਸ ਕਦਮ ਨੂੰ ਪੰਜਾਬ ਦੇ ਵਿਕਾਸ ਦੇ ਰਾਹ ਦਾ ਰੋੜਾ ਜ਼ਰੂਰ ਸਮਝਦੇ ਹਨ । ਇਹ ਗੱਲ ਪੰਜਾਬੀ ਭਾਜਪਾਈਆਂ ਨੂੰ ਸਮਝਣੀ ਹੋਵੇਗੀ ਅਤੇ ਪੰਜਾਬ ਦੇ ਹਿੱਸੇ ਦੇ ਫੰਡ ਪੰਜਾਬ ਨੂੰ ਦਿਵਾਉਣ ਵਿੱਚ ਆਪਣਾ ਬਣਦਾ ਯੋਗਦਾਨ ਪਾਉਣਾ ਹੋਵੇਗਾ ।

ਭਾਜਪਾ ਦੇ ਚਹੇਤੇ ਇੱਕ ਸਜ਼ਾ ਯਾਫਤਾ ਕੈਦੀ ਨੂੰ ਵਾਰ-ਵਾਰ ਪੈਰੋਲ ਦੇਣਾ ਅਤੇ ਬੰਦੀ ਸਿੰਘਾਂ ਦੀ ਰਿਹਾਈ ਵਿੱਚ ਰਾਹ ਦਾ ਰੋੜਾ ਬਣਨਾ ਪੰਜਾਬੀਆਂ ਨੂੰ ਪਸੰਦ ਨਹੀਂ ਆਉਂਦਾ ।

ਸਾਰੇ ਜਾਣਦੇ ਹਨ ਕਿ ਚੰਡੀਗੜ੍ਹ ਸ਼ਹਿਰ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਵਸਾਇਆ ਗਿਆ ਸੀ, ਇਸ ਲਈ ਪੰਜਾਬੀ ਚੰਡੀਗੜ੍ਹ ਉੱਪਰ ਆਪਣਾ ਜਾਇਜ਼ ਹੱਕ ਜਤਾਉਂਦੇ ਹਨ । ਕਿੱਡੀ ਕੁ ਵੱਡੀ ਗੱਲ ਹੋਵੇਗੀ ਜੇਕਰ ਪੰਜਾਬ ਦੇ ਭਾਜਪਾਈ ਨੇਤਾ ਵੀ ਪੰਜਾਬ ਵਾਸਤੇ ਚੰਡੀਗੜ੍ਹ ਦੀ ਮੰਗ ਦੇ ਹੱਕ ਵਿੱਚ ਖੜ੍ਹਨ । ਇਸ ਦੇ ਉਲਟ ਪੰਜਾਬੀਆਂ ਨੂੰ ਚਿੜਾਉਣ ਖਾਤਰ ਹਰਿਆਣੇ ਦੀ ਵਿਧਾਨ ਸਭਾ ਲਈ ਚੰਡੀਗੜ੍ਹ ਵਿੱਚ ਜਗ੍ਹਾ ਤਲਾਸ਼ੀ ਜਾ ਰਹੀ ਹੈ । ਇਹੀ ਹਾਲ ਪੰਜਾਬ ਯੂਨੀਵਰਸਿਟੀ ਦਾ ਹੈ । ਹਰਿਆਣਾ ਧੱਕੇ ਨਾਲ ਹੀ ਪੰਜਾਬ ਵਿਸ਼ਵ ਵਿਦਿਆਲੇ ਵਿੱਚ ਆਪਣੀ ਪ੍ਰਤੀਨਿਧਤਾ ਜਤਾ ਰਿਹਾ ਹੈ ।

2021 ਵਿੱਚ ਕੇਂਦਰ ਦੀ ਸਰਕਾਰ ਨੇ ਬੀ ਐੱਸ ਐੱਫ ਐਕਟ 1968 ਵਿੱਚ ਇੱਕ ਸੋਧ ਰਾਹੀਂ ਬੀ ਐੱਸ ਐੱਫ ਦਾ ਦਾਇਰਾ ਪੰਜਾਬ ਵਿੱਚ 15 ਕਿਲੋਮੀਟਰ ਤੋਂ ਵਧਾ ਕੇ 50 ਕਿਲੋਮੀਟਰ ਕਰ ਦਿੱਤਾ ਹੈ, ਜਿਸ ਬਾਬਤ ਬੀ ਜੇ ਪੀ ਨੂੰ ਛੱਡ ਕੇ ਬਾਕੀ ਸਾਰੀਆਂ ਪਾਰਟੀਆਂ ਨੇ ਕਾਫੀ ਵਾਵੇਲਾ ਖੜ੍ਹਾ ਕੀਤਾ ਸੀ । ਆਚੰਭੇ ਵਾਲੀ ਗੱਲ ਹੈ ਕਿ ਉਸੇ ਦਿਨ ਗੁਜਰਾਤ ਰਾਜ ਵਿੱਚ ਇਹ ਦਾਇਰਾ 80 ਕਿਲੋਮੀਟਰ ਤੋਂ ਘਟਾ ਕੇ 50 ਕਿਲੋਮੀਟਰ ਕੀਤਾ ਗਿਆ ਸੀ । ਪੰਜਾਬ ਸਰਕਾਰ ਇਸ ਕਦਮ ਨੂੰ ਪੰਜਾਬ ਪੁਲਸ ਦੇ ਪਰ ਕੁਤਰਨ ਦੇ ਤੁਲ ਸਮਝਦੀ ਹੈ ।

ਪੰਜਾਬ ਦੀ ‘ਆਪ’ ਸਰਕਾਰ ਕਿਉਂਕਿ ਵਿਰੋਧੀ ਪਾਰਟੀ ਦੀ ਸਰਕਾਰ ਹੈ , ਨਾਲ ਪਿਛਲੇ ਰਾਜਪਾਲ ਦੁਆਰਾ ਗੱਲ-ਗੱਲ ’ਤੇ ਕਲੇਸ਼ ਰੱਖਿਆ ਗਿਆ, ਜਦ ਕਿ ਸੰਘੀ ਢਾਂਚੇ ਵਿੱਚ ਰਾਜ ਸਰਕਾਰਾਂ ਦਾ ਛੋਟੇ ਭਾਈ ਦੀ ਤਰ੍ਹਾਂ ਸਤਿਕਾਰ ਕਰਨਾ ਬਣਦਾ ਹੈ । ਪਿਛਲੇ ਅਤੇ ਵਰਤਮਾਨ ਰਾਜਪਾਲ ਗੁਲਾਬ ਚੰਦ ਕਟਾਰੀਆ ਦੁਆਰਾ ਸਰਹੱਦੀ ਖੇਤਰਾਂ ਦਾ ਦੌਰਾ ਪੰਜਾਬ ਸਰਕਾਰ ਦੇ ਕੰਮਾਂ ਵਿਚ ਦਖਲਅੰਦਾਜ਼ੀ ਸਮਝੀ ਜਾਂਦੀ ਹੈ ।

ਪੰਜਾਬ ਸੂਬੇ ਦੀ ਆਪਣੀ ਚੁਣੀ ਹੋਈ ਸਰਕਾਰ ਹੈ, ਇਸ ਨੂੰ ਵਿਸ਼ਵ ਵਿਦਿਆਲਿਆਂ ਦੇ ਵਾਈਸ ਚਾਂਸਲਰ ਅਤੇ ਹੋਰ ਮਹੱਤਵਪੂਰਨ ਅਹੁਦਿਆਂ ਲਈ ਨਿਯੁਕਤੀਆਂ ਕਰਨ ਦਾ ਅਧਿਕਾਰ ਹੋਣਾ ਚਾਹੀਦਾ ਹੈ, ਪ੍ਰੰਤੂ ਰਾਜਪਾਲ ਰਾਜ ਸਰਕਾਰ ਦੀ ਸਲਾਹ ਨਾ ਮੰਨ ਕੇ ਮਨਮਰਜ਼ੀ ਦੀਆਂ ਨਿਯੁਕਤੀਆਂ ਕਰਨ ਲਈ ਬਜ਼ਿੱਦ ਹੋ ਜਾਂਦਾ ਹੈ ।ਪਿਛਲੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨਾਲ ਇੱਟ-ਖੜਿੱਕਾ ਕਈ ਵਾਰ ਅਦਾਲਤ ਵੀ ਪਹੁੰਚਿਆ, ਜਿਸ ਤੋਂ ਕਿ ਬਚਿਆ ਜਾਣਾ ਚਾਹੀਦਾ ਸੀ ।

ਪੰਜਾਬ ਅੰਦਰ ਕਿਸਾਨ ਦਹਾਕਿਆਂ ਤੋਂ ਆਪਣੀ ਫਸਲ ਆੜ੍ਹਤੀਏ, ਜੋ ਕਿ ਆਮ ਤੌਰ ’ਤੇ ਵਪਾਰੀ ਵਰਗ ਵਿੱਚੋਂ ਹਨ, ਰਾਹੀਂ ਵੇਚਦਾ ਆ ਰਿਹਾ ਹੈ, ਇਹ ਸੰਬੰਧ ਸਿਰਫ ਫ਼ਸਲ ਵੇਚਣ ਤੱਕ ਹੀ ਸੀਮਿਤ ਨਹੀਂ ਹਨ । ਆੜ੍ਹਤੀਆ ਕਿਸਾਨ ਲਈ ਏ ਟੀ ਐੱਮ ਦਾ ਕੰਮ ਵੀ ਕਰਦਾ ਹੈ । ਹਨੇਰੇ-ਸਵੇਰੇ ਲੋੜ ਵੇਲੇ ਆੜ੍ਹਤੀਆ ਹੀ ਕਿਸਾਨ ਦੇ ਕੰਮ ਆਉਂਦਾ ਹੈ । ਇਸ ਤਰ੍ਹਾਂ ਦੋਵਾਂ ਦਾ ਇਹ ਸਬੰਧ ਹਿੰਦੂ-ਸਿੱਖ ਭਾਈਚਾਰੇ ਨੂੰ ਮਜ਼ਬੂਤ ਕਰਨ ਵਿੱਚ ਵੀ ਸਹਾਈ ਹੁੰਦਾ ਹੈ । 2020 ਵਿੱਚ ਬੀ ਜੇ ਪੀ ਦੁਆਰਾ ਲਿਆਂਦੇ ਗਏ ਅਤੇ ਵਿਰੋਧ ਦੇ ਚਲਦਿਆਂ ਵਾਪਸ ਲਏ ਗਏ ਤਥਾ-ਕਥਿਤ ਕਾਲੇ ਕਾਨੂੰਨਾਂ ਵਿੱਚ ਕਿਸਾਨੀ ਫ਼ਸਲ ਦੇ ਸਰਕਾਰੀ ਮੰਡੀਕਰਨ ਨੂੰ ਬੰਦ ਕਰਕੇ ਕਾਰਪੋਰੇਟ ਸਿਸਟਮ ਲਾਗੂ ਕਰ ਦੇਣ ਨਾਲ ਹਿੰਦੂ-ਸਿੱਖ ਭਾਈਚਾਰੇ ਨੂੰ ਵੀ ਵੱਡੀ ਸੱਟ ਵੱਜਣ ਦੀ ਸੰਭਾਵਨਾ ਸੀ, ਜਿਸ ਦਾ ਪੁਰਜ਼ੋਰ ਵਿਰੋਧ ਕਰਨਾ ਬਣਦਾ ਹੈ ।

ਮੀਂਹ ਹਿਮਾਚਲ ਵਿੱਚ ਵਰ੍ਹਦੇ ਹਨ, ਹੜ੍ਹਾਂ ਦਾ ਪਾਣੀ ਘੱਗਰ ਰਾਹੀਂ ਅਤੇ ਡੈਮਾਂ ਰਾਹੀਂ ਪੰਜਾਬ ਦੀ ਬਰਬਾਦੀ ਕਰਦਾ ਹੈ , ਕਦੇ ਪੰਜਾਬ ਬੀ ਜੇ ਪੀ ਲੀਡਰਸ਼ਿਪ ਨੇ ਇਸ ਨੁਕਸਾਨ ਦੀ ਭਰਪਾਈ ਲਈ ਕੇਂਦਰ ਅੱਗੇ ਕੋਈ ਮੰਗ ਰੱਖੀ ਹੈ? ਉਲਟਾ ਪੰਜਾਬ ਲਈ ਨਿਗੂਣਾ ਮੁਆਵਜ਼ਾ ਐਲਾਨ ਕੇ ਪੰਜਾਬੀਆਂ ਨੂੰ ਚਿੜਾਇਆ ਗਿਆ ਅਤੇ ਪੰਜਾਬ ਬੀ ਜੇ ਪੀ ਦਾ ਜ਼ੋਰ ਕੇਂਦਰ ਨੂੰ ਸਹੀ ਠਹਿਰਾਉਣ ’ਤੇ ਲੱਗਿਆ ਰਿਹਾ ।

ਭਾਖੜਾ ਬਿਆਸ ਮੈਨੇਜਮੈਂਟ ਰੂਲਜ਼ ਸੋਧ ਬਿੱਲ 2022 ਰਾਹੀਂ ਪੰਜਾਬ ਅਤੇ ਹਰਿਆਣਾ ਦੋਵਾਂ ਰਾਜਾਂ ਦੀ ਸ਼ਰਤਾਂ ਅਧੀਨ ਪ੍ਰਤੀਨਿਧਤਾ ਖਤਮ ਕਰਕੇ ਕੇਂਦਰ ਦੇ ਚਹੇਤੇ ਅਫਸਰਾਂ ਦੀ ਨਿਯੁਕਤੀ ਦਾ ਰਾਹ ਸਾਫ ਕਰ ਲਿਆ ਗਿਆ ਹੈ, ਜਿਸ ਦਾ ਇਥੋਂ ਦੀ ਜਨਤਾ ਨੇ ਬਹੁਤ ਬੁਰਾ ਮਨਾਇਆ ।

ਬਿਜਲੀ ਬਿੱਲ ਵਿੱਚ ਸੋਧ ਨਾ ਕਰਨ ਦਾ ਵਾਅਦਾ ਕਰਕੇ ਬਿਜਲੀ ਸੋਧ ਬਿੱਲ 2022 ਲੈ ਕੇ ਆਉਣਾ, ਖੇਤੀ ਸੁਧਾਰ ਬਿੱਲ ਦਾ ਖਰੜਾ 2024 ਥੋਪਣ ਦੀਆਂ ਤਿਆਰੀਆਂ ਦਾ ਜੇਕਰ ਪੰਜਾਬੀ ਵਿਰੋਧ ਕਰਦੇ ਹਨ ਤਾਂ ਪੰਜਾਬ ਦੇ ਬੀ ਜੇ ਪੀ ਨੇਤਾਵਾਂ ਨੂੰ ਵੀ ਇਸ ਵਿਰੋਧ ਦਾ ਹਿੱਸਾ ਬਣਨਾ ਚਾਹੀਦਾ ਹੈ ।

ਫਰਵਰੀ 2025 ਵਿੱਚ ਸੀ ਬੀ ਐੱਸ ਸੀ ਸਿਲੇਬਸ ਵਿੱਚੋਂ ਇੱਕੋ ਝਟਕੇ ਪੰਜਾਬੀ ਨੂੰ ਬਾਹਰ ਕਰ ਦੇਣਾ ਅਤੇ ਦੇਸ਼ ਦੇ ਬਹੁਤ ਸਾਰੇ ਹਿੱਸਿਆਂ ਵੱਲੋਂ ਕੇਂਦਰ ਸਰਕਾਰ ਦੇ ਇਸ ਕਦਮ ਦੇ ਪੁਰਜ਼ੋਰ ਵਿਰੋਧ ਦੇ ਚਲਦਿਆਂ ਦੂਜੇ ਦਿਨ ਹੀ ਅਜਿਹੀ ਕਿਸੇ ਸੋਧ ਤੋਂ ਇਨਕਾਰ ਕਰ ਦੇਣਾ, ਭਾਵੇਂ ਸੁਆਗਤਯੋਗ ਹੈ, ਪ੍ਰੰਤੂ ਅਜਿਹੀ ਕੋਈ ਵੀ ਕੋਸ਼ਿਸ਼ ਪੰਜਾਬੀਆਂ ਦੇ ਮਨਾਂ ਅੰਦਰ ਖਦਸ਼ਾ ਜ਼ਰੂਰ ਪੈਦਾ ਕਰਦੀ ਹੈ ।

ਕਾਰਨ ਕੋਈ ਵੀ ਹੋ ਸਕਦੇ ਹਨ, ਪ੍ਰੰਤੂ ਅਮਰੀਕਾ ਤੋਂ ਡਿਪੋਰਟ ਕੀਤੇ ਭਾਰਤੀਆਂ ਨੂੰ ਭਾਰਤ ਲੈ ਕੇ ਆਏ ਅਮਰੀਕੀ ਜਹਾਜ਼ਾਂ ਦਾ ਪਵਿੱਤਰ ਸ਼ਹਿਰ ਅੰਮ੍ਰਿਤਸਰ ਉਤਾਰਨਾ ਪੰਜਾਬ ਦੀ ਟੂਰਿਸਟ ਸਨਅਤ ਨੂੰ ਪ੍ਰਭਾਵਤ ਕਰੇਗਾ , ਅਜਿਹਾ ਮੰਨਣਾ ਸੀ ਪੰਜਾਬੀਆਂ ਦਾ ।

ਪੰਜਾਬ ਬੀ ਜੇ ਪੀ ਦੁਆਰਾ ਉਪਰੋਕਤ ਮੁੱਦਿਆਂ ਉੱਤੇ ਕੇਂਦਰ ਦੀ ਹਾਂ ਵਿੱਚ ਹਾਂ ਮਿਲਾਉਣਾ ਉਹਨਾਂ ਦੀ ਨੀਤੀਗਤ ਪਹੁੰਚ ਦਾ ਹਿੱਸਾ ਤਾਂ ਹੋ ਸਕਦਾ ਹੈ, ਪ੍ਰੰਤੂ ਜੇਕਰ ਇਹ ਪਹੁੰਚ ਪਾਰਟੀ ਨੂੰ ਵੋਟਰਾਂ ਤੋਂ ਦੂਰ ਲੈ ਕੇ ਜਾਂਦੀ ਹੋਵੇ ਤਾਂ ਇੱਕ ਰਾਜਨੀਤਕ ਪਾਰਟੀ ਨੂੰ ਆਪਣੀ ਹੋਂਦ ਬਚਾਈ ਰੱਖਣ ਲਈ ਇਸ ਉੱਪਰ ਗੌਰ ਕਰਨੀ ਜ਼ਰੂਰੀ ਹੋ ਜਾਂਦੀ ਹੈ ।

ਗੱਲਾਂ ਭਾਵੇਂ ਛੋਟੀਆਂ-ਛੋਟੀਆਂ ਹਨ, ਪ੍ਰੰਤੂ ਪੰਜਾਬੀਆਂ ਦੇ ਮਨ ਜਿੱਤਣ ਲਈ ਇਹ ਪੰਜਾਬ ਵਿਚਲੇ ਭਾਜਪਾਈਆਂ ਦਾ ਧਿਆਨ ਜ਼ਰੂਰ ਮੰਗਦੀਆਂ ਹਨ ।ਪੰਜਾਬ ਦੇ ਭਾਜਪਾਈਆਂ ਨੂੰ ਪੰਜਾਬ ਦੇ ਹਿੱਤਾਂ ਖਾਤਰ ਕੇਂਦਰ ਨਾਲ ਨਹੀਂ, ਸਗੋਂ ਸਹੀ ਕੰਮਾਂ ਲਈ ਪੰਜਾਬ ਨਾਲ ਖੜ੍ਹਨਾ ਹੋਵੇਗਾ । ਕੋਸ਼ਿਸ਼ ਕਰਨੀ ਹੋਵੇਗੀ ਕਿ ਸਾਰੇ ਕਿਸਾਨ ਮਸਲਿਆਂ ਦਾ, ਕਿਸਾਨਾਂ ਦੀ ਸਹਿਮਤੀ ਨਾਲ ਹੱਲ ਕੱਢਣ ਵਿੱਚ ਪੰਜਾਬੀ ਭਾਜਪਾਈ ਮੋਹਰੀ ਭੂਮਿਕਾ ਨਿਭਾਉਣ । ਜਦੋਂ ਪੰਜਾਬ ਬੀ ਜੇ ਪੀ ਦੇ ਸਿਰਕੱਢ ਆਗੂ ਪੰਜਾਬ ਦੇ ਉਪਰੋਕਤ ਭਖਦੇ ਮੁੱਦਿਆਂ ਖਾਤਰ ਮੂਹਰੇ ਹੋ ਕੇ ਲੜਨਗੇ , ਓਦੋਂ ਪੰਜਾਬੀ ਵੀ ਉਨ੍ਹਾਂ ਨੂੰ ਨਿਰਾਸ਼ ਨਹੀਂ ਕਰਨਗੇ , ਅਜਿਹਾ ਮੇਰਾ ਮੰਨਣਾ ਹੈ । ਨਹੀਂ ਤਾਂ ਅਜਿਹੇ ਮੁੱਦਿਆਂ ਪ੍ਰਤੀ ਚੁੱਪੀ ਵੱਟ ਕੇ ਪੰਜਾਬ ਵਿੱਚੋਂ ਵੋਟਾਂ ਮਿਲਣੀਆਂ ਅਸੰਭਵ ਹੀ ਸਮਝੋ । ਕਹਿ ਸਕਦੇ ਹਾਂ ਕਿ ਪੰਜਾਬ ਵਿੱਚ ਇਸ ਵੇਲੇ ਪੰਜਾਬ ਬੀ ਜੇ ਪੀ ਦੀ ਨਹੀਂ, ਸਗੋਂ ਪੰਜਾਬੀ ਬੀ ਜੇ ਪੀ ਦੀ ਲੋੜ ਹੈ ।

ਸੰਪਰਕ : 98727-87243

4-NOV-PAGE-5.qxd 11/3/2025 10:32 PM Page 1



# ਪੰਜਾਬ ਯੂਨੀਵਰਸਿਟੀ ਨੂੰ ਸੂਬੇ ਦੇ ਲੋਕਾਂ ਤੋਂ ਖੋਹਣ ਦੀ ਇਜਾਜ਼ਤ ਨਹੀਂ ਦੇਵਾਂਗੇ : ਸੀ ਪੀ ਆਈ

## ਜ਼ਿਲ੍ਹਾ ਲੁਧਿਆਣਾ ਦੀ ਪਾਰਟੀ ਕਾਨਫਰੰਸ 30 ਨੂੰ : ਡੀ ਪੀ ਮੌੜ



**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਦੀ ਕੌਂਸਲ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਭਰਪੂਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੇ ਸ਼ੁਰੂ ਵਿੱਚ ਵਿੱਛੜੇ ਹੋਏ ਸਾਥੀਆਂ ਨੂੰ ਸ਼ਰਧਾਂਜਲੀ ਅਰਪਣ ਕਰਨ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ।21 ਤੋਂ 25 ਸਤੰਬਰ 2025 ਨੂੰ ਚੰਡੀਗੜ੍ਹ ਵਿਖੇ ਹੋਏ ਪਾਰਟੀ ਦੇ 25ਵੇਂ ਮਹਾਂ ਸੰਮੇਲਨ ਦੀ ਰਿਪੋਰਟਿੰਗ ਅਤੇ 15 ਤੇ 16 ਦਸੰਬਰ 2025 ਨੂੰ ਹੋਣ ਵਾਲੀ ਪਾਰਟੀ ਦੀ ਸੂਬਾਈ ਕਾਨਫਰੰਸ ਤੋਂ ਪਹਿਲਾਂ ਬ੍ਰਾਂਚਾਂ, ਬਲਾਕਾਂ ਤੇ ਜ਼ਿਲ੍ਹੇ ਦੀ ਕਾਨਫਰੰਸ ਤੈਅ ਕਰਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਜ਼ਿਲ੍ਹਾ ਐਗਜ਼ੈਕਟਿਵ ਦੀ ਮੀਟਿੰਗ ਵੱਲੋਂ ਰੱਖੇ ਗਏ ਸੁਝਾਅ ਕਿ ਜ਼ਿਲ੍ਹਾ ਪਾਰਟੀ ਦੀ ਕਾਨਫਰੰਸ 30 ਨਵੰਬਰ ਨੂੰ ਕੀਤੀ ਜਾਵੇ, 'ਤੇ ਕੌਂਸਲ ਨੇ ਮੋਹਰ ਲਾਈ।ਇਸੇ ਤਰ੍ਹਾਂ ਜ਼ਿਲ੍ਹੇ ਦੀਆਂ ਵੱਖ-ਵੱਖ ਬਲਾਕਾਂ ਦੀਆਂ ਕਾਨਫਰੰਸਾਂ ਵੀ ਤੈਅ ਕੀਤੀਆਂ ਗਈਆਂ।ਪਾਰਟੀ ਦੇ 25ਵੇਂ ਮਹਾਂਸੰਮੇਲਨ ਬਾਰੇ ਰਿਪੋਰਟਿੰਗ ਕਰਦੇ ਹੋਏ ਪਾਰਟੀ ਦੇ ਕੌਮੀ ਕਾਰਜਕਾਰਨੀ ਮੈਂਬਰ ਕਾਮਰੇਡ ਗੁਲਜ਼ਾਰ ਗੋਰੀਆ ਨੇ ਕਿਹਾ ਕਿ ਜਿਨ੍ਹਾਂ ਹਾਲਾਤਾਂ ਵਿੱਚ ਪਾਰਟੀ ਦਾ 25ਵਾਂ ਮਹਾਂਸੰਮੇਲਨ ਹੋਇਆ ਹੈ। ਉਨ੍ਹਾਂ ਵਿੱਚ ਪਾਰਟੀ ਦੀ ਖਾਸ ਕਰਕੇ ਤੇ ਖੱਬੇ ਪੱਖੀ ਤਾਕਤਾਂ ਦੀ ਜ਼ਿੰਮੇਵਾਰੀ ਬਹੁਤ ਜ਼ਿਆਦਾ ਹੈ ਤੇ ਆਰਐੱਸਐੱਸ-ਭਾਜਪਾ ਦੀ ਫਾਸ਼ੀਵਾਦੀ ਸਰਕਾਰ ਨੂੰ ਗੱਦੀਓਂ ਲਾਹੁਣ ਲਈ ਲਗਾਤਾਰ ਮਿਹਨਤ ਕਰਨੀ ਪਵੇਗੀ ਤੇ ਲੋਕਾਂ ਦੇ ਅਸਲ ਮੁੱਦੇ ਜੋ ਸਿਹਤ, ਸਿੱਖਿਆ ਤੇ ਰੁਜ਼ਗਾਰ ਨਾਲ ਜੁੜੇ ਹੋਏ ਹਨ, ਨੂੰ ਉਜਾਗਰ ਕਰਕੇ ਪਾਰਟੀ ਨੂੰ ਸੰਘਰਸ਼ ਲਾਮਬੰਦ ਕਰਨੇ ਪੈਣਗੇ।

ਉਨ੍ਹਾਂ ਦੀ ਆਦਿਵਾਸੀਆਂ ਪਿੱਛੜੇ ਵਰਗਾਂ ਤੇ ਅਨੁਸੂਚਿਤ ਜਾਤੀਆਂ 'ਤੇ ਲਗਾਤਾਰ ਹੋ ਰਹੇ ਹਮਲਿਆਂ ਦੀ ਨਿੰਦਾ ਕੀਤੀ ਅਤੇ ਕਿਹਾ ਕਿ ਪਾਰਟੀ ਡੱਟ ਕੇ ਇਨ੍ਹਾਂ ਦਾ ਮੁਕਾਬਲਾ ਕਰੇਗੀ।ਉਨ੍ਹਾਂ ਤੋਂ ਇਲਾਵਾ ਸੂਬਾ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਸਾਥੀ ਰਮੇਸ਼ ਰਤਨ ਨੇ ਸੰਬੋਧਨ ਕੀਤਾ।ਏਜੰਡਾ ਪੇਸ਼ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਸਕੱਤਰ ਸਾਥੀ ਡੀ ਪੀ ਮੌੜ ਨੇ ਕਿਹਾ ਕਿ ਚੰਡੀਗੜ੍ਹ ਵਿਖੇ ਹੋਏ ਪਾਰਟੀ ਦੇ ਮਹਾਂਸੰਮੇਲਨ ਦੇ ਮੌਕੇ ਪਾਰਟੀ ਵੱਲੋਂ ਕੀਤੀ ਗਈ ਲਾ-ਮਿਸਾਲ ਰੈਲੀ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਹਿੱਸਾ ਲਿਆ, ਨੇ ਪੰਜਾਬ ਵਿੱਚ ਸੀਪੀਆਈ ਦੀ ਖਾਸ ਕਰਕੇ ਤੇ ਖੱਬੀਆਂ ਪਾਰਟੀਆਂ ਲਈ ਆਪਣੀ ਜਗ੍ਹਾ ਬਣਾ ਲਈ ਹੈ। ਜਿਨ੍ਹਾਂ ਮੁੱਦਿਆਂ ਨੂੰ ਲੈ ਕੇ ਪਾਰਟੀ ਲਗਾਤਾਰ ਸੰਘਰਸ਼ ਕਰ ਰਹੀ ਹੈ, ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਲੋਕ ਉਸ ਨੂੰ ਬਣਦਾ ਥਾਂ ਦੇਣਗੇ।ਇਸ ਰਿਪੋਰਟ ਦੇ ਵੱਖ ਵੱਖ ਸਾਥੀਆਂ ਨੇ ਆਪਣੇ ਵਿਚਾਰ ਰੱਖੇ, ਜਿਨ੍ਹਾਂ ਵਿੱਚ ਸਾਥੀ ਚਮਕੌਰ ਸਿੰਘ ਬਰਮੀ ਸਹਾਇਕ ਜ਼ਿਲ੍ਹਾ ਸਕੱਤਰ, ਸਾਥੀ ਮਨਿੰਦਰ ਸਿੰਘ ਭਾਟੀਆ ਜ਼ਿਲ੍ਹਾ ਵਿੱਤ ਸਕੱਤਰ ਤੇ ਲੁਧਿਆਣਾ ਦੇ ਸ਼ਹਿਰੀ ਸਕੱਤਰ ਨੇ ਸੰਬੋਧਨ ਕੀਤਾ।ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ, ਜਿਨ੍ਹਾਂ ਵਿੱਚ ਮਲੌਦ ਦੇ ਸਕੱਤਰ ਭਗਵਾਨ ਸਿੰਘ ਸੋਮਲਖੇੜੀ, ਦੋਰਾਹਾ ਤੋਂ ਨਿਰੰਜਨ ਸਿੰਘ, ਰਾਏਕੋਟ ਤੋਂ ਕਰਤਾਰ ਰਾਮ, ਸਿੱਧਵਾਂ ਤੋਂ ਗੁਰਨਾਮ ਸਿੰਘ ਬਹਾਦਰ ਕੇ, ਜਗਰਾਉਂ ਤੋਂ ਚਮਕੌਰ ਸਿੰਘ ਦੌਧਰ, ਮੁੱਲਾਂਪੁਰ ਤੋਂ ਗੁਰਮੇਲ ਮੈਲੜੇ ਤੋਂ ਇਲਾਵਾ ਸਾਥੀ ਕੇਵਲ ਸਿੰਘ ਬਨਵੈਤ, ਐਡਵੋਕੇਟ ਨਵਲ ਛਿੱਬੜ, ਬਲਵੀਰ ਸਿੰਘ ਮਾਨ, ਕੁਲਦੀਪ ਬਿੰਦਰ, ਤਰਲੋਚਨ ਸਿੰਘ ਬਹਾਦਰ ਕੇ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।ਇਸ ਮੌਕੇ 1 ਨਵੰਬਰ 1913 ਨੂੰ ਗਦਰ ਅਖਬਾਰ ਦੀ ਸਥਾਪਨਾ ਨੂੰ ਇੱਕ ਇਤਿਹਾਸਿਕ ਘਟਨਾ ਦੱਸਦੇ ਹੋਏ ਮਤਾ ਪਾਸ ਕੀਤਾ ਗਿਆ ਤੇ ਕਿਹਾ ਗਿਆ ਕਿ ਇਸ ਘਟਨਾ ਤੋਂ ਬਾਅਦ ਦੇਸ਼ ਦੇ ਆਜ਼ਾਦੀ ਦੇ ਅੰਦੋਲਨ ਨੇ ਜ਼ੋਰ ਫੜਿਆ ਤੇ ਬਹੁਤ ਸਾਰੇ ਨੌਜਵਾਨਾਂ ਨੇ ਇਸ ਤੋਂ ਸੇਧ ਲਈ।ਇਸੇ ਤਰ੍ਹਾਂ ਅੱਜ ਹੀ ਕੇਂਦਰ ਸਰਕਾਰ ਵੱਲੋਂ ਪੰਜਾਬ ਦੀ ਚੰਡੀਗੜ੍ਹ ਸਥਿਤ ਯੂਨੀਵਰਸਿਟੀ ਪੰਜਾਬ ਯੂਨੀਵਰਸਿਟੀ ਦੇ ਸਿੰਡੀਕੇਟ ਤੇ ਸੈਨੇਟ ਨੂੰ ਖਤਮ ਕਰਕੇ ਪੰਜਾਬ ਦੇ ਗਲਬੇ ਨੂੰ ਖਤਮ ਕਰਨ ਦੀ ਕੋਝੀ ਸਾਜ਼ਿਸ਼ ਦੇ ਵਿਰੁੱਧ ਵੀ ਇੱਕ ਮਤਾ ਪਾਇਆ ਗਿਆ।ਸਾਥੀ ਡੀ ਪੀ ਮੌੜ ਨੇ ਸਾਥੀਆਂ ਵੱਲੋਂ ਉਠਾਏ ਗਏ ਮੁੱਦਿਆਂ ਦਾ ਜਵਾਬ ਦਿੱਤਾ ਤੇ ਅੰਤ ਵਿੱਚ ਕਾਮਰੇਡ ਭਰਪੂਰ ਸਿੰਘ ਨੇ ਪ੍ਰਧਾਨਗੀ ਭਾਸ਼ਣ ਕਰਦੇ ਹੋਏ ਸਾਰਿਆਂ ਦਾ ਧੰਨਵਾਦ ਕੀਤਾ।

# ਸੀਨੀਅਰ ਰੇਡੀਓਗ੍ਰਾਫ਼ਰ ਸੁਖਬੀਰ ਸਿੰਘ ਦੀ ਸੇਵਾਮੁਕਤੀ 'ਤੇ ਸ਼ਾਨਦਾਰ ਵਿਦਾਇਗੀ ਸਮਾਗਮ

**ਸਮਰਾਲਾ (ਸੁਰਜੀਤ ਸਿੰਘ)**-ਸਿਹਤ ਵਿਭਾਗ ਪੰਜਾਬ ਦੇ ਵੱਖ-ਵੱਖ ਹਸਪਤਾਲਾਂ ਵਿੱਚ 35 ਸਾਲ ਦੇ ਕਰੀਬ ਸੇਵਾਵਾਂ ਨਿਭਾਉਣ ਉਪਰੰਤ ਸੁਖਬੀਰ ਸਿੰਘ ਸੀਨੀਅਰ ਰੇਡੀਓਗ੍ਰਾਫ਼ਰ ਸੇਵਾਮੁਕਤ ਹੋ ਗਏ।ਸਿਵਲ ਹਸਪਤਾਲ ਖੰਨਾ 'ਚ ਉਨ੍ਹਾਂ ਨੂੰ ਸ਼ਾਨਦਾਰ ਵਿਦਾਇਗੀ ਦਿੱਤੀ ਗਈ।ਇਸ ਮੌਕੇ ਸਮਰਾਲਾ ਵਿਖੇ ਹੋਏ ਸੇਵਾਮੁਕਤੀ ਸਮਾਗਮ ਵਿੱਚ ਇਲਾਕੇ ਦੇ ਮੈਡੀਕਲ ਸੇਵਾਵਾਂ ਦੇ ਰਹੇ ਡਾਕਟਰਜ਼ ਤੇ ਪੈਰਾ ਮੈਡੀਕਲ ਸਟਾਫ ਸ਼ਾਮਲ ਹੋਏ, ਜਿਨ੍ਹਾਂ 'ਚ ਪ੍ਰਮੁੱਖ ਤੌਰ 'ਤੇ ਡਾਕਟਰ ਰਮਨਦੀਪ ਕੌਰ ਸਿਵਲ ਸਰਜਨ ਲੁਧਿਆਣਾ, ਡਾ. ਤਰਕਜੋਤ ਸਿੰਘ ਸੇਵਾਮੁਕਤ ਮੈਡੀਕਲ ਸੁਪਰਡੈਂਟ, ਡਾ. ਜਸਦੇਵ ਸਿੰਘ ਐਸ.ਐਮ.ਓ. ਸਮਰਾਲਾ ਅਤੇ ਮਾਛੀਵਾੜਾ, ਡਾ. ਬਲਵੀਰ ਸਿੰਘ ਐਮ.ਐਸ, ਡਾ. ਜਸਵਿੰਦਰ ਸਿੰਘ ਐਮ.ਐਸ. ਆਰਥੋ, ਡਾ. ਨਵਦੀਪ ਸਿੰਘ, ਡਾ. ਬਲਵਿੰਦਰ ਸਿੰਘ, ਡਾ. ਮਨਜੀਤ ਸਿੰਘ ਧਾਲੀਵਾਲ, ਗੁਰਦੀਪ ਸਿੰਘ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਜਲੰਧਰ, ਡਾ. ਅਵਤਾਰ ਸਿੰਘ, ਚੀਫ਼ ਫਾਰਮੇਸੀ ਅਫ਼ਸਰ ਗੁਰਦੀਪ ਸਿੰਘ, ਫਾਰਮਾਸਿਸਟ ਹਰਜਿੰਦਰ ਪਾਲ ਸਿੰਘ ਸਮਰਾਲਾ, ਸੁਖਦੇਵ ਸ਼ਰਮਾ ਮਾਛੀਵਾੜਾ, ਮਾਸਟਰ ਮੁਖਤਿਆਰ ਸਿੰਘ, ਰੇਡੀਓਗ੍ਰਾਫ਼ਰ ਪਰਮਜੀਤ ਕੌਰ ਸ਼ਾਮਲ ਹੋਏ, ਜਿਨ੍ਹਾਂ ਨੇ ਸੁਖਬੀਰ ਸਿੰਘ ਦੁਆਰਾ ਸਰਕਾਰੀ ਸੇਵਾ ਦੌਰਾਨ ਕੰਮਕਾਰ ਕਰਨ ਦੇ ਢੰਗ ਤੇ ਹਰ ਇੱਕ ਦੇ ਕੰਮ ਆਉਣਾ ਆਦਿ ਤੋਂ ਇਲਾਵਾ ਡਿਊਟੀ ਦੌਰਾਨ ਦਿੱਤੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ।ਸੇਵਾ ਮੁਕਤੀ ਸਮਾਗਮ ਦੌਰਾਨ ਸੁਖਬੀਰ ਸਿੰਘ ਨੂੰ ਵਿਭਾਗ ਵੱਲੋਂ ਸਨਮਾਨ ਪੱਤਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਹਰਜਿੰਦਰ ਪਾਲ ਸਿੰਘ ਸਮਰਾਲਾ ਨੇ ਨਿਭਾਈ।

# ਸਰਕੂਲਰ ਰੋਡ ਹਾਦਸੇ ਦੇ ਮ੍ਰਿਤਕਾਂ ਦੀ ਯਾਦ 'ਚ ਕੈਂਡਲ ਮਾਰਚ

## ਨਜਾਇਜ਼ ਕਬਜ਼ਾ ਕਰਨ ਵਾਲੇ ਤੇ ਰੇਹੜੀ ਚਾਲਕਾਂ ਤੋਂ ਲਈ ਜਾਂਦੀ ਹੈ ਰਿਸ਼ਵਤ



**ਨਾਭਾ (ਵਰਿੰਦਰ ਵਰਮਾ)**-ਇਤਿਹਾਸਿਕ ਸ਼ਹਿਰ ਨਾਭਾ ਦੇ ਬਾਈਪਾਸ ਰੋਡ 'ਤੇ ਲਗਾਤਾਰ ਪਿਛਲੇ ਲੰਬੇ ਸਮੇਂ ਤੋਂ ਸੜਕ ਦੇ ਦੋਨਾਂ ਪਾਸੇ ਹੋਏ ਨਜਾਇਜ਼ ਕਬਜ਼ਿਆਂ ਕਾਰਨ ਵਾਪਰੇ ਹਾਦਸਿਆਂ ਵਿੱਚ ਆਪਣੀਆਂ ਜਾਨਾਂ ਗਵਾ ਚੁੱਕੇ ਬੱਚਿਆਂ ਤੋਂ ਲੈ ਕੇ ਵੱਡੀ ਉਮਰ ਤੱਕਰ ਦੇ ਵਿਅਕਤੀਆਂ ਨੂੰ ਸ਼ਰਧਾਂਜਲੀ ਦੇਣ ਲਈ ਸੈਂਕੜਿਆਂ ਦੀ ਗਿਣਤੀ ਵਿੱਚ ਸਥਾਨਕ ਲੋਕਾਂ ਨੇ ਸਰਕੂਲਰ ਰੋਡ 'ਤੇ ਕੈਂਡਲ ਮਾਰਚ ਕਰਕੇ ਮ੍ਰਿਤਕਾਂ ਨੂੰ ਯਾਦ ਕੀਤਾ, ਨਾਲ ਹੀ ਉਨ੍ਹਾਂ ਪ੍ਰਸ਼ਾਸਨ ਦੀ ਅਣਗਹਿਲੀ 'ਤੇ ਸਵਾਲ ਚੁੱਕੇ। ਇਸ ਸੜਕ ਉੱਪਰ ਵੱਖ ਵੱਖ ਹਾਦਸਿਆਂ 'ਚ ਮਾਰੇ ਗਏ 20 ਦੇ ਕਰੀਬ ਮ੍ਰਿਤਕਾਂ ਦੇ ਪਰਿਵਾਰਕ ਮੈਂਬਰ ਵੀ ਇਸ ਮਾਰਚ ਵਿੱਚ ਪਹੁੰਚੇ।ਕਈਆਂ ਨੇ ਲੋਕਾਂ ਨੂੰ ਸੰਬੋਧਨ ਵੀ ਕੀਤਾ ਤੇ ਦੱਸਿਆ ਕਿ ਉਹ ਕਿਸ ਤਰੀਕੇ ਉੱਜੜੇ ਘਰ ਵਿੱਚ ਜ਼ਿੰਦਗੀ ਗੁਜ਼ਾਰ ਰਹੇ ਹਨ।ਇੱਕ ਮ੍ਰਿਤਕ ਅਜੇ ਕੁਮਾਰ ਦੇ ਰਿਸ਼ਤੇਦਾਰਾਂ ਨੇ ਦੱਸਿਆ ਕਿ ਅਜੇ ਦਾ ਵਿਆਹ ਤੋਂ ਪੰਜ ਦਿਨ ਬਾਅਦ ਹੀ ਸਰਕੂਲਰ ਰੋਡ ਉੱਪਰ ਹਾਦਸਾ ਹੋ ਗਿਆ ਸੀ।ਉਸ ਦੇ ਮਾਪੇ ਅੱਜ ਤੱਕ ਗਹਿਰੇ ਸਦਮੇ 'ਚ ਚਲੇ ਗਏ ਤੇ ਡਿਪਰੈਸ਼ਨ ਦੇ ਸ਼ਿਕਾਰ ਹੋਗਏ ਹਨ।ਉਹ ਆਪਣੀ ਰੋਜ਼ਾਨਾ ਜ਼ਿੰਦਗੀ ਦੇ ਛੋਟੇ ਛੋਟੇ ਕੰਮ ਤੋਂ ਵੀ ਅਸਮਰਥ ਹੋ ਗਏ ਹਨ।ਦੀਵਾਲੀ ਤੋਂ ਇੱਕ ਦਿਨ ਪਹਿਲਾਂ ਮਾਰਿਆ ਗਿਆ। ਸਾਲਾ ਨੇਹਾਨ ਦੇ ਮਾਪਿਆਂ ਨੇ ਦੱਸਿਆ ਕਿ ਉਨ੍ਹਾਂ ਬੱਚੇ ਨੂੰ ਇੱਕ ਕੱਪੜੇ ਦੀ ਕੰਪਨੀ ਨੇ ਫੋਟੋਸ਼ੂਟ ਲਈ ਚੁਣ ਲਿਆ ਸੀ ਤੇ ਉਸ ਖੂਬਸੂਰਤ ਬੱਚੇ ਨੂੰ ਕਿਸੇ ਟਰਾਲੇ ਦੀ ਬੇਕਾਬੂ ਰਫਤਾਰ ਨੇ ਕੁਚਲ ਦਿੱਤਾ, ਕਿਉਂਕਿ ਇੱਥੇ ਰਫਤਾਰ ਕਾਬੂ ਕਰਨ ਲਈ ਕੋਈ ਸਹੀ ਢੰਗ ਤਰੀਕੇ ਨਾਲ ਇਤਜ਼ਾਮ ਨਹੀਂ।ਬੱਚਾ ਆਪਣੀ ਮਾਤਾ ਨਾਲ ਸੜਕ ਦੇ ਇੱਕ ਪਾਸੇ ਰੁਕੀ ਹੋਈ ਸਕੂਟੀ ਉੱਪਰ ਬੈਠਾ ਸੀ ਤੇ ਉਸ ਦੀ ਮਾਤਾ ਰਸਤਾ ਕਰੋਸ ਕਰਨ ਲੱਗੀ ਤਾਂ ਹਾਦਸਾ ਵਾਪਰ ਗਿਆ, ਜਿਹੜੇ ਲੋਕਾਂ ਨੇ ਹਾਦਸਿਆਂ ਨੂੰ ਰੋਕਣ ਲਈ ਪਿਛਲੇ ਸਾਲਾਂ 'ਚ ਪ੍ਰਸ਼ਾਸਨ ਨੂੰ ਅਰਜ਼ੀਆਂ ਦਿੱਤੀਆਂ ਸਨ, ਉਹ ਵੀ ਇਸ ਮੌਕ ਲੋਕਾਂ ਨੂੰ ਦਿਖਾਈ ਗਈਆਂ।

ਗੱਲਬਾਤ ਦੌਰਾਨ ਐਡਵੋਕੇਟ ਗੀਤ ਇਕਬਾਲ ਸਿੰਘ, ਰਜੇਸ਼ ਢੀਂਗਰਾ, ਜਸਪਾਲ ਜੁਨੇਜਾ, ਗੁਰਦਿਆਲ ਇੰਦਰ ਸਿੰਘ ਬਿੱਲੂ ਸਾਬਕਾ ਚੇਅਰਮੈਨ, ਧੀਰ ਸਿੰਘ, ਡਾ. ਅਮਰਜੀਤ ਸਿੰਘ ਸਾਹਨੀ, ਅਵਤਾਰ ਸਿੰਘ ਧਾਲੀਵਾਲ, ਗੁਰਬਖਸ਼ੀਸ਼ ਸਿੰਘ ਭੱਟੀ ਸਾਬਕਾ ਪ੍ਰਧਾਨ ਨਗਰ ਕੌਂਸਲ, ਗੁਰਮੀਤ ਸਿੰਘ, ਹਰਪ੍ਰੀਤ ਸਿੰਘ ਸੀਨੀਅਰ ਕੌਂਸਲਰ, ਗੁਰਸੇਵਕ ਸਿੰਘ ਸਾਬਕਾ ਪ੍ਰਧਾਨ ਨਗਰ ਕੌਂਸਲ, ਐਡਵੋਕੇਟ ਸਨੀ ਰਹੇਜਾ, ਹਰਵਿੰਦਰ ਸਿੰਘ ਨਾਭਾ, ਜਗਦੀਸ਼ ਬੱਤਾ ਨੇ ਦੱਸਿਆ ਕਿ 2024 ਤੋਂ ਨਾਭਾ ਪ੍ਰਸ਼ਾਸਨ ਨੂੰ ਘਟੋ ਘੱਟ ਚਾਰ ਅਰਜ਼ੀਆਂ ਦਿੱਤੀਆਂ ਗਈਆਂ ਕਿ ਸੜਕ ਉੱਪਰ ਰਫਤਾਰ ਦਾ ਕੋਈ ਗੱਲ ਕੀਤਾ ਜਾਵੇ, ਪਰ ਪ੍ਰਸ਼ਾਸਨ ਨੇ ਇਸ ਬਾਬਤ ਇੱਕ ਵੀ ਕਦਮ ਨਾ ਪੁੱਟਿਆ, ਜਿਸ ਦਾ ਨਤੀਜਾ ਇਹ ਹੋਇਆ ਕਿ ਪਿਛਲੇ ਹਫਤੇ ਤਿੰਨ ਜਾਨਾਂ ਗਈਆਂ ਤੇ ਅੱਜ ਹੀ ਹੋਏ ਇੱਕ ਸੜਕ ਹਾਦਸੇ ਵਿੱਚ ਇੱਕ ਪੀੜਤ ਜੀਵਨ ਮੌਤ ਦੀ ਲੜਾਈ ਲੜ ਰਿਹਾ ਹੈ। ਇਹ ਕੈਂਡਲ ਮਾਰਚ ਸ਼ਾਹੀ ਸਮਾਧਾਂ ਤੋਂ ਸ਼ੁਰੂ ਹੋ ਕੇ ਉਸ ਸਥਾਨ 'ਤੇ ਖਤਮ ਕੀਤਾ ਗਿਆ, ਜਿੱਥੇ 9 ਸਾਲਾ ਬੱਚੇ ਦੀ ਮੌਤ ਹੋਈ ਸੀ।ਸਵਾਦ ਗਰੁੱਪ ਵੱਲੋਂ ਇਸ ਕੈਂਡਲ ਮਾਰਚ ਦਾ ਸੱਦਾ ਦਿੱਤਾ ਗਿਆ ਸੀ।ਸੰਵਾਦ ਦੇ ਮੈਂਬਰ ਐਡਵੋਕੇਟ ਗੀਤ ਇਕਬਾਲ ਸਿੰਘ, ਰਾਜੇਸ਼ ਢੀਂਗਰਾ, ਐਡਵੋਕੇਟ ਸਨੀ ਰਹੇਜਾ, ਗੁਰਮੀਤ ਸਿੰਘ, ਗੁਰਮੀਤ ਸਿੰਘ ਗੈਰੀ, ਮਹਿੰਦਰ ਪਾਲ ਬੱਬੀ ਭਾਦਸੋਂ, ਦਰਸ਼ਨ ਅਰੋੜਾ, ਰਾਜਿੰਦਰ ਸਿੱਧੂ, ਮੋਹਿਤ ਸਿੰਗਲਾ, ਮੋਹਨ ਸਿੰਘ, ਨਵਦੀਪ ਵਰਮਾ ਤੋਂ ਇਲਾਵਾ ਸਥਾਨਕ ਪ੍ਰਸ਼ਾਸਨ ਨੂੰ ਅਪੀਲ ਤੇਰਾ ਕਰ ਵਧ ਕਰ ਯੋਗ ਪ੍ਰਬੰਧ ਕੀਤੇ ਜਾਣ।ਇਸ ਮੌਕੇ ਸਮਾਜ ਸੇਵਕ ਸੰਦੀਪ ਸਿੰਘ, ਕੁਲਵੰਤ ਸਿੰਘ, ਸੁਖਦੇਵ ਢਿੰਡਸਾ, ਸੁਖਵਿੰਦਰ ਸਿੰਘ ਰਾਣਾ ਤੋ ਇਲਾਵਾ ਵੱਡੀ ਗਿਣਤੀ ਵਿੱਚ ਨੌਜਵਾਨ ਮੁੰਡੇ ਕੁੜੀਆਂ ਅਤੇ ਹਾਦਸਿਆਂ ਵਿੱਚ ਮਾਰੇ ਗਏ ਵਿਅਕਤੀਆਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

## ਕਾਤਰਾਂ

### ਮਹਿਲਾ ਨਾਲ ਬਦਸਲੂਕੀ ਦੇ ਮਾਮਲੇ 'ਚ ਦੋ ਨਾਮਜ਼ਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੁਲਸ ਚੌਕੀ ਚੁੰਨੀ ਕਲਾਂ ਦੇ ਅਧਿਕਾਰ ਖੇਤਰ 'ਚ ਪੈਂਦੇ ਇੱਕ ਪਿੰਡ ਦੀ ਔਰਤ ਨਾਲ ਕੀਤੀ ਗਈ ਕਥਿਤ ਬਦਸਲੂਕੀ ਦੇ ਮਾਮਲੇ 'ਚ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਮੁਕੱਦਮੇ 'ਚ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਇੱਕ ਔਰਤ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੋਸ਼ ਲਗਾਏ ਕਿ ਉਹ ਆਪਣੇ ਡੰਗਰਾਂ ਵਾਲੇ ਵਾੜੇ 'ਚ ਚੱਲੀ ਸੀ ਤਾਂ ਉਸ ਨੇ ਦੇਖਿਆ ਕਿ ਉਸ ਦਾ ਜੇਠ ਮੁਖਤਿਆਰ ਸਿੰਘ ਤੇ ਹਰਪ੍ਰੀਤ ਸਿੰਘ ਉਸ ਦੇ ਘਰ ਦੀ ਕੰਧ ਨਾਲ ਖੜ੍ਹ ਕੇ ਪਿਸ਼ਾਬ ਕਰ ਰਹੇ ਸਨ, ਜਿਨ੍ਹਾਂ ਕੋਲ ਉਸ ਨੇ ਇਤਰਾਜ਼ ਪ੍ਰਗਟ ਕੀਤਾ ਤਾਂ ਮੁਖਤਿਆਰ ਸਿੰਘ ਉਸ ਨੂੰ ਗਾਲਾਂ ਕੱਢਣ ਲੱਗ ਗਿਆ ਤੇ ਹਰਪ੍ਰੀਤ ਸਿੰਘ ਨੇ ਗਲਵੇਂ ਤੋਂ ਫੜ ਕੇ ਉਸ ਦੀ ਚੁੰਨੀ ਤੇ ਕਮੀਜ਼ ਫਾੜ ਦਿੱਤੇ।ਫਿਰ ਮੁਖਤਿਆਰ ਸਿੰਘ ਨੇ ਉਸ ਦੇ ਸਰੀਰਕ ਅੰਗਾਂ ਨੂੰ ਗਲਤ ਨੀਅਤ ਨਾਲ ਹੱਥ ਲਗਾਇਆ।ਪੀੜਤ ਔਰਤ ਦੇ ਬਿਆਨਾਂ 'ਤੇ ਥਾਣਾ ਬਡਾਲੀ ਆਲਾ ਸਿੰਘ ਵਿਖੇ ਮੁਖਤਿਆਰ ਸਿੰਘ ਤੇ ਹਰਪ੍ਰੀਤ ਸਿੰਘ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਵਾ ਕੇ ਚੁੰਨੀ ਕਲਾਂ ਚੌਕੀ ਦੇ ਇੰਚਾਰਜ ਥਾਣੇਦਾਰ ਹਰਜੀਤ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

### ਸੜਕ ਹਾਦਸੇ 'ਚ ਮੌਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਹਮੀਦੀ-ਵਜੀਦਕੇ ਖੁਰਦ ਲਿੰਕ ਸੜਕ ਉੱਪਰ ਵਾਪਰੇ ਹਾਦਸੇ 'ਚ ਟਰੈਕਟਰ ਨਾਲ ਟਕਰਾਉਣ ਕਾਰਨ ਮੋਟਰਸਾਈਕਲ ਚਾਲਕ ਨੌਜਵਾਨ ਦੀ ਮੌਤ ਹੋ ਜਾਣ ਦੀ ਦੁਖਦਾਈ ਖਬਰ ਹੈ।ਥਾਣਾ ਠੁੱਲੀਵਾਲ ਦੇ ਮੁੱਖ ਅਫ਼ਸਰ ਗੁਰਪਾਲ ਸਿੰਘ ਨੇ ਦੱਸਿਆ ਕਿ ਮਿਲੀ ਸੂਚਨਾ ਅਨੁਸਾਰ ਪਿੰਡ ਹਮੀਦੀ-ਵਜੀਦਕੇ ਖੁਰਦ ਸੜਕ ਉੱਪਰ ਇੱਕ ਮੋਟਰਸਾਈਕਲ ਦੀ ਕਿਸੇ ਟਰੈਕਟਰ ਨਾਲ ਟੱਕਰ ਹੋਣ ਕਾਰਨ ਮੋਟਰਸਾਈਕਲ ਸਵਾਰ ਦੀ ਮੌਕੇ 'ਤੇ ਮੌਤ ਹੋ ਗਈ ਹੈ।ਮ੍ਰਿਤਕ ਨੌਜਵਾਨ ਦੀ ਪਹਿਚਾਣ ਦਵਿੰਦਰ ਸਿੰਘ (26) ਪੁੱਤਰ ਜਗਜੀਤ ਸਿੰਘ ਵਾਸੀ ਫਤਿਹਗੜ੍ਹ ਪੰਜਗਰਾਈਆਂ (ਸੰਗਰੂਰ) ਵਜੋਂ ਹੋਈ।ਉਨ੍ਹਾਂ ਦੱਸਿਆ ਕਿ ਇਸ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕਰਵਾਉਣ ਤੋਂ ਬਾਅਦ ਹੀ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।ਇਸ ਦੁਖਦਾਈ ਘਟਨਾ ਦੀ ਖਬਰ ਮਿਲਣ ਨਾਲ ਪਿੰਡ ਤੇ ਇਲਾਕੇ 'ਚ ਮਾਹੌਲ ਸੋਗਮਈ ਬਣ ਗਿਆ ਹੈ।

### ਢਾਬੇ ਦੇ ਕਰਿੰਦੇ ਦੇ ਕਤਲ ਮਾਮਲੇ 'ਚ ਇਕ ਗ੍ਰਿਫਤਾਰ

**ਪਟਿਆਲਾ (ਰਾਜਿੰਦਰ ਥਿੰਦ)**-ਮਾਲ ਰੋਡ 'ਤੇ ਸ਼ਨੀਵਾਰ ਨੂੰ ਢਾਬੇ ਦੇ ਕਰਿੰਦੇ ਸੰਤੋਸ਼ ਯਾਦਵ ਦੇ ਕਤਲ ਮਾਮਲੇ 'ਚ ਪੁਲਸ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ।ਮੁਲਜ਼ਮ ਦੀ ਪਛਾਣ ਰਾਹੁਲ ਵਜੋਂ ਹੋਈ ਹੈ।ਡੀਐੱਸਪੀ ਸਤਨਾਮ ਸਿੰਘ ਨੇ ਦੱਸਿਆ ਕਿ ਸ਼ਨੀਵਾਰ ਰਾਤ 6 ਲੜਕੇ ਢਾਬੇ 'ਤੇ ਰੋਟੀ ਖਾਣ ਆਏ ਸੀ।ਖਾਣੇ ਦੇ ਬਿੱਲ 'ਚ ਡਿਸਕਾਊਂਟ ਨੂੰ ਲੈ ਕੇ ਇਨ੍ਹਾਂ ਲੜਕਿਆਂ ਵੱਲੋਂ ਕੈਸ਼ੀਅਰ ਨਾਲ ਬਹਿਸ ਕੀਤੀ ਗਈ ਤੇ ਕੈਸ਼ੀਅਰ ਦੇ ਥੱਪੜ ਮਾਰਿਆ ਗਿਆ।ਇਸ ਤੋਂ ਬਾਅਦ ਲੜਕੇ ਢਾਬੇ ਤੋਂ ਭੱਜਣ ਲੱਗੇ। ਢਾਬਾ ਮੁਲਾਜ਼ਮਾਂ ਨੇ ਇਨ੍ਹਾਂ ਨੂੰ ਰੋਕਣਾ ਚਾਹਿਆ ਤਾਂ ਇਨ੍ਹਾਂ ਵਿੱਚੋਂ ਇੱਕ ਰਾਹੁਲ ਨਾਮ ਦੇ ਲੜਕੇ ਨੇ ਢਾਬੇ ਦੇ ਕਰਿੰਦੇ ਸੰਤੋਸ਼ ਦੇ ਚਾਕੂ ਮਾਰ ਦਿੱਤਾ।ਸੰਤੋਸ਼ ਦੀ ਮੌਤ ਹੋ ਗਈ ਤੇ ਹਮਲਾਵਰ ਫਰਾਰ ਹੋ ਗਏ।ਡੀਐੱਸਪੀ ਨੇ ਦੱਸਿਆ ਕਿ ਇਸ ਸਬੰਧੀ 6 ਜਣਿਆਂ ਖਿਲਾਫ ਪਰਚਾ ਦਰਜ ਕੀਤਾ ਹੈ ਤੇ ਚਾਕੂ ਮਾਰਨ ਵਾਲੇ ਰਾਹੁਲ ਨੂੰ ਗ੍ਰਿਫਤਾਰ ਕਰ ਲਿਆ ਹੈ।ਬਾਕੀਆਂ ਦੀ ਭਾਲ ਜਾਰੀ ਹੈ।

# ਰਵਨੀਤ ਬਿੱਟੂ ਕਬੱਡੀ ਖਿਡਾਰੀ ਤੇਜਪਾਲ ਦੇ ਘਰ ਪੁੱਜੇ, ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਜਗਰਾਉਂ (ਅਮਿਤ ਖੰਨਾ)**-ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਜਗਰਾਉਂ ਦੇ ਗਿੱਦੜਵਿੰਡੀ ਪਿੰਡ ਵਿੱਚ ਕਬੱਡੀ ਖਿਡਾਰੀ ਤੇਜਪਾਲ ਸਿੰਘ ਦੇ ਘਰ ਦਾ ਦੌਰਾ ਕੀਤਾ।ਤੇਜਪਾਲ ਦੀ ਕੱਲ੍ਹ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ।ਰਵਨੀਤ ਬਿੱਟੂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਤੇ ਉਨ੍ਹਾਂ ਨੂੰ ਇਨਸਾਫ਼ ਯਕੀਨੀ ਬਣਾਉਣ ਲਈ ਕੇਂਦਰ ਸਰਕਾਰ ਵੱਲੋਂ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਤਲ, ਡਕੈਤੀ ਤੇ ਜ਼ਬਰਦਸਤੀ ਦੀਆਂ ਲਗਾਤਾਰ ਹੋ ਰਹੀਆਂ ਘਟਨਾਵਾਂ ਸੂਬਾ ਸਰਕਾਰ ਦੀ ਕਾਨੂੰਨ ਵਿਵਸਥਾ ਦੀ ਅਸਫਲਤਾ ਦਾ ਸਪੱਸ਼ਟ ਸਬੂਤ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ।ਇਸ ਦੌਰਾਨ ਪਰਿਵਾਰ ਕਬੱਡੀ ਖਿਡਾਰੀ ਤੇਜਪਾਲ ਸਿੰਘ ਦੇ ਕਤਲ ਸਬੰਧੀ ਪੁਲਸ ਦੇ ਸਿਧਾਂਤ ਨਾਲ ਅਸਹਿਮਤ ਹੈ।ਜਗਰਾਉਂ ਦੇ ਐੱਸ ਐੱਸ ਪੀ ਅੰਕੁਰ ਗੁਪਤਾ ਨੇ ਵਾਰ-ਵਾਰ ਕਿਹਾ ਕਿ ਤੇਜਪਾਲ ਦਾ ਕਤਲ ਪੁਰਾਣੀ ਰੰਜਿਸ਼ ਕਾਰਨ ਹੋਇਆ ਸੀ, ਇਸ ਲਈ ਦੁਸ਼ਮਣੀ ਦੀਆਂ ਅਫਵਾਹਾਂ ਕਿੱਥੋਂ ਪੈਦਾ ਹੋਈਆਂ? ਤੇਜਪਾਲ ਦੀ 31 ਅਕਤੂਬਰ ਨੂੰ ਜਗਰਾਉਂ ਦੇ ਐਸਐਸਪੀ ਦਫ਼ਤਰ ਤੋਂ 250 ਮੀਟਰ ਦੂਰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਇਸ ਮੌਕੇ ਜ਼ਿਲ੍ਹਾ ਜਗਰਾਉਂ ਭਾਜਪਾ ਪ੍ਰਧਾਨ ਡਾ. ਰਜਿੰਦਰ ਸ਼ਰਮਾ, ਸੁਰੇਸ਼ ਗਰਗ, ਮੰਡਲ ਪ੍ਰਧਾਨ ਗਿੱਦੜਵਿੰਡੀ ਗੁਰਭੇਜ ਸਿੰਘ, ਡਾ. ਪਰਮਜੀਤ ਸਿੰਘ ਬਾਗੀਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

# ਪੈਨਸ਼ਨਰਾਂ ਵੱਲੋਂ ਪਾਵਰਕਾਮ ਮੈਨੇਜਮੈਂਟ ਵਿਰੁੱਧ 7 ਨੂੰ ਧਰਨਾ ਤੇ ਰੋਸ ਪ੍ਰਦਰਸ਼ਨ

**ਮੋਗਾ (ਇਕਬਾਲ ਸਿੰਘ ਖਹਿਰਾ)**

ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਐਂਡ ਟਰਾਂਸਕੋ ਸਰਕਲ ਫਰੀਦਕੋਟ ਦੀ ਐਗਜ਼ੈਕਟਿਵ ਕਮੇਟੀ ਦੀ ਮੀਟਿੰਗ ਸਾਥੀ ਬਲੌਰ ਸਿੰਘ ਪ੍ਰਧਾਨ ਦੀ ਪ੍ਰਧਾਨਗੀ ਹੇਠ ਰੈਸਟ ਹਾਊਸ ਮੋਗਾ ਵਿਖੇ ਹੋਈ, ਜਿਸ ਵਿੱਚ ਸਿਟੀ ਮੋਗਾ, ਸਬਅਰਬਨ ਮੋਗਾ, ਬਾਘਾ ਪੁਰਾਣਾ, ਕੋਟਕਪੂਰਾ, ਫਰੀਦਕੋਟ ਮੰਡਲ ਦੇ ਪ੍ਰਧਾਨ/ਸਕੱਤਰ ਸ਼ਾਮਲ ਹੋਏ।ਮੀਟਿੰਗ ਦੀ ਕਾਰਵਾਈ ਸ਼ੁਰੂ ਕਰਦੇ ਹੋਏ ਸੁਰਿੰਦਰਪਾਲ ਸਿੰਘ ਸਕੱਤਰ ਨੇ ਦੱਸਿਆ ਕਿ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਪੈਨਸ਼ਨਰਜ਼ ਦੀਆਂ ਮੰਗਾਂ ਮੰਨਣ ਸੰਬੰਧੀ ਬਿਲਕੁਲ ਚੁੱਪ ਧਾਰੀ ਹੋਈ ਹੈ, ਇਸ ਲਈ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਸੰਘਰਸ਼ ਦਾ ਐਲਾਨ ਕੀਤਾ ਗਿਆ।ਸਾਥੀ ਬਲੌਰ ਸਿੰਘ ਪ੍ਰਧਾਨ ਨੇ ਦੱਸਿਆ ਕਿ ਪੰਜਾਬ ਦੇ ਮੁਖ ਮੰਤਰੀ ਵਲੋ ਵਾਰ ਵਾਰ, ਮੀਟਿੰਗ ਦਾ ਸਮਾ ਦੇ ਕੇ ਕਦੇ ਵੀ ਮੀਟਿੰਗ ਨਹੀ ਕੀਤੀ ਪੰਜਾਬ ਸਰਕਾਰ ਨੇ ਮੁਲਾਜ਼ਮ ਤੇ ਪੈਨਸ਼ਨਰਜ਼ ਨੂੰ ਆਪਣੇ ਅਜੰਡੇ ਵਿੱਚੋਂ ਬਾਹਰ ਕਰ ਦਿੱਤਾ ਹੈ। ਇਸ ਦੀ ਤਾਜ਼ਾ ਉਦਾਹਰਣ ਦਿਵਾਲੀ ਮੌਕੇ ਡੀ ਏ ਦੀ ਕੋਈ ਕਿਸ਼ਤ ਜਾਰੀ ਨਹੀਂ ਕੀਤੀ ਗਈ। ਇਸ ਲਈ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਪਾਵਰਕਾਮ ਮੈਨੇਜਮੈਂਟ ਵਿਰੁੱਧ 7 ਨਵੰਬਰ 2025 ਨੂੰ ਹੈੱਡ ਆਫਿਸ ਪਟਿਆਲਾ ਦੇ ਸਾਹਮਣੇ ਰੋਹ ਭਰਪੂਰ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਪੰਜਾਬ ਸਰਕਾਰ ਵਿਰੁੱਧ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ 16-11-2025 ਨੂੰ ਧੂਰੀ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਅੱਜ ਦੀ ਕਾਰਜਕਾਰੀ ਕਮੇਟੀ ਵੱਲੋਂ ਪੰਜਾਬ ਸਰਕਾਰ ਵੱਲੋਂ ਪਾਵਰਕਾਮ ਦੀਆਂ ਜਾਇਦਾਦ ਵੇਚਣ ਦੇ ਫੈਸਲੇ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ, ਜੇਕਰ ਪੰਜਾਬ ਸਰਕਾਰ ਵਲੋ ਇਹ ਫੈਸਲਾ ਵਾਪਸ ਨਾ ਲਿਆ ਗਿਆ ਤਾਂ ਪੰਜਾਬ ਦੇ ਸਮੂਹ ਪੈਨਸ਼ਨਰਜ਼ ਵੱਲੋਂ ਜ਼ੋਰਦਾਰ ਸੰਘਰਸ਼ ਕੀਤਾ ਜਾਵੇਗਾ।ਮੀਟਿੰਗ 'ਚ ਸਾਥੀ ਬੰਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸਾਥੀ ਅਮਰਜੀਤ ਸਿੰਘ ਮੀਤ ਪ੍ਰਧਾਨ, ਸਾਥੀ ਬਲਵਿੰਦਰ ਸਿੰਘ ਦਾਤੇਵਾਲ ਵਿੱਤ ਸਕੱਤਰ, ਸਾਥੀ ਹਰਬੰਸ ਸਿੰਘ, ਕੁੰਢਾ ਸਿੰਘ, ਸਾਥੀ ਜੰਗੀਰ ਸਿੰਘ ਸਰਪ੍ਰਸਤ, ਸਾਥੀ ਬਲਵਿੰਦਰ ਰਾਮ ਸਹਾਇਕ ਸਕੱਤਰ, ਸਾਥੀ ਜਗਰੂਪ ਸਿੰਘ ਪ੍ਰਧਾਨ, ਸਾਥੀ ਜੋਗਿੰਦਰ ਸਿੰਘ ਸਕੱਤਰ, ਸਾਥੀ ਭੋਲਾ ਰਾਮ ਸਕੱਤਰ, ਸਾਥੀ ਦਰਸ਼ਨ ਬਾਵਾ ਪ੍ਰਧਾਨ, ਸਾਥੀ ਪੂਰਨ ਸਿੰਘ ਸਕੱਤਰ ਸ਼ਾਮਲ ਹੋਏ।



# ਪੰਜਾਬ ਯੂਨੀਵਰਸਿਟੀ ਨੂੰ ਪੰਜਾਬ ਤੋਂ ਖੋਹਣਾ ਪੰਜਾਬ ਦੀ ਹੋਂਦ ਤੇ ਲੋਕਤੰਤਰ 'ਤੇ ਸਿੱਧਾ ਹਮਲਾ : ਲਿਬਰੇਸ਼ਨ



**ਮਾਨਸਾ (ਆਤਮਾ ਸਿੰਘ ਪਮਾਰ)**

ਸੀ.ਪੀ.ਆਈ. (ਐੱਮ ਐੱਲ) ਲਿਬਰੇਸ਼ਨ ਦੇ ਸੂਬਾਈ ਦਫ਼ਤਰ ਬਾਬਾ ਬੂਝਾ ਸਿੰਘ ਭਵਨ ਵਿਖੇ ਲਿਬਰੇਸ਼ਨ ਪਾਰਟੀ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਕਾਮਰੇਡ ਮੁਖਤਿਆਰ ਕੁਲਹਿਰੀ ਸਾਬਕਾ ਸਰਪੰਚ ਦੀ ਪ੍ਰਧਾਨਗੀ ਹੇਠ ਹੋਈ।ਲਿਬਰੇਸ਼ਨ ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਰਾਣਾ ਨੇ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਕੇਂਦਰ ਦੇ ਅਧੀਨ ਕਰਨ ਦੀ ਮੋਦੀ ਸਰਕਾਰ ਦੀ ਕੋਸ਼ਿਸ਼ ਪੰਜਾਬ ਦੇ ਸੂਬਾਈ ਅਧਿਕਾਰਾਂ ਤੇ ਸਾਂਝੀ ਪਛਾਣ ਉੱਤੇ ਗੰਭੀਰ ਹਮਲਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਸਿਰਫ਼ ਵਿਦਿਅਕ ਸੰਸਥਾ ਹੀ ਨਹੀਂ, ਸਗੋਂ ਪੰਜਾਬੀ ਭਾਸ਼ਾ, ਸਾਹਿਤ, ਸੰਸਕ੍ਰਿਤੀ ਤੇ ਪ੍ਰਗਤੀਸ਼ੀਲ ਵਿਚਾਰਧਾਰਾ ਦੀ ਧੁਰੀ ਹੈ।ਇਸ ਨੂੰ ਪੰਜਾਬ ਤੋਂ ਵੱਖ ਕਰਨਾ ਕੇਵਲ ਪ੍ਰਸ਼ਾਸਕੀ ਤਬਦੀਲੀ ਨਹੀਂ, ਬਲਕਿ ਸਿਆਸੀ ਮਨਸ਼ਾ ਤਹਿਤ ਕੀਤਾ ਜਾ ਰਿਹਾ ਹਮਲਾ ਹੈ, ਜਿਸ ਦਾ ਉਦੇਸ਼ ਪੰਜਾਬ ਦੀ ਬੌਧਿਕ ਖੁਦਮੁਖਤਿਆਰੀ ਨੂੰ ਖਤਮ ਕਰਨਾ ਹੈ।ਇਸੇ ਦੌਰਾਨ ਨਿੱਕਾ ਸਿੰਘ ਸਮਾਓਂ ਨੇ ਕਿਹਾ ਕਿ ਲਿਬਰੇਸ਼ਨ ਦਾ ਮੰਨਣਾ ਹੈ ਕਿ ਸਿੱਖਿਆ ਤੇ ਸੱਭਿਆਚਾਰਕ ਸੰਸਥਾਵਾਂ ਸੂਬਿਆਂ ਦੀ ਮਾਲਕੀ ਹੁੰਦੀਆਂ ਹਨ।ਕੇਂਦਰ ਵੱਲੋਂ ਸੂਬਿਆਂ ਦੇ ਅਧਿਕਾਰਾਂ 'ਚ ਦਖਲਅੰਦਾਜ਼ੀ ਭਾਰਤ ਦੇ ਸੰਘੀ ਢਾਂਚੇ ਤੇ ਲੋਕਤੰਤਰਕ ਆਤਮਾ ਨਾਲ ਧ੍ਰੋਹ ਹੈ।ਉਨ੍ਹਾਂ ਦੱਸਿਆ ਕਿ ਇਹ ਫ਼ੈਸਲਾ ਪੰਜਾਬ ਦੇ ਲੋਕਾਂ, ਅਧਿਆਪਕਾਂ ਤੇ ਵਿਦਿਆਰਥੀਆਂ ਨਾਲ ਕੋਈ ਸਲਾਹ ਬਿਨਾਂ ਹੀ ਲਿਆ ਗਿਆ ਹੈ, ਜੋ ਗੈਰ-ਲੋਕਤਾਂਤ੍ਰਿਕ ਹੈ ਤੇ ਇਹ ਦਰਸਾਉਂਦਾ ਹੈ ਕਿ ਮੋਦੀ ਸਰਕਾਰ ਸੂਬਿਆਂ ਨੂੰ ਆਪਣਾ ਉਪਨਿਵੇਸ਼ ਸਮਝਦੀ ਹੈ।ਕਾਮਰੇਡ ਰਾਣਾ ਨੇ ਕਿਹਾ ਕਿ ਵਿਦਿਆਰਥੀ, ਅਧਿਆਪਕ, ਲੇਖਕ, ਕਲਾਕਾਰ ਤੇ ਲੋਕਤੰਤਰ ਪਸੰਦ ਤਾਕਤਾਂ ਨੂੰ ਇਸ ਹਮਲੇ ਵਿਰੁੱਧ ਇਕੱਠੇ ਹੋਣ।ਪੰਜਾਬ ਯੂਨੀਵਰਸਿਟੀ ਦਾ ਭਵਿੱਖ ਪੰਜਾਬ ਦੀ ਪਛਾਣ ਨਾਲ ਜੁੜਿਆ ਹੈ ਤੇ ਇਸ ਨੂੰ ਕੇਂਦਰੀ ਕਬਜ਼ੇਦਾਰੀ ਤੋਂ ਬਚਾਉਣ ਲਈ ਪਾਰਟੀ ਸੜਕ ਤੋਂ ਸੰਸਦ ਤੱਕ ਸੰਘਰਸ਼ ਕਰੇਗੀ।ਮੀਟਿੰਗ 'ਚ ਕਾਮਰੇਡ ਗੁਰਮੀਤ ਨੰਦਗੜ੍ਹ, ਕਾਮਰੇਡ ਬਲਵਿੰਦਰ ਘਰਾਂਗਣਾ, ਗੁਰਸੇਵਕ ਮਾਨ, ਬਲਵਿੰਦਰ ਕੌਰ ਵੈਰਾਗੀ, ਕਾਮਰੇਡ ਵਿਜੇ ਕੁਮਾਰ ਭੀਖੀ, ਧਰਮਪਾਲ ਨੀਟਾ, ਜਸਪਾਲ ਖੋਖਰ, ਤਰਸੇਮ ਖਾਲਸਾ, ਬਿੰਦਰ ਕੌਰ ਉੱਡਤ, ਜੀਤ ਬੋਹਾ, ਸੁਖਜੀਤ ਰਾਮਾਨੰਦੀ ਆਦਿ ਹਾਜ਼ਰ ਸਨ।

# ਜਲੰਧਰ ਵਾਲੇ ਕੌਮਾਂਤਰੀ ਗ਼ਦਰੀ ਮੇਲੇ 'ਤੇ ਕੋਨੇ-ਕੋਨੇ 'ਚੋਂ ਪੁੱਜੇ ਜੱਥੇ

## ਗ਼ਦਰੀ ਸ਼ਹੀਦ ਹਾਫ਼ਿਜ਼ ਅਬਦੁੱਲਾ ਜਗਰਾਓਂ ਦੀ ਜਨਮਭੂਮੀ ਤੋਂ ਵੀ ਪੁੱਜਾ ਜੱਥਾ



**ਲੁਧਿਆਣਾ (ਰੈਕਟਰ ਕਥੂਰੀਆ)**

ਪਹਿਲੀ ਨਵੰਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ 34ਵੇਂ ਬੀਬੀ ਗੁਲਾਬ ਕੌਰ ਨੂੰ ਸਮਰਪਤ ਗ਼ਦਰੀ ਮੇਲੇ 'ਤੇ ਜਗਰਾਓਂ ਤੋਂ ਵੀ ਵਿਸ਼ਾਲ ਜੱਥੇ ਮੇਲੇ ਵਿੱਚ ਪੁੱਜੇ।ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਦੀ ਅਗਵਾਈ 'ਚ ਵੀ ਜੱਥਾ ਰਵਾਨਾ ਹੋਇਆ।ਤਿੰਨ ਰੋਜ਼ਾ ਮੇਲੇ ਦੇ ਆਖਰੀ ਦਿਨ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਗ਼ਦਰੀ ਸ਼ਹੀਦਾਂ ਦੀ ਜਨਮ-ਭੂਮੀਆਂ ਤੋਂ ਸ਼ਹੀਦਾਂ ਦੇ ਬੈਨਰ ਲੈ ਕੇ ਪੰਹੁਚਣ ਦਾ ਸੱਦਾ ਦਿੱਤਾ ਗਿਆ ਸੀ।

ਇਸ ਸੱਦੇ ਤਹਿਤ ਜਗਰਾਓਂ ਦੇ ਜੰਮਪਲ ਤੇ ਮਨੀਲਾ ਦੀ ਗ਼ਦਰ ਪਾਰਟੀ ਦੇ ਪ੍ਰਧਾਨ ਹਾਫ਼ਿਜ਼ ਅਬਦੁੱਲਾ ਜਗਰਾਓਂ 29 ਮਾਰਚ 1917 ਨੂੰ ਅੰਗਰੇਜ਼ ਸਰਕਾਰ ਵੱਲੋਂ ਗ਼ਦਰ ਦੇ ਦੋਸ਼ ਹੇਠ ਫਾਂਸੀ ਚੜ੍ਹਾ ਦਿੱਤਾ ਗਿਆ ਸੀ।ਉਸ ਮਹਾਨ ਕੁਰਬਾਨੀ ਨੂੰ ਯਾਦ ਕਰਦਿਆਂ ਗ਼ਦਰ ਪਾਰਟੀ ਦੀ ਅਗਵਾਈ 'ਚ ਹੋਰਨਾਂ ਗ਼ਦਰੀ ਬਾਬਿਆਂ ਨਾਲ ਦੇਸ਼ ਦੀ ਆਜ਼ਾਦੀ ਲਈ ਜਾਨਾਂ ਤਲੀ 'ਤੇ ਰੱਖ ਕੇ ਆਏ ਮਹਾਨ ਗ਼ਦਰੀ ਬਾਬੇ ਹਾਫ਼ਿਜ਼ ਅਬਦੁੱਲਾ ਜਗਰਾਓਂ ਨੂੰ ਅੰਗਰੇਜ਼ ਹਕੂਮਤ ਨੇ ਦੇਸ਼ ਧ੍ਰੋਹ ਦੇ ਦੋਸ਼ 'ਚ ਫਾਂਸੀ 'ਤੇ ਲਟਕਾ ਦਿੱਤਾ ਸੀ। ਸੰਨ 1947 'ਚ ਹੋਰਨਾਂ ਮੁਸਲਮਾਨਾਂ ਵਾਂਗ ਉਜੜ ਕੇ ਹਾਫ਼ਿਜ਼ ਅਬਦੁੱਲਾ ਜਗਰਾਓਂ ਦਾ ਪਰਿਵਾਰ ਪਾਕਿਸਤਾਨ ਚਲਿਆ ਗਿਆ ਸੀ।ਅਗਵਾੜ ਗੁੱਜਰਾਂ 'ਚ ਰਹਿੰਦੇ ਰਹੇ ਪਰਵਾਰ ਦਾ ਕੋਈ ਵੀ ਵਾਰਸ ਖੋਜ ਦੇ ਬਾਵਜੂਦ ਨਹੀਂ ਮਿਲਿਆ।ਅੱਜ ਗ਼ਦਰੀ ਸ਼ਹੀਦ ਦੇ ਇਨਕਲਾਬੀ ਵਾਰਸ ਸ਼ਹੀਦ ਦੀ ਯਾਦ 'ਚ ਜੱਥਾ ਲੈ ਕੇ ਮੇਲੇ ਲਈ ਰਵਾਨਾ ਹੋਏ।ਹੋਰਨਾਂ ਗ਼ਦਰੀ ਪਿੰਡਾਂ ਦੇ ਜੱਥਿਆਂ ਦੇ ਨਾਲ ਨਾਲ ਜਗਰਾਓਂ ਦੇ ਜੱਥੇ ਦਾ ਵੀ ਸਨਮਾਨ ਕੀਤਾ ਗਿਆ।ਇਸ ਸਮੇਂ ਸੁਰਜੀਤ ਦੌਧਰ, ਪ੍ਰਿਤਪਾਲ ਸਿੰਘ ਭੰਮੀਪੁਰਾ, ਜਸਵਿੰਦਰ ਸਿੰਘ ਭਮਾਲ, ਕੁੰਡਾ ਸਿੰਘ, ਰਿਆ ਜਗਰਾਓਂ, ਕਿਰਨ ਖੰਨਾ ਆਦਿ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਵੱਲੋਂ ਪੰਜਾਬ ਨੂੰ ਦਰਪੇਸ਼ ਚੁਣੌਤੀਆਂ ਦਾ ਰਲਮਿਲ ਕੇ ਸਾਹਮਣਾ ਕਰਨ ਦਾ ਸੱਦਾ

## ਪੰਜਾਬ ਸਾਡਾ ਘਰ ਤੇ ਸਾਡੀ ਪਛਾਣ ਹੈ : ਮੂਲ ਚੰਦ ਸ਼ਰਮਾ

**ਧੂਰੀ 3 ਨਵੰਬਰ (ਮਨੋਹਰ ਸਿੰਘ ਸੱਗੂ)**-ਪੰਜਾਬੀ ਸਾਹਿਤ ਸਭਾ ਧੂਰੀ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਨੇ ਪੰਜਾਬ ਦਿਵਸ 'ਤੇ ਦੇਸ ਵਿਦੇਸ਼ 'ਚ ਵਸਦੇ ਪੰਜਾਬੀਆਂ ਨੂੰ ਸੂਬੇ ਨੂੰ ਦਰਪੇਸ਼ ਚਣੌਤੀਆਂ ਦਾ ਇੱਕਮੁਠਤਾ ਨਾਲ ਰਲ ਮਿਲ ਕੇ ਸਾਹਮਣਾ ਕਰਨ ਦਾ ਸੱਦਾ ਦਿੱਤਾ।ਪ੍ਰਧਾਨ ਮੂਲ ਚੰਦ ਸ਼ਰਮਾ ਨੇ ਕਿਹਾ ਕਿ ਸਭਾ ਦੇ ਸਮੁੱਚੇ ਅਹੁਦੇਦਾਰ ਮਹਿਸੂਸ ਕਰਦੇ ਹਨ ਅਜੋਕਾ ਪੰਜਾਬ ਅਨੇਕਾਂ ਮੁਸ਼ਕਲਾਂ 'ਚ ਘਿਰਿਆ ਹੋਇਆ ਹੈ, ਜਿਸ ਲਈ ਸਮੇਂ ਸਮੇਂ ਦੀਆਂ ਕੇਂਦਰ ਸਰਕਾਰਾਂ ਜ਼ਿੰਮੇਵਾਰ ਹਨ, ਉਥੇ ਪੰਜਾਬ ਦੀ ਸੱਤਾ 'ਤੇ ਕਾਬਜ਼ ਰਹੀਆਂ ਸਰਕਾਰਾਂ ਤੇ ਸਿਆਸੀ ਪਾਰਟੀਆਂ ਵੀ ਬਰਾਬਰ ਦੀਆਂ ਜ਼ਿੰਮੇਵਾਰ ਹਨ।ਉਨ੍ਹਾਂ ਕਿਹਾ ਕਿ ਅਜਿਹੀਆਂ ਚਣੌਤੀਆਂ ਤੋਂ ਘਬਰਾਉਣ ਤੇ ਨਿਰਾਸ਼ ਹੋਣ ਦੀ ਲੋੜ ਨਹੀਂ, ਸਗੋਂ ਇਸ ਲੜਾਈ 'ਚ ਹਰੇਕ ਪੰਜਾਬੀ ਨੂੰ ਆਪਣੇ ਪੱਧਰ 'ਤੇ ਬਣਦਾ ਯੋਗਦਾਨ ਪਾਉਣ ਦੀ ਲੋੜ ਹੈ।ਉਨ੍ਹਾਂ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਮਸਲਿਆਂ ਖਾਸਕਰ ਰਾਜਧਾਨੀ ਚੰਡੀਗੜ੍ਹ ਪ੍ਰਾਪਤ ਕਰਨ, ਖੇਤੀ ਸੰਕਟ ਹੱਲ ਕਰਵਾਉਣ, ਸਨੱਅਤੀਕਰਨ ਨੂੰ ਉਤਸ਼ਾਹਤ ਕਰਨ, ਨਵੀਂ ਪੀੜ੍ਹੀ ਨੂੰ ਚੰਗੀ ਤੇ ਮਿਆਰੀ ਸਿੱਖਿਆ, ਚੰਗੀਆਂ ਸਿਹਤ ਸੇਵਾਵਾਂ, ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਖਾਸਕਰ ਮਾਂ ਬੋਲੀ ਤੇ ਮਾਤ ਭਾਸ਼ਾ ਨੂੰ ਰਾਜ 'ਚ ਢੁਕਵਾਂ ਸਥਾਨ ਦਿਵਾਉਣ ਲਈ ਆਪਣਾ ਪੁਰ ਅਮਨ ਸੰਘਰਸ਼ ਵਿੱਢਣ ਦੀ ਅਪੀਲ ਕੀਤੀ।

ਉਨ੍ਹਾਂ ਸਰਕਾਰ ਕੋਲੋਂ ਮੰਗ ਕੀਤੀ ਕਿ ਮਾਤ ਭਾਸ਼ਾ 'ਚ ਰੁਜ਼ਗਾਰ ਦੇ ਵਸੀਲੇ ਪੈਦਾ ਕਰਨ ਹਿੱਤ ਸਾਇੰਸ, ਕਾਨੂੰਨ ਤੇ ਤਕਨੀਕੀ ਸਿੱਖਿਆ ਸਮੇਤ ਉਚੇਰੀ ਸਿੱਖਿਆ ਸਮੱਗਰੀ ਦਾ ਬੰਦੋਬਸਤ ਪੰਜਾਬੀ ਵਿੱਚ ਕਰਕੇ ਸਕੂਲਾਂ, ਕਾਲਜਾਂ ਵਿੱਚ ਖਾਲੀ ਆਸਾਮੀਆਂ ਪਹਿਲ ਦੇ ਆਧਾਰ 'ਤੇ ਭਰੀਆਂ ਜਾਣ ਤੇ ਭਾਸ਼ਾ ਟ੍ਰਿਬਿਊਨਲ ਕਾਇਮ ਕਰ ਕੇ ਪੰਜਾਬੀ ਵਿੱਚ ਕੰਮ ਨਾ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਸਜ਼ਾ ਦੀ ਮੰਗ ਵੀ ਕੀਤੀ ਹੈ। ਉਨ੍ਹਾ ਕਿਹਾ ਕਿ ਪੰਜਾਬ ਸਾਡਾ ਘਰ ਤੇ ਸਾਡੀ ਪਛਾਣ ਹੈ ਅਤੇ ਸਾਨੂੰ ਸਾਰਿਆਂ ਨੂੰ ਇਸ ਦੇ ਗੌਰਵਮਈ ਵਿਰਸੇ ਤੇ ਇਤਿਹਾਸ ਉੱਤੇ ਮਾਣ ਕਰਨਾ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਨਾਲ਼ ਪ੍ਰਿੰਸੀਪਲ ਕਿਰਪਾਲ ਸਿੰਘ ਜਵੰਧਾ, ਮੈਨੇਜਰ ਜਗਦੇਵ ਸ਼ਰਮਾ ਬੁਗਰਾ, ਚਰਨਜੀਤ ਸਿੰਘ ਮੀਮਸਾ, ਸੰਜੇ ਲਹਿਰੀ, ਗੁਰਮੀਤ ਸਿੰਘ ਸੋਹੀ ਤੇ ਬਲਜੀਤ ਸਿੰਘ ਬਾਂਸਲ ਹਾਜ਼ਰ ਸਨ।

# ਦਰਜਨ ਤੋਂ ਵੱਧ ਦੁਕਾਨਾਂ ਦੇ ਜਿੰਦਰੇ ਤੋੜ ਕੇ ਸਾਮਾਨ ਤੇ ਨਗਦੀ ਕੀਤੀ ਚੋਰੀ

## ਅੱਕੇ ਦੁਕਾਨਦਾਰਾਂ ਸੜਕ ਉੱਤੇ ਧਰਨਾ ਮਾਰ ਕੇ ਪੁਲਸ ਖਿਲਾਫ ਕੀਤੀ ਨਾਅਰੇਬਾਜ਼ੀ



**ਬੋਹਾ (ਨਿਰੰਜਣ ਬੋਹਾ)**-ਬੋਹਾ ਵਾਸੀਆਂ ਅੰਦਰ ਉਸ ਸਮੇਂ ਤਰਥੱਲੀ ਮੱਚ ਗਈ, ਜਦੋਂ ਬੀਤੀ ਰਾਤ ਚੋਰਾਂ ਨੇ ਇੱਕ ਦਰਜਨ ਤੋਂ ਵੱਧ ਦੁਕਾਨਾਂ ਦੇ ਜਿੰਦਰੇ ਤੋੜ ਕੇ ਕੀਮਤੀ ਸਾਮਾਨ ਤੇ ਨਗਦ ਰਾਸ਼ੀ ਚੋਰੀ ਕਰ ਲਈ।ਅੱਕੇ ਹੋਏ ਦੁਕਾਨਦਾਰਾਂ ਨੇ ਤੜਕਸਾਰ ਹੀ ਸੜਕ ਉੱਤੇ ਧਰਨਾ ਮਾਰ ਕੇ ਪੁਲਸ ਖਿਲਾਫ ਨਾਅਰੇਬਾਜ਼ੀ ਕੀਤੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਿਖਲ ਕੁਮਾਰ ,ਸੁਰਿੰਦਰ ਕੁਮਾਰ, ਹੈਪੀ ਰਾਮ ਗੋਇਲ, ਸੁਰਿੰਦਰ ਸ਼ਿੰਦਾ ਆਦਿ ਨੇ ਆਖਿਆ ਕਿ ਬੋਹਾ ਪੁਲਸ ਦੀ ਅਣਗਹਿਲੀ ਕਾਰਨ ਅਜਿਹਾ ਹੋਇਆ ਹੈ, ਕਿਉਂਕਿ ਸ਼ਹਿਰ ਅੰਦਰ ਬੀਤੀ ਰਾਤ ਸ੍ਰੀ ਸ਼ਿਆਮ ਖਾਟੂ ਵਾਲਿਆਂ ਦਾ ਜਾਗਰਣ ਸੀ, ਪਰ ਬੋਹਾ ਥਾਣੇ ਵੱਲੋਂ ਨਾ ਤਾਂ ਜਾਗਰਣ 'ਤੇ ਕੋਈ ਸੁਰੱਖਿਆ ਮੁਹੱਈਆ ਕਰਵਾਈ ਨਾ ਸ਼ਹਿਰ ਕੋਈ ਗਸ਼ਤ ਬਗੈਰਾ ਕੀਤੀ ਗਈ, ਜਿਸ ਦਾ ਫਾਇਦਾ ਚੋਰਾਂ ਨੇ ਉਠਾਉਂਦਿਆਂ ਦੁਕਾਨਾਂ ਤੋਂ ਲੱਖਾਂ ਦਾ ਸਾਮਾਨ ਚੋਰੀ ਕਰ ਲਿਆ।ਨਿਖਿਲ ਕੁਮਾਰ ਨੇ ਦੱਸਿਆ ਕਿ ਰਾਤ 12 ਕੁ ਵਜੇ ਦੇ ਕਰੀਬ ਇੱਕ ਵਿਅਕਤੀ ਉਨ੍ਹਾਂ ਨੂੰ ਸੜਕ ਕਿਨਾਰੇ ਸ਼ੱਕੀ ਹਾਲਤ ਵਿੱਚ ਮਿਲਿਆ, ਜਿਸ ਤੋਂ ਪੁੱਛਗਿੱਛ 'ਤੇ ਉਸ ਨੇ ਮੰਨਿਆ ਕਿ ਉਸ ਨੇ ਆਪਣੇ ਸਾਥੀਆਂ ਨਾਲ ਮਿਲ ਕੇ 15 ਦੁਕਾਨਾਂ ਦੇ ਜਿੰਦਰੇ ਤੋੜ ਕੇ ਚੋਰੀ ਕੀਤੀ ਹੈ।ਉਸ ਤੋਂ ਬਾਅਦ ਉਸ ਦੇ ਦੂਜੇ ਸਾਥੀ ਨੂੰ ਵੀ ਇਨ੍ਹਾਂ ਨੌਜਵਾਨਾਂ ਨੇ ਦਬੋਚਿਆ ਤੇ ਪੁਲਸ ਹਵਾਲੇ ਕੀਤਾ।ਉੱਧਰ ਮੌਕੇ 'ਤੇ ਪਹੁੰਚੇ ਡੀ ਐੱਸ ਪੀ ਸਿਕੰਦਰ ਸਿੰਘ ਚੀਮਾ ਤੇ ਥਾਣਾ ਮੁਖੀ ਭੁਪਿੰਦਰਜੀਤ ਸਿੰਘ ਨੇ ਦੱਸਿਆ ਕਿ ਉਕਤ ਨੌਜਵਾਨਾਂ ਦੀ ਮੱਦਦ ਨਾਲ ਦੋ ਚੋਰ ਪੁਲਸ ਹਿਰਾਸਤ ਵਿੱਚ ਹਨ, ਜੋ ਅਪਣੇ ਆਪ ਨੂੰ ਪਿੰਡ ਉੱਭਾਵਾਲ ਦੇ ਵਸਨੀਕ ਦੱਸ ਰਹੇ ਹਨ ਅਤੇ ਇਨ੍ਹਾਂ ਦੇ ਫਰਾਰ ਸਾਥੀ ਨੂੰ ਵੀ ਜਲਦੀ ਗ੍ਰਿਫਤਾਰ ਕਰ ਲਿਆ ਜਾਵੇਗਾ ਅਤੇ ਦੋਸ਼ੀਆਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।

# ਮਹਾਨ ਵਿਗਿਆਨੀ ਡਾ. ਨਰਿੰਦਰ ਕਪਾਨੀ ਦਾ 99ਵਾਂ ਜਨਮ ਦਿਵਸ ਮਨਾਇਆ

## ਬਾਬਾ ਈਸ਼ਰ ਸਿੰਘ ਸਿੱਖਿਆ ਸੰਸਥਾਵਾਂ 'ਚ ਹਾਲ ਦਾ ਨਾਂਅ ਡਾ. ਕਪਾਨੀ ਦੇ ਨਾਂਅ 'ਤੇ ਰੱਖਣ ਤੇ ਬੁੱਤ ਲਗਾਉਣ ਦਾ ਐਲਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹੇ ਦੀ ਪ੍ਰਸਿੱਧ ਤੇ ਨਾਮਵਰ ਸੰਸਥਾ ਬਾਬਾ ਈਸ਼ਰ ਸਿੰਘ ਸਾਇੰਸ ਤੇ ਟੈਕਨੋਲਜੀ ਕਾਲਜ, ਗਗੜਾ (ਮੋਗਾ) ਵਾਹਿਗੁਰੂ ਵਿਖੇ ਭਾਰਤ ਸਰਕਾਰ ਵੱਲੋਂ ਸਾਇੰਸ ਤੇ ਇੰਜਨੀਅਰਿੰਗ ਦੇ ਖੇਤਰ ਵਿੱਚ ਪਦਮ ਵਿਭੂਸ਼ਨ ਐਵਾਰਡ ਨਾਲ 2021 ਵਿੱਚ ਸਨਮਾਨਤ ਡਾ. ਨਰਿੰਦਰ ਸਿੰਘ ਕਪਾਨੀ ਦਾ 99ਵਾਂ ਜਨਮ ਦਿਨ ਮੋਗਾ ਵਿਖੇ ਮਨਾਇਆ ਗਿਆ ਅਤੇ ਨਾਲ ਹੀ ਸੰਸਾਰ ਭਰ ਵਿੱਚ ਫਾਈਬਰ ਆਪਟਿਕਸ ਦੇ ਪਿਤਾਮਾ ਵੱਜੋਂ ਜਾਣੇ ਜਾਂਦੇ ਡਾ. ਨਰਿੰਦਰ ਸਿੰਘ ਕਪਾਨੀ ਦੇ ਜਨਮ ਦਿਨ ਸੰਬੰਧੀ ਸ਼ਤਾਬਦੀ ਸਮਾਰੋਹਾਂ ਦੀ ਸ਼ੁਰੂਆਤ ਕੀਤੀ ਗਈ।ਅਜਿਹਾ ਪਹਿਲੀ ਵਾਰ ਹੋਇਆ ਹੈ ਕਿ ਪੰਜਾਬ, ਦੇਸ਼ ਤੇ ਸੰਸਾਰ ਭਰ ਵਿੱਚ ਪ੍ਰਸਿੱਧ ਪੰਜਾਬੀ ਲੋਕ ਗਾਇਕ ਦਵਿੰਦਰ ਸਿੰਘ ਧਾਰੀਆ, ਸਿਡਨੀ (ਅਸਟ੍ਰੇਲੀਆ) ਦੀ ਸੋਚ 'ਤੇ ਅਧਾਰਤ ਅਮਰੀਕਾ ਰਹਿੰਦੇ ਕਲਾ ਤੇ ਸੱਭਿਆਚਾਰ ਮਾਹਰ ਮੈਡਮ ਸੋਨੀਆ ਧਾਮੀ ਰਾਹੀਂ ਕਪਾਨੀ ਪਰਵਾਰ ਨਾਲ ਤਾਲਮੇਲ ਤੇ ਹਰਪ੍ਰੀਤ ਸਿੰਘ ਭੱਟੀ (ਬਟਾਲਾ) ਰਾਹੀਂ ਬਾਬਾ ਈਸ਼ਰ ਸਿੰਘ ਸੰਸਥਾਵਾਂ, ਗਗੜਾ (ਮੋਗਾ) ਦੇ ਐੱਮ ਡੀ ਡਾ. ਦਿਲਜੀਤ ਸਿੰਘ ਸੰਧੂ, ਜੈਦੀਪ ਸਿੰਘ ਸੰਘਾ ਭਾਈਕਾ (ਮੋਗਾ), ਗੁਰਪ੍ਰਵੇਸ਼ ਸਿੰਘ ਸੰਘਾ ਭਾਈਕਾ, ਹਰਪ੍ਰਵੇਸ਼ ਸਿੰਘ ਸੰਘਾ ਦੀ ਸਹਿਯੋਗੀ ਟੀਮ ਦੀ ਪਹਿਲਕਦਮੀ ਤੇ ਅਗਾਂਹਵਧੂ ਸੋਚ ਦੀ ਬਦੌਲਤ ਬੀ ਆਈ ਐੱਸ ਕਾਲਜ ਗਗੜਾ ਜ਼ਿਲ੍ਹਾ ਮੋਗਾ ਵਿਖੇ ਪਹਿਲੀ ਵਾਰ ਮੋਗਾ ਇਲਾਕੇ ਵਿੱਚ ਡਾ. ਨਰਿੰਦਰ ਸਿੰਘ ਕਪਾਨੀ ਦਾ 99ਵਾਂ ਜਨਮ ਦਿਨ ਮਨਾਉਣ ਦੇ ਨਾਲ ਉਨ੍ਹਾਂ ਦੇ ਜਨਮ ਸ਼ਤਾਬਦੀ ਸਮਾਗਮਾਂ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਕਾਲਜ ਦੇ ਡਾਇਰੈਕਟਰ ਡਾਕਟਰ ਆਰ ਪੀ ਗੁਪਤਾ ਨੇ ਸਮਾਗਮ ਵਿੱਚ ਪਹੁੰਚੀਆਂ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ ਤੇ ਜੋਤ ਜਗਾ ਕੇ ਡਾ. ਕਪਾਨੀ ਦੇ 99ਵੇਂ ਜਨਮ ਦਿਨ ਸਮਾਗਮ ਦੀ ਸ਼ੁਰੂਆਤ ਕੀਤੀ।

ਇਸ ਪ੍ਰੋਗਰਾਮ ਦੀ ਰੂਪ ਰੇਖਾ ਦਵਿੰਦਰ ਸਿੰਘ ਧਾਰੀਆ, ਸਿਡਨੀ ਦੇ ਤਾਲਮੇਲ ਸਦਕਾ ਡਾ. ਨਰਿੰਦਰ ਸਿੰਘ ਕਪਾਨੀ ਦੀ ਧੀ ਕਿਰਨ ਕੌਰ ਕਪਾਨੀ ਵੱਲੋਂ ਸਮਾਗਮ ਲਈ ਮਿਲੇ ਸਮਰਥਨ ਤੇ ਸਹਿਯੋਗ ਸਦਕਾ ਤਿਆਰ ਹੋਈ ਅਤੇ ਮੈਡਮ ਕਿਰਨ ਨੇ ਇਸ ਮੌਕੇ ਯੂਨੀਵਰਸਿਟੀ ਆਫ ਕੈਲੀਫੋਰਨੀਆ, ਸਾਂਤਾ ਕਰੂਜ਼ ਵੱਲੋਂ ਡਾ. ਕਪਾਨੀ ਉੱਪਰ ਤਿਆਰ ਕੀਤੀ ਡਾਕੂਮੈਂਟਰੀ ਦਾ ਇੱਕ ਹਿੱਸਾ ਤੇ ਸਿੱਖ ਕੋਲੀਸ਼ਨ ਵੱਲੋਂ ਡਾ. ਕਪਾਨੀ ਬਾਰੇ ਤਿਆਰ 6ਵੀਂ ਤੋਂ 12ਵੀਂ ਸ਼੍ਰੇਣੀ ਲਈ ਤਿਆਰ ਕੀਤੀਆਂ ਪਾਠ ਯੋਜਨਾ (ਲੈਸਨ ਪਲਾਨ) ਸਾਂਝੀਆਂ ਕੀਤੀਆਂ।ਇਸ ਮੌਕੇ ਡਾ. ਕਪਾਨੀ ਦੇ ਭਤੀਜੇ ਚਰਨਜੀਤ ਸਿੰਘ ਕਪਾਨੀ ਤੇ ਭਾਣਜੇ ਬ੍ਰਿਗੇਡੀਅਰ ਜਸਕੀਰਤ ਸਿੰਘ ਸੋਈ ਨੇ ਵੀਡੀਓ ਸੰਦੇਸ਼ ਰਾਹੀਂ ਡਾਕਟਰ ਕਪਾਨੀ ਦੇ 99ਵੇਂ ਜਨਮ ਦਿਨ ਮੌਕੇ ਉਨ੍ਹਾਂ ਨੂੰ ਯਾਦ ਕਰਦਿਆਂ ਮੁਬਾਰਕਾਂ ਦਿੱਤੀਆਂ ਅਤੇ ਬਾਬਾ ਈਸ਼ਰ ਸਿੰਘ ਸੰਸਥਾਵਾਂ ਵਿਖੇ ਜਨਮ ਦਿਨ ਸਮਾਗਮ ਲਈ ਸਮੁੱਚੀ ਪ੍ਰਬੰਧਕੀ ਟੀਮ ਨੂੰ ਸ਼ੁੱਭ-ਕਾਮਨਾਵਾਂ ਭੇਜੀਆਂ।

ਬੁਲਾਰਿਆਂ ਵਿੱਚ ਬਾਬਾ ਈਸ਼ਰ ਸਿੰਘ ਸੰਸਥਾਵਾਂ ਦੇ ਐੱਮ ਡੀ ਡਾ. ਦਿਲਜੀਤ ਸਿੰਘ ਸੰਧੂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡਾਕਟਰ ਕਪਾਨੀ ਜੋ ਕਿ ਸਾਡੇ ਆਪਣੇ ਮੋਗੇ ਜ਼ਿਲ੍ਹੇ ਦੇ ਜੰਮਪਲ ਤੇ ਉੱਘੇ ਵਿਗਿਆਨੀ ਸਨ, ਜਿਨ੍ਹਾਂ ਨੇ ਆਪਣੇ ਦੇਸ਼ ਭਾਰਤ ਤੇ ਪੰਜਾਬ ਦੀ ਧਰਤੀ ਦਾ ਨਾਮ ਤਕਨੀਕੀ ਦੁਨੀਆ ਦੇ ਖੇਤਰ ਵਿੱਚ ਰੌਸ਼ਨ ਕੀਤਾ, ਪਰ ਅਫਸੋਸ ਕਿ ਸਾਡੇ ਜ਼ਿਲ੍ਹੇ ਵਿੱਚ ਉਨ੍ਹਾਂ ਨੂੰ ਕਦੇ ਵੀ ਯਾਦ ਨਹੀਂ ਕੀਤਾ ਗਿਆ।ਨਿਵੇਕਲੀ ਕੋਸ਼ਿਸ਼ ਸਦਕਾ ਸਿਡਨੀ ਨਿਵਾਸੀ ਲੋਕ ਗਾਇਕ ਦਵਿੰਦਰ ਸਿੰਘ ਧਾਰੀਆ ਵੱਲੋਂ ਕੀਤੀ ਗਈ ਪਹਿਲ ਸਦਕਾ ਉਨ੍ਹਾਂ ਦੇ ਪਰਿਵਾਰ ਵਿੱਚੋਂ ਉਨ੍ਹਾਂ ਦੀ ਧੀ ਕਿਰਨ ਕੌਰ ਕਪਾਨੀ, ਭਤੀਜੇ ਚਰਨਜੀਤ ਸਿੰਘ ਕਪਾਨੀ ਤੇ ਭਾਣਜੇ ਬ੍ਰਿਗੇਡੀਅਰ ਜਸਕੀਰਤ ਸਿੰਘ ਸੋਈ ਨਾਲ ਮਿਲ ਕੇ ਸ੍ਰੀ ਹਰਪ੍ਰੀਤ ਸਿੰਘ ਭੱਟੀ, ਸੰਘਾ ਪਰਵਾਰ ਪਾਸੋਂ ਉਨ੍ਹਾਂ ਦੀ ਜੀਵਨੀ ਤੇ ਕੰਮਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਉਨ੍ਹਾਂ ਕਿਹਾ ਕਿ ਸੰਸਥਾਵਾਂ ਵਿੱਚ ਇਕ ਹਾਲ ਦਾ ਨਾਮ ਡਾ. ਨਰਿੰਦਰ ਸਿੰਘ ਕਪਾਨੀ ਦੇ ਨਾਮ 'ਤੇ ਰੱਖਿਆ ਜਾਵੇਗਾ ਤੇ ਉਨ੍ਹਾਂ ਦਾ ਬੁੱਤ ਲਗਾ ਕੇ ਜੀਵਨੀ ਅੰਕਿਤ ਕੀਤੀ ਜਾਵੇਗੀ ਤਾਂ ਜੋ ਨਵੀਂ ਪੀੜ੍ਹੀ ਦੇ ਬੱਚੇ ਪ੍ਰੇਰਨਾ ਲੈ ਸਕਣ।

ਇਸ ਮੌਕੇ ਜ਼ਿਲ੍ਹਾ ਮੋਗਾ ਦੇ ਸੀਨੀਅਰ ਪ੍ਰਸ਼ਾਸਨਕ ਅਧਿਕਾਰੀ ਏਡੀਸੀ ਡਾਕਟਰ ਜਗਵਿੰਦਰਜੀਤ ਸਿੰਘ ਗਰੇਵਾਲ ਨੇ ਉਕਤ ਉਪਰਾਲਿਆਂ ਲਈ ਹਰ ਤਰ੍ਹਾਂ ਦਾ ਯੋਗਦਾਨ ਦੇਣ ਦਾ ਵਿਸ਼ਵਾਸ ਦਿਵਾਇਆ ਹੈ।ਪ੍ਰਿੰਸੀਪਲ ਹਰਪ੍ਰੀਤ ਸਿੰਘ ਭੱਟੀ (ਬਟਾਲਾ) ਨੇ ਡਾ. ਕਪਾਨੀ ਦੀ ਜੀਵਨੀ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਸਮਾਗਮ ਦੇ ਸੂਤਰਧਾਰ ਲੋਕ ਗਾਇਕ ਦਵਿੰਦਰ ਸਿੰਘ ਧਾਰੀਆ ਨੇ ਡਾ. ਕਪਾਨੀ ਦੀ ਯਾਦ 'ਚ ਗੀਤ ਪੇਸ਼ ਕੀਤੇ ਤੇ ਉਨ੍ਹਾਂ ਦੇ ਕੀਤੇ ਕੰਮਾਂ ਨੂੰ ਯਾਦ ਕਰਦਿਆਂ ਹਾਜ਼ਰ ਵਿਦਿਆਰਥੀਆਂ ਨੂੰ ਅਜਿਹੇ ਰੋਲ ਮਾਡਲ ਸ਼ਖ਼ਸੀਅਤ ਦੇ ਪਾਏ ਪੂਰਨਿਆਂ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ।ਬਾਬਾ ਈਸ਼ਰ ਸਿੰਘ ਸੰਸਥਾਵਾਂ ਵੱਲੋਂ ਇਸ ਸਮਾਗਮ ਲਈ ਦਿਖਾਈ ਦਰਿਆਦਿਲੀ ਤੇ ਹਾਜ਼ਰੀਨ ਦਾ ਦਿਲੀ ਸ਼ੁਕਰਾਨਾ ਕੀਤਾ ਤੇ ਡਾ. ਕਪਾਨੀ ਦੇ ਸਮੂਹ ਪਰਵਾਰ ਤੇ ਖਾਸਕਰ ਮੈਡਮ ਕਿਰਨ ਕੌਰ ਕਪਾਨੀ ਵੱਲੋਂ ਮਿਲੇ ਸਹਿਯੋਗ ਲਈ ਦਿਲੋਂ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਵਾਇਆ ਕਿ ਭਵਿੱਖ ਵਿੱਚ ਡਾ. ਕਪਾਨੀ ਵੱਲੋਂ ਕੀਤੀਆਂ ਚਮਤਕਾਰੀ ਖੋਜਾਂ ਤੋਂ ਪੰਜਾਬ, ਦੇਸ਼ ਤੇ ਆਸਟਰੇਲੀਆ ਵਿਖੇ ਪ੍ਰਚਾਰ ਪ੍ਰਸਾਰ ਲਈ ਹਰ ਸੰਭਵ ਉਪਰਾਲੇ ਕਰਦੇ ਰਹਿਣਗੇ।ਇਸ ਮੌਕੇ ਬੀ ਆਈ ਐੱਸ ਗਰੁੱਪ ਆਫ ਇੰਸਟੀਚਿਊਟਸ ਗਗੜਾ, ਜ਼ਿਲ੍ਹਾ ਮੋਗਾ ਦੇ ਮੈਨੇਜਿੰਗ ਡਾਇਰੈਕਟਰ ਡਾ. ਦਿਲਜੀਤ ਸਿੰਘ ਸੰਧੂ ਤੇ ਸੰਸਥਾ ਦੇ ਡਾਇਰੈਕਟਰ ਡਾ. ਆਰ ਪੀ ਗੁਪਤਾ ਨੇ ਆਏ ਮਹਿਮਾਨਾਂ ਐੱਸ ਪੀ ਜੇਲ੍ਹਾਂ ਇਕਬਾਲ ਸਿੰਘ ਬਰਾੜ, ਜੀ ਐੱਮ ਰੋਡਵੇਜ਼ ਐੱਸ ਐੱਸ ਗਰੇਵਾਲ, ਮਹਾਨ ਲਿਖਾਰੀ ਬਲਦੇਵ ਸਿੰਘ ਸੜਕਨਾਮਾ, ਸਾਬਕਾ ਡੀ ਪੀ ਆਰ ਓ ਗਿਆਨ ਸਿੰਘ, ਡਾ. ਕਮਲਬੀਰ ਸਿੰਘ ਦਿਉਲ (ਨੈਸਲੇ ਇੰਡੀਆ), ਜੈਦੀਪ ਸਿੰਘ ਸੰਘਾ, ਐੱਸ ਐੱਮ ਓ ਮੈਡਮ ਰਿਪੁਦਮਨ ਕੌਰ, ਗੁਰਪਰਵੇਸ਼ ਸੰਘਾ ਭਾਈਕਾ ਤੇ ਹਰਪਰਵੇਸ਼ ਸੰਘਾ ਭਾਈਕਾ ਦਾ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ।ਕਪਾਨੀ ਦੇ ਸ਼ਤਾਬਦੀ ਸਮਾਰੋਹਾਂ ਲਈ ਕਮੇਟੀ ਦਾ ਗਠਨ ਕੀਤਾ ਗਿਆ।

# ਥਾਣਾ ਸਮਾਲਸਰ ਅਧੀਨ ਵਾਰਦਾਤਾਂ ਟਰੇਸ

## ਅਪਰਾਧ ਮੁਕਤ ਸਮਾਲਸਰ ਮੇਰਾ ਮੁੱਖ ਮੰਤਵ : ਥਾਣਾ ਮੁਖੀ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚੱਲ ਰਹੀ ਪੁਲਸ ਮੁਹਿੰਮ ਨੂੰ ਵੱਡੀ ਸਫਲਤਾ ਮਿਲੀ, ਜਦੋਂ ਸਮਾਲਸਰ ਪੁਲਸ ਨੇ ਇੱਕ ਚੋਰੀ ਮਾਮਲੇ 'ਚ ਸ਼ਾਮਲ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ।ਇਹ ਕਾਰਵਾਈ ਥਾਣਾ ਸਮਾਲਸਰ ਦੇ ਇੰਚਾਰਜ ਇੰਸਪੈਕਟਰ ਕਮਲਜੀਤ ਸਿੰਘ ਬਰਾੜ ਦੀ ਅਗਵਾਈ ਹੇਠ ਕੀਤੀ ਗਈ।ਪੁਲਸ ਨੇ ਫਿਰੋਜ਼ਪੁਰ ਜ਼ਿਲ੍ਹੇ ਦੇ ਰਹਿਣ ਵਾਲੇ ਭਜਨ ਸਿੰਘ ਉਰਫ਼ ਜੋਗੀ ਨੂੰ ਗ੍ਰਿਫ਼ਤਾਰ ਕਰਦੇ ਹੋਏ ਉਸ ਤੋਂ ਬਿਨਾਂ ਨੰਬਰ ਪਲੇਟ ਵਾਲਾ ਪਲਸਰ ਮੋਟਰਸਾਈਕਲ ਵੀ ਬਰਾਮਦ ਕੀਤਾ ਹੈ।ਇਸਦੇ ਸਾਥੀ ਸੰਮਾ, ਜੋ ਫਿਰੋਜ਼ਪੁਰ ਦਾ ਹੀ ਰਹਿਣ ਵਾਲਾ ਹੈ, ਦੀ ਭਾਲ ਜਾਰੀ ਹੈ।

ਇੰਸਪੈਕਟਰ ਕਮਲਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸਮਾਲਸਰ ਪਿੰਡ ਦੇ ਨਿਵਾਸੀ ਕੋਰ ਸਿੰਘ ਵਲੋਂ ਦਿੱਤੀ ਸ਼ਿਕਾਇਤ ਅਧਾਰ 'ਤੇ ਕਾਰਵਾਈ ਕੀਤੀ ਗਈ।ਸ਼ਿਕਾਇਤਕਰਤਾ ਨੇ ਦੱਸਿਆ ਕਿ ਉਹ ਕੰਮ ਸਬੰਧੀ ਫਰੀਦਕੋਟ ਗਿਆ ਹੋਇਆ ਸੀ, ਜਦਕਿ ਉਸਦੀ ਪਤਨੀ ਮਨਪ੍ਰੀਤ ਕੌਰ ਸਮਾਲਸਰ ਨਹਿਰ ਨੇੜੇ ਸਬਜ਼ੀਆਂ ਬੀਜਣ ਗਈ ਹੋਈ ਸੀ।ਇਸ ਦੌਰਾਨ ਚੋਰਾਂ ਨੇ ਘਰ ਦਾ ਤਾਲਾ ਤੋੜ ਕੇ ਅੰਦਰੋਂ ਸੋਨੇ-ਚਾਂਦੀ ਦੇ ਗਹਿਣੇ, ਸੱਤ ਹਜ਼ਾਰ ਰੁਪਏ ਨਕਦ ਤੇ ਹੋਰ ਕੀਮਤੀ ਸਮਾਨ ਚੋਰੀ ਕਰ ਲਿਆ।ਜਦੋਂ ਮਨਪ੍ਰੀਤ ਕੌਰ ਘਰ ਪਰਤੀ ਤਾਂ ਉਸਨੇ ਘਰ ਅੰਦਰ ਸਭ ਕੁਝ ਖਿਲਰਿਆ ਹੋਇਆ ਦੇਖਿਆ।ਪੁਲਸ ਵੱਲੋਂ ਨੇੜਲੇ ਘਰਾਂ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਗਈ, ਜਿਸ ਵਿੱਚ ਸਾਫ਼ ਹੋਇਆ ਕਿ ਚੋਰੀ ਦੀ ਵਾਰਦਾਤ ਭਜਨ ਸਿੰਘ ਉਰਫ਼ ਜੋਗੀ ਤੇ ਉਸਦੇ ਸਾਥੀ ਸੰਮਾ ਵੱਲੋਂ ਕੀਤੀ ਗਈ ਸੀ।

ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਭਜਨ ਸਿੰਘ ਨੂੰ ਕਾਬੂ ਕਰ ਲਿਆ ਤੇ ਉਸ ਵਿਰੁੱਧ ਕਾਨੂੰਨੀ ਕਾਰਵਾਈ ਅਰੰਭ ਕੀਤੀ ਗਈ।ਮਾਮਲੇ ਦੀ ਜਾਂਚ ਹੈੱਡ ਕਾਂਸਟੇਬਲ ਸਤਵੰਤ ਸਿੰਘ ਕਰ ਰਹੇ ਹਨ, ਜਦਕਿ ਕਥਿਤ ਦੋਸ਼ੀ ਨੂੰ ਅਦਾਲਤ ਵਿਚ ਪੇਸ਼ ਕਰਕੇ ਪੁਲਸ ਰਿਮਾਂਡ ਲਈ ਅਰਜ਼ੀ ਦਿੱਤੀ ਜਾਵੇਗੀ।ਥਾਣਾ ਇੰਚਾਰਜ ਇੰਸਪੈਕਟਰ ਕਮਲਜੀਤ ਸਿੰਘ ਬਰਾੜ ਨੇ ਕਿਹਾ ਕਿ ਥਾਣਾ ਸਮਾਲਸਰ ਅਧੀਨ ਹੋਈਆਂ ਪਿਛਲੀਆਂ ਵਾਰਦਾਤਾਂ ਨੂੰ ਟਰੇਸ ਕਰ ਲਿਆ ਗਿਆ ਹੈ ਤੇ ਹਰ ਮਾਮਲੇ ਨੂੰ ਇੱਕ-ਇੱਕ ਕਰਕੇ ਸੁਲਝਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਥਾਣਾ ਸਮਾਲਸਰ ਨੂੰ ਅਪਰਾਧ ਮੁਕਤ ਬਣਾਉਣਾ ਮੇਰਾ ਮੁੱਖ ਫ਼ਰਜ਼ ਹੈ ਤੇ ਇਸ ਲਈ ਪੁਲਸ ਟੀਮ ਦਿਨ-ਰਾਤ ਜੁਟੀ ਹੋਈ ਹੈ।ਉਨ੍ਹਾਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਲਈ ਥਾਣਾ ਸਮਾਲਸਰ ਦੀ ਹੱਦ ਵਿਚ ਕੋਈ ਥਾਂ ਨਹੀਂ ਛੱਡੀ ਜਾਵੇਗੀ। ਪੁਲਸ ਜਨਤਾ ਦੇ ਸਹਿਯੋਗ ਨਾਲ ਹਰ ਅਪਰਾਧੀ ਨੂੰ ਕਾਬੂ ਕਰੇਗੀ ਤੇ ਇਲਾਕੇ ਵਿਚ ਅਮਨ-ਸ਼ਾਂਤੀ ਬਣਾਈ ਰੱਖੀ ਜਾਵੇਗੀ।

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਸਾਲਾਨਾ ਖੇਡਾਂ ਕਰਵਾਈਆਂ



ਹਠੂਰ (ਨਛੱਤਰ ਸੰਧੂ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਵਿਖੇ ਸਾਲਾਨਾ ਖੇਡ ਸਮਾਗਮ ਕਰਵਾਇਆ ਗਿਆ।ਇਹ ਸਾਲਾਨਾ ਖੇਡ ਸਮਾਗਮ ਦੋ ਦਿਨ ਚੱਲਿਆ, ਜਿਸ ਵਿੱਚ ਪਹਿਲੇ ਦਿਨ ਕਲਾਸ ਨਰਸਰੀ ਤੋਂ ਦੂਸਰੀ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚ ਨੰਨ੍ਹੇ ਮੁੰਨੇ ਵਿਦਿਆਰਥੀਆਂ ਦੀਆਂ ਵੱਖ-ਵੱਖ ਖੇਡ ਗਤੀਵਿਧੀਆਂ ਨੂੰ ਕਰਵਾਇਆ ਗਿਆ, ਜਿਸ ਵਿੱਚ ਤਿੰਨ ਟੰਗੀ ਦੌੜ, ਨਿੰਬੂ ਸਪੂਨ ਦੌੜ, ਬੋਰੀ ਦੌੜ ਹਰਡਲ, ਰਿਲੇਅ ਦੌੜ 50 ਮੀਟਰ ਦੌੜ 100 ਮੀਟਰ ਦੌੜ ਵਿੱਚ ਸਾਰੇ ਹੀ ਨੰਨ੍ਹੇ ਮੁੰਨੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਦੂਸਰੇ ਦਿਨ ਤੀਸਰੀ ਜਮਾਤ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਗਤੀਵਿਧੀਆਂ ਵਿੱਚ ਭਾਗ ਲਿਆ।ਇਸ ਮੌਕੇ ਵਿਦਿਆਰਥੀਆਂ ਨੇ ਲੰਬੀ ਛਾਲ, ਉੱਚੀ ਛਾਲ, 200, 400 ਤੇ 800 ਮੀਟਰ ਦੌੜ, ਡਿਸਕਸ ਥਰੋਅ, ਸ਼ਾਟਪੁੱਟ, ਰਿਲੇਅ ਦੌੜ ਆਦਿ ਵਿੱਚ ਭਾਗ ਲਿਆ।ਇਸ ਮੌਕੇ ਮੌਜੂਦ ਸਕੂਲ ਪ੍ਰਧਾਨ ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੁੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਾਲਾਨਾ ਖੇਡ ਸਮਾਗਮ ਦਾ ਉਦਘਾਟਨ ਕਰਦੇ ਕਿਹਾ ਕਿ ਵਿਦਿਆਰਥੀਆਂ ਨੂੰ ਉਤਸ਼ਾਹ ਨਾਲ ਭਾਗ ਲੈਣਾ ਚਾਹੀਦਾ ਹੈ, ਜਿਸ ਵਿੱਚ ਉਨ੍ਹਾਂ ਦਾ ਮਨੋਬਲ ਵਧਦਾ ਹੈ।ਇਸ ਮੌਕੇ ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤੇ।ਸਮਾਗਮ ਦੇ ਅੰਤ ਵਿੱਚ ਇਨਾਮ ਵੰਡ ਸਮਾਰੋਹ ਹੋਇਆ, ਜਿਸ ਵਿੱਚ ਜੇਤੂ ਵਿਦਿਆਰਥੀਆਂ ਨੂੰ ਤਮਗਿਆਂ ਨਾਲ ਸਨਮਾਨਤ ਕੀਤਾ ਗਿਆ।

## ਬਜ਼ਾਰਾਂ 'ਚੋਂ ਨਜਾਇਜ਼ ਕਬਜ਼ੇ ਹਟਾਉਣ ਦੀ ਮੁਹਿੰਮ ਫਿਰ ਸ਼ੁਰੂ ਕਰੇਗੀ ਨਗਰ ਕੌਂਸਲ : ਕੁੰਦਰਾ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਤਿਉਹਾਰਾਂ ਦਾ ਸੀਜ਼ਨ ਖਤਮ ਹੋਣ ਤੋਂ ਬਾਅਦ ਵੀ ਬਜ਼ਾਰਾਂ ਵਿੱਚ ਸੜਕਾਂ 'ਤੇ ਕੁਝ ਕੁ ਦੁਕਾਨਦਾਰਾਂ ਵੱਲੋਂ ਨਜਾਇਜ਼ ਕਬਜ਼ੇ ਕੀਤੇ ਹੋਏ ਹਨ, ਜਿਨ੍ਹਾਂ ਨੂੰ ਹਟਾਉਣ ਲਈ ਨਗਰ ਕੌਂਸਲ ਮੁੜ ਤੋਂ ਮੁਹਿੰਮ ਸ਼ੁਰੂ ਕਰੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਦੁਕਾਨਦਾਰ ਇਸ ਮੁਹਿੰਮ ਵਿੱਚ ਸਹਿਯੋਗ ਦਿੰਦੇ ਹੋਏ ਪੀਲੀ ਪੱਟੀ ਤੋਂ ਬਾਹਰ ਆਪਣਾ ਸਾਮਾਨ ਨਾ ਰੱਖਣ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਟੀਮ ਵੱਲੋਂ ਨਜਾਇਜ਼ ਕਬਜ਼ੇ ਹਟਾਉਣ ਦੌਰਾਨ, ਜਿਸ ਵੀ ਦੁਕਾਨਦਾਰ ਦਾ ਸਾਮਾਨ ਪੱਟੀ ਤੋਂ ਬਾਹਰ ਮਿਲਿਆ, ਉਸ ਤੋਂ ਭਾਰੀ ਜੁਰਮਾਨਾ ਵਸੂਲਿਆ ਜਾਵੇਗਾ। ਇਸ ਲਈ ਉਹ ਅਪੀਲ ਕਰਦੇ ਹਨ ਕਿ ਉਹ ਨਜਾਇਜ਼ ਕਬਜ਼ੇ ਤੁਰੰਤ ਹਟਾ ਲੈਣ, ਕਿਉਂਕਿ ਇਸ ਮਾਮਲੇ ਵਿੱਚ ਕਿਸੇ ਨਾਲ ਕੋਈ ਢਿੱਲ ਨਹੀਂ ਵਰਤੀ ਜਾਵੇਗੀ। ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਇਤਿਹਾਸਕ ਜੋੜ ਮੇਲੇ ਤੋਂ ਪਹਿਲਾਂ ਚਰਨ ਕੰਵਲ ਚੌਕ ਤੋਂ ਗੁਰੂ ਘਰ ਨੂੰ ਜਾਂਦੀ ਖਸਤਾ ਹਾਲਤ ਸੜਕ ਦੀ ਮੁਰੰਮਤ ਕਰਵਾ ਦਿੱਤੀ ਜਾਵੇਗੀ। ਉਨ੍ਹਾਂ ਚਰਨ ਕੰਵਲ ਰੋਡ ਦੇ ਦੁਕਾਨਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਇੱਕ ਤਾਂ ਨਜਾਇਜ਼ ਕਬਜ਼ੇ ਹਟਾਉਣ ਤੇ ਦੂਸਰਾ ਨਾਲੀਆਂ ਤੋਂ ਦੁਕਾਨਾਂ ਦਾ ਪਾਣੀ ਸੜਕਾਂ 'ਤੇ ਨਾ ਸੁੱਟਣ, ਕਿਉਂਕਿ ਇਸ ਨਾਲ ਸੜਕ ਟੁੱਟਦੀ ਹੈ।

## ਸ਼ਹੀਦ ਪੁਲਸ ਮੁਲਾਜ਼ਮਾਂ ਨੂੰ ਘੰਟਾ ਘਰ ਚੌਕ ਵਿਖੇ ਦਿੱਤੀ ਸ਼ਰਧਾਂਜਲੀ



ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਫਰੀਦਕੋਟ ਪੁਲਸ ਵੱਲੋਂ ਸ਼ਹੀਦ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਅਮਰ ਕੁਰਬਾਨੀ ਨੂੰ ਯਾਦ ਕਰਦੇ ਹੋਏ 1 ਨਵੰਬਰ 2025 ਨੂੰ ਸ਼ਾਮ ਦੇ ਸਮੇਂ ਘੰਟਾ ਘਰ ਚੌਕ ਫਰੀਦਕੋਟ ਵਿਖੇ ਇੱਕ ਵਿਸ਼ੇਸ਼ ਬੈਂਡ ਡਿਸਪਲੇਅ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਫਰੀਦਕੋਟ ਪੁਲਸ ਦੀ ਟੀਮ ਨੇ ਬੈਂਡ ਦੀਆਂ ਸੁਰੀਲੀਆਂ ਤੇ ਗੰਭੀਰ ਧੁਨਾਂ ਰਾਹੀਂ ਸ਼ਹੀਦਾਂ ਨੂੰ ਭਾਵਪੂਰਵਕ ਸ਼ਰਧਾਂਜਲੀ ਅਰਪਿਤ ਕੀਤੀ।ਇਸ ਮੌਕੇ ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਨੇ ਕਿਹਾ ਕਿ ਇਹ ਸਮਾਰੋਹ ਸਿਰਫ ਸ਼ਹੀਦ ਪੁਲਸ ਕਰਮਚਾਰੀਆਂ ਨੂੰ ਯਾਦ ਕਰਨ ਲਈ ਹੀ ਨਹੀਂ ਹੈ, ਸਗੋਂ ਉਨ੍ਹਾਂ ਸ਼ਹੀਦਾਂ ਦੇ ਪਰਵਾਰਾਂ ਲਈ ਸਨਮਾਨ ਤੇ ਸਹਾਰਾ ਪੇਸ਼ ਕਰਨ ਦਾ ਇੱਕ ਉਪਰਾਲਾ ਹੈ। ਉਨ੍ਹਾਂ ਦੱਸਿਆ ਕਿ ਸ਼ਹੀਦ ਕਰਮਚਾਰੀਆਂ ਦੀਆਂ ਕੁਰਬਾਨੀਆਂ ਦਾ ਸਤਿਕਾਰ ਕਰਦੇ ਹੋਏ ਉਨ੍ਹਾਂ ਦੇ ਪਰਵਾਰਾਂ ਨੂੰ ਸਹਾਇਤਾ ਦੇਣ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੌਕੇ ਫਰੀਦਕੋਟ ਪੁਲਸ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਬੈਂਡ ਦੀਆਂ ਧੁਨਾਂ ਦੇ ਸਾਥ ਨਾਲ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ।ਬੈਂਡ ਦੀਆਂ ਭਾਵਪੂਰਨ ਧੁਨਾਂ ਨੇ ਮਾਹੌਲ ਨੂੰ ਬਹੁਤ ਗੰਭੀਰ ਬਣਾ ਦਿੱਤਾ।ਸਾਰੇ ਹਾਜ਼ਰੀਨਾਂ ਨੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦੇ ਹੋਏ ਮੌਨ ਵੀ ਧਾਰਨ ਕੀਤਾ।ਇਸ ਸਮਾਰੋਹ ਨੇ ਸਾਰੇ ਹਾਜ਼ਰ ਲੋਕਾਂ ਨੂੰ ਸੇਵਾ ਪ੍ਰਤੀ ਸਮਰਪਣ ਦੀ ਪ੍ਰੇਰਣਾ ਦਿੱਤੀ ਤੇ ਕੌਮ ਪ੍ਰਤੀ ਭਰੋਸਾ ਵਧਾਇਆ।ਫਰੀਦਕੋਟ ਪੁਲਸ ਨੇ ਪ੍ਰਣ ਕੀਤਾ ਕਿ ਉਹ ਆਪਣੇ ਸ਼ਹੀਦਾਂ ਦੇ ਸਮਰਪਣ ਤੇ ਦੇਸ਼ ਭਗਤੀ ਨੂੰ ਸਦਾ ਨਮਨ ਕਰਦੀ ਹੈ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਸਾਨੂੰ ਇਹ ਸਿਖਾਉਂਦੀਆਂ ਹਨ ਕਿ ਫਰਜ਼ ਤੋਂ ਵੱਡਾ ਕੋਈ ਧਰਮ ਨਹੀਂ।

## ਵਿਧਾਇਕ ਸਿੰਗਲਾ ਤੇ ਡੀ ਸੀ ਨੇ ਖਿਡਾਰੀਆਂ ਦੀ ਕੀਤੀ ਹੌਸਲਾ-ਅਫਜ਼ਾਈ



ਮਾਨਸਾ (ਆਤਮਾ ਸਿੰਘ ਪਮਾਰ)-ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਦੇ ਬਹੁਮੰਤਵੀ ਖੇਡ ਸਟੇਡੀਅਮ ਵਿਖੇ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਮਾਨਸਾ ਵੱਲੋਂ ਕਰਵਾਈ ਜਾ ਰਹੀ ਚੈਂਪੀਅਨਸ਼ਿਪ ਵਿੱਚ ਜ਼ਿਲ੍ਹੇ ਦੇ ਖਿਡਾਰੀਆਂ ਨੇ ਵਧ ਚੜ੍ਹ ਕੇ ਭਾਗ ਲਿਆ, ਜਿੱਥੇ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਤੇ ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ, ਆਈ.ਏ.ਐੱਸ. ਨੇ ਸ਼ਿਰਕਤ ਕਰਕੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ।ਇਸ ਮੌਕੇ ਐੱਸ.ਐੱਸ.ਪੀ. ਸ੍ਰੀ ਭਾਗੀਰਥ ਸਿੰਘ ਮੀਨਾ ਆਈ ਪੀ ਐੱਸ ਮੌਜੂਦ ਰਹੇ। ਇਸ ਮੌਕੇ ਵਿਧਾਇਕ ਡਾ. ਵਿਜੈ ਸਿੰਗਲਾ ਨੇ ਕਿਹਾ ਕਿ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਦਾ ਇਹ ਸ਼ਲਾਘਾਯੋਗ ਉਪਰਾਲਾ ਹੈ, ਜਿਸ ਰਾਹੀਂ ਹੁਨਮੰਦ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਮਿਲਿਆ ਹੈ।ਉਨ੍ਹਾਂ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਮਾਨਸਾ, ਸਰਦੂਲਗੜ੍ਹ ਤੇ ਬੁਢਲਾਡਾ ਦੇ ਖਿਡਾਰੀ ਭਾਗ ਲੈ ਰਹੇ ਹਨ।ਉਨ੍ਹਾਂ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਹ ਆਪਣੀ ਖੇਡ ਕਲਾ ਦਾ ਪ੍ਰਦਰਸ਼ਨ ਕਰਦਿਆਂ ਆਪਣੇ ਮਾਂ-ਬਾਪ, ਆਪਣੇ ਜ਼ਿਲ੍ਹੇ ਤੇ ਦੇਸ਼ ਦਾ ਨਾਮ ਰੌਸ਼ਨ ਕਰਨਗੇ। ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ ਨੇ ਕਿਹਾ ਕਿ ਉਹ ਆਸ ਕਰਦੇ ਹਨ ਕਿ ਬੈਡਮਿੰਟਨ ਚੈਂਪੀਅਨਸ਼ਿਪ ਵਿਚ ਭਾਗ ਲੈ ਰਹੇ ਬੱਚੇ ਵਧੀਆ ਸਪੋਰਟਸਪਰਸਨ ਬਣਨ।ਉਨ੍ਹਾਂ ਕਿਹਾ ਕਿ ਬੈਡਮਿੰਟਨ ਐਸੋਸੀਏਸ਼ਨ ਦਾ ਇਲਾਕੇ ਲਈ ਇਹ ਵਧੀਆ ਉਪਰਾਲਾ ਤੇ ਸਾਰੇ ਖਿਡਾਰੀਆਂ ਨੂੰ ਇਸ ਮੌਕੇ ਦਾ ਲਾਭ ਲੈਣਾ ਚਾਹੀਦਾ ਹੈ।ਇਸ ਮੌਕੇ ਪ੍ਰਧਾਨ ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ ਬਲਜੀਤ ਸਿੰਘ ਬਾਜਵਾ, ਸਕੱਤਰ ਐਡਵੋਕੇਟ ਹਰਿੰਦਰ ਸ਼ਰਮਾ, ਪ੍ਰੈੱਸ ਸਕੱਤਰ ਰਾਮ ਕ੍ਰਿਸ਼ਨ ਚੁੱਘ ਤੋਂ ਇਲਾਵਾ ਐਸੋਸੀਏਸ਼ਨ ਦੇ ਸਮੁੱਚੇ ਮੈਂਬਰ ਹਾਜ਼ਰ ਸਨ।

## ਹੋਲੀ ਹਾਰਟ ਸਕੂਲ 'ਚ ਬੱਚਿਆਂ ਨੂੰ ਲਾਇਬ੍ਰੇਰੀ ਬਾਰੇ ਦਿੱਤੀ ਜਾਣਕਾਰੀ



ਅਜੀਤਵਾਲ (ਨਛੱਤਰ ਸੰਧੂ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿੱਚ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਸੈਸ਼ਨ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੂੰ ਲਾਇਬ੍ਰੇਰੀ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ।ਇਸ ਸੈਸ਼ਨ ਦਾ ਉਦੇਸ਼ ਬੱਚਿਆਂ ਵਿੱਚ ਪੜ੍ਹਨ ਦੀ ਆਦਤ ਪੈਦਾ ਕਰਨਾ ਤੇ ਉਨ੍ਹਾਂ ਨੂੰ ਗਿਆਨ ਦੇ ਸਰੋਤਾਂ ਨਾਲ ਜੋੜਨਾ ਸੀ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਲਾਇਬ੍ਰੇਰੀ ਸਿਰਫ਼ ਕਿਤਾਬਾਂ ਦਾ ਘਰ ਨਹੀਂ ਹੁੰਦੀ, ਸਗੋਂ ਇਹ ਗਿਆਨ ਦਾ ਖਜ਼ਾਨਾ ਹੁੰਦੀ ਹੈ, ਜਿੱਥੇ ਬੱਚੇ ਆਪਣੀ ਰੁਚੀ ਅਨੁਸਾਰ ਪੜ੍ਹਾਈ, ਕਹਾਣੀਆਂ, ਵਿਗਿਆਨ, ਇਤਿਹਾਸ ਤੇ ਸਾਹਿਤ ਨਾਲ ਜੁੜੀਆਂ ਕਿਤਾਬਾਂ ਰਾਹੀਂ ਆਪਣੀ ਸੋਚ ਨੂੰ ਵਿਸਤਾਰ ਦੇ ਸਕਦੇ ਹਨ।ਉਨ੍ਹਾਂ ਕਿਹਾ ਕਿ ਪੜ੍ਹਨ ਨਾਲ ਵਿਦਿਆਰਥੀਆਂ ਵਿੱਚ ਧੀਰਜ, ਧਿਆਨ ਤੇ ਸਿੱਖਣ ਦੀ ਇੱਛਾ ਵਧਦੀ ਹੈ।ਇਸ ਮੌਕੇ ਸਕੂਲ ਦੇ ਲਾਇਬ੍ਰੇਰੀਅਨ ਨੇ ਦੱਸਿਆ ਕਿ ਲਾਇਬ੍ਰੇਰੀ ਦਾ ਸੁਚੱਜਾ ਉਪਯੋਗ ਕਿਵੇਂ ਕੀਤਾ ਜਾ ਸਕਦਾ ਹੈ।ਬੱਚਿਆਂ ਨੂੰ ਕਿਤਾਬਾਂ ਦੀ ਸੰਭਾਲ ਕਰਨ, ਉਨ੍ਹਾਂ ਨੂੰ ਵਾਪਸ ਸਮੇਂ 'ਤੇ ਦੇਣ ਅਤੇ ਸਫ਼ਾਈ ਬਣਾਈ ਰੱਖਣ ਬਾਰੇ ਵੀ ਸਿੱਖਿਆ ਦਿੱਤੀ ਗਈ।ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਇਸ ਉਪਰਾਲੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਲਾਇਬ੍ਰੇਰੀ ਨਾਲ ਬੱਚਿਆਂ ਦੀ ਸੋਚਣ ਦੀ ਸਮਰੱਥਾ ਤੇ ਗਿਆਨ ਦਾ ਪੱਧਰ ਵਧਦਾ ਹੈ, ਜਿਸ ਨਾਲ ਉਹ ਭਵਿੱਖ ਵਿੱਚ ਇੱਕ ਸਮਝਦਾਰ ਤੇ ਜ਼ਿੰਮੇਵਾਰ ਨਾਗਰਿਕ ਬਣ ਸਕਦੇ ਹਨ।ਅੰਤ ਵਿੱਚ, ਸਕੂਲ ਦੇ ਅਧਿਆਪਕਾਂ ਤੇ ਬੱਚਿਆਂ ਨੇ ਵਚਨ ਕੀਤਾ ਕਿ ਉਹ ਨਿਯਮਿਤ ਤੌਰ 'ਤੇ ਲਾਇਬ੍ਰੇਰੀ ਦੀ ਵਰਤੋਂ ਕਰਨਗੇ ਤੇ ਕਿਤਾਬਾਂ ਨਾਲ ਆਪਣੀ ਦੋਸਤੀ ਕਾਇਮ ਰੱਖਣਗੇ, ਕਿਉਂਕਿ ਪੜ੍ਹਨ ਦੀ ਆਦਤ ਹੀ ਜੀਵਨ ਨੂੰ ਸਫ਼ਲਤਾ ਵੱਲ ਲੈ ਜਾਂਦੀ ਹੈ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਸਟਾਫ ਮੌਜੂਦ ਸੀ।

## ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਨੂੰ ਦਰਸਾਉਂਦਾ ਲਾਈਟ ਐਂਡ ਸਾਊਂਡ ਸ਼ੋਅ 8 ਨੂੰ : ਡੀ ਸੀ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ 8 ਨਵੰਬਰ ਨੂੰ ਕਰੀਬ ਸ਼ਾਮ 7 ਵਜੇ ਫਾਜ਼ਿਲਕਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿਖੇ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ ਰਾਹੀਂ ਸੰਗਤ ਨੂੰ ਨੌਵੇਂ ਪਾਤਸ਼ਾਹ ਤੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਦੇ ਮਹਾਨ ਇਤਿਹਾਸ ਤੋਂ ਜਾਣੂ ਕਰਵਾਇਆ ਜਾਵੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਕਰਦਿਆਂ ਕਿਹਾ ਕਿ ਸਮੂਹ ਜ਼ਿਲ੍ਹਾ ਨਿਵਾਸੀ ਇਹ ਇਤਿਹਾਸਕ ਲਾਈਟ ਐਂਡ ਸਾਊਂਡ ਸ਼ੋਅ ਆਪਣੇ ਪਰਿਵਾਰਾਂ ਸਮੇਤ ਜ਼ਰੂਰ ਦੇਖਣ ਤੇ ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ ਤੋਂ ਜਾਣੂ ਹੋਣ ਦੀ ਅਪੀਲ ਕੀਤੀ ਹੈ।ਉਨ੍ਹਾਂ ਸਮੂਹ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੇ ਸਿੱਖਿਆਵਾਂ 'ਤੇ ਅਧਾਰਤ ਸ਼ਾਨਦਾਰ ਲਾਈਟ ਐਂਡ ਸਾਊਂਡ ਸ਼ੋਅ ਵਿੱਚ ਵੱਧ-ਚੜ੍ਹ ਕੇ ਸ਼ਿਰਕਤ ਕਰਨ ਦਾ ਸੱਦਾ ਦਿੰਦਿਆਂ ਦੱਸਿਆ ਕਿ ਲਾਈਟ ਐਂਡ ਸਾਊਂਡ ਸ਼ੋਅ ਦੌਰਾਨ ਡਿਜੀਟਲ ਤਰੀਕੇ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਵਿਰਾਸਤ, ਸਿੱਖਿਆਵਾਂ ਤੇ ਮਹਾਨ ਬਲੀਦਾਨ ਬਾਰੇ ਚਾਨਣਾ ਪਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਸ਼ਾਨਦਾਰ ਪੇਸ਼ਕਾਰੀ ਨਾਲ ਸੰਗਤਾਂ ਨੂੰ ਅਨੋਖਾ ਅਨੁਭਵ ਹੋਵੇਗਾ, ਜੋ ਗੁਰੂ ਸਾਹਿਬ ਦੇ ਸ਼ਾਂਤੀ, ਸਹਿਣਸ਼ੀਲਤਾ ਤੇ ਵਿਸ਼ਵਵਿਆਪੀ ਭਾਈਚਾਰੇ ਨੂੰ ਮਜ਼ਬੂਤ ਕਰਨ ਦੇ ਫਲਸਫ਼ੇ ਨੂੰ ਸੁੰਦਰਤਾ ਨਾਲ ਦਰਸਾਉਂਦੀ ਹੈ।

## ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸਮਾਗਮ 'ਚ ਖੁਸ਼ਬੂ ਸਵਨਾ ਨੇ ਲਵਾਈ ਹਾਜ਼ਰੀ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸਮਾਗਮ ਕਰਵਾਏ ਗਏ। ਇਸ ਦੌਰਾਨ ਖੁਸ਼ੀ ਫਾਊਂਡੇਸ਼ਨ ਦੇ ਚੇਅਰਪ੍ਰਸਨ ਮੈਡਮ ਖੁਸ਼ਬੂ ਸਵਨਾ ਨੇ ਆਪਣੀ ਹਾਜ਼ਰੀ ਲਗਵਾਉਂਦਿਆਂ ਭਜਨ ਬੰਦਗੀ ਸੁਣੀ ਤੇ ਸ਼ੁੱਧ ਵਿਚਾਰਾਂ ਦੀ ਪ੍ਰਾਪਤੀ ਕੀਤੀ। ਗੁਰਦੁਆਰਾ ਸ੍ਰੀ ਸਤਸੰਗ ਸਾਹਿਬ ਵਿਖੇ ਸ਼ਿਰਕਤ ਕਰਦਿਆਂ ਖੁਸ਼ਬੂ ਸਵਨਾ ਨੇ ਸਮਾਗਮ ਦੌਰਾਨ ਪਾਠੀ ਸਾਹਿਬਾਨਾਂ ਵੱਲੋਂ ਕੀਤੇ ਗਏ ਕੀਰਤਨ ਦਾ ਆਨੰਦ ਮਾਣਿਆ। ਇਸ ਮੌਕੇ ਭਾਈ ਅਪਾਰ ਸਿੰਘ ਜੀ ਦੇ ਵਿਚਾਰਾਂ ਨੇ ਸਾਰੀ ਸੰਗਤ ਨੂੰ ਨਿਹਾਲ ਕੀਤਾ।

ਇਸ ਮੌਕੇ ਖੁਸ਼ਬੂ ਸਵਨਾ ਨੇ ਕਿਹਾ ਕਿ ਗੁਰੂ ਸਾਨੂੰ ਸਹੀ ਦਿਸ਼ਾ ਦਿਖਾਉਣ ਤੇ ਲੋਕਾਂ ਦਾ ਮਾਰਗਦਰਸ਼ਨ ਕਰਨ ਲਈ ਆਉਂਦੇ ਹਨ। ਉਨ੍ਹਾਂ ਦਾ ਉਦੇਸ਼ ਸੰਗਤਾਂ ਨੂੰ ਸੱਚੀ ਤੇ ਨੇਕ ਕਮਾਈ ਕਰਨ ਦਾ ਸੰਦੇਸ਼ ਦੇਣ ਦੇ ਨਾਲ ਨਾਲ ਲੋਕਾਂ ਦੀ ਭਲਾਈ ਕਰਨ ਦਾ ਸੁਨੇਹਾ ਦੇਣਾ ਹੈ। ਉਨ੍ਹਾਂ ਕਿਹਾ ਕਿ ਸਮੂਹ ਸੰਗਤਾਂ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਮੰਨਣ ਦੀ ਲੋੜ ਹੈ ਤੇ ਹਮੇਸ਼ਾ ਉਨ੍ਹਾਂ ਦੇ ਦਿਖਾਏ ਰਸਤਿਆਂ 'ਤੇ ਚੱਲਣਾ ਚਾਹੀਦਾ ਹੈ।

# ਪਰਾਲੀ ਨੂੰ ਅੱਗ ਲੱਗਣ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ, ਜ਼ਿਲ੍ਹਾ ਤੇ ਪੁਲਸ ਪ੍ਰਸ਼ਾਸਨ ਖੇਤਾਂ 'ਚ ਡਟੇ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ, ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀ ਖੇਤਾਂ ਵਿੱਚ ਡਟੇ ਹਨ।ਸਾਰੇ ਅਧਿਕਾਰੀ ਤੇ ਕਰਮਚਾਰੀਆਂ ਵੱਲੋਂ ਅੱਜ ਪਿੰਡ ਪਿੰਡ ਜਾ ਕੇ ਚੈਕਿੰਗ ਕੀਤੀ ਗਈ।ਟੀਮਾਂ ਵੱਲੋਂ ਹਾਟ ਸਪਾਟ ਪਿੰਡਾਂ ਉੱਤੇ ਵੀ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਰਾਲੀ ਨੂੰ ਅੱਗ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਿਨ-ਰਾਤ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਰਾਏਸਰ, ਚੰਨਣਵਾਲ, ਛੀਨੀਵਾਲ ਕਲਾਂ ਤੇ ਮਹਿਲ ਕਲਾਂ ਦਾ ਦੌਰਾ ਕੀਤਾ।ਉਨ੍ਹਾਂ ਦੱਸਿਆ ਕਿ ਇਨ੍ਹਾਂ ਪਿੰਡਾਂ 'ਚ ਤਾਇਨਾਤ ਪਰਾਲੀ ਪ੍ਰਬੰਧਨ ਅਫ਼ਸਰਾਂ ਤੇ ਪੁਲਸ ਸਟਾਫ਼ ਦੀ ਚੈਕਿੰਗ ਕੀਤੀ ਗਈ ਤੇ ਸਾਰਾ ਸਟਾਫ਼ ਹਾਜ਼ਰ ਪਾਇਆ ਗਿਆ।ਉਨ੍ਹਾਂ ਪਿੰਡ ਚੰਨਣਵਾਲ ਵਿਖੇ ਬਣਾਏ ਗਏ ਪਰਾਲੀ ਡੰਪ ਦਾ ਦੌਰਾ ਕੀਤਾ ਜਿਹੜਾ ਕਿ ਪਿੰਡ ਦੀ ਪੰਚਾਇਤ ਦੀ ਮਦਦ ਨਾਲ 13 ਏਕੜ ਜ਼ਮੀਨ 'ਚ ਆਸ-ਪਾਸ ਦੇ ਪਿੰਡਾਂ ਦੀ ਪਰਾਲੀ ਇਕੱਤਰ ਕਰ ਰਿਹਾ ਹੈ। ਇਸ ਡੰਪ ਵਿਖੇ ਕਿਸਾਨਾਂ ਦੀ ਪਰਾਲੀ ਦੀ ਸੰਭਾਲ ਕੀਤੀ ਜਾਂਦੀ ਹੈ ਤੇ ਇਸ ਨੂੰ ਅੱਗੇ ਲੋੜ ਅਨੁਸਾਰ ਵੱਖ ਵੱਖ ਫੈਕਟਰੀਆਂ ਵੱਲੋਂ ਲੈ ਲਿਆ ਜਾਵੇਗਾ।ਉਨ੍ਹਾਂ ਵੱਖ ਵੱਖ ਪਿੰਡਾਂ ਵਿਖੇ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਸਾੜਨ ਦੀ ਬਜਾਏ, ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਾਂ ਦੀ ਵਰਤੋਂ ਜਿਵੇਂ ਕਿ ਜ਼ੀਰੋ ਟਿੱਲ ਡਰਿੱਲ, ਸੁਪਰ ਸੀਡਰ ਜਾਂ ਹੈਪੀ ਸੀਡਰ ਦੀ ਵਰਤੋਂ ਕਰਕੇ ਪਰਾਲੀ ਨੂੰ ਜ਼ਮੀਨ ਵਿੱਚ ਹੀ ਮਿਲਾਉਣ।ਇਸ ਤੋਂ ਇਲਾਵਾ ਪਰਾਲੀ ਨੂੰ ਬੇਲਰ ਮਸ਼ੀਨਾਂ ਰਾਹੀਂ ਗੱਠਾਂ ਬਣਾ ਕੇ ਪਾਵਰ ਪਲਾਂਟਾਂ ਜਾਂ ਉਦਯੋਗਾਂ ਨੂੰ ਵੀ ਵੇਚਿਆ ਜਾ ਸਕਦਾ ਹੈ।ਇਸ ਤਰ੍ਹਾਂ ਆਈ ਏ ਐੱਸ (ਅੰਡਰ ਟ੍ਰੇਨੀ) ਸਿਵੰਸ਼ ਰਾਠੀ ਨੇ ਪਿੰਡ ਗੁੰਮਟੀ, ਠੁੱਲੀਵਾਲ, ਕੁਰੜ, ਛਾਪਾ, ਖੁਰਦ, ਠੁੱਲੀਵਾਲ, ਵਜੀਦਕੇ, ਸਹੌਰ ਦਾ ਦੌਰਾ ਕੀਤਾ।ਪਿੰਡ ਸਹੌਰ ਵਿਖੇ ਉਨ੍ਹਾਂ ਅੱਗ ਬੁਝਾਉਣ 'ਚ ਮਦਦ ਕੀਤੀ ਤੇ ਮੌਕੇ ਦਾ ਜਾਇਜ਼ਾ ਲਿਆ।ਪੁਲਸ ਤੇ ਸਿਵਲ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਵੀ ਪਿੰਡਾਂ 'ਚ ਲਗਾਤਾਰ ਗਸ਼ਤ ਜਾਰੀ ਹੈ।

## ਵਰਲਡ 'ਵਰਸਿਟੀ ਵੱਲੋਂ ਝੁੱਗੀ-ਝੌਂਪੜੀ ਇਲਾਕੇ 'ਚ ਵੰਡ ਛਕੋ ਕੈਂਪ



ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਅੰਗਰੇਜ਼ੀ ਵਿਭਾਗ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਵੱਲੋਂ ਸਮਾਜਿਕ ਜ਼ਿੰਮੇਵਾਰੀ ਦੇ ਪ੍ਰਗਟਾਵੇ ਤਹਿਤ ਇਕ ਵੰਡ ਛਕੋ ਕੈਂਪ ਸਥਾਨਕ ਝੁੱਗੀ-ਝੌਂਪੜੀ ਇਲਾਕੇ ਵਿੱਚ ਆਯੋਜਿਤ ਕੀਤਾ ਗਿਆ।ਇਸ ਕੈਂਪ ਦਾ ਮੁੱਖ ਉਦੇਸ਼ ਸਿੱਖ ਮੂਲ ਸਿਧਾਂਤ ਵੰਡ ਛਕੋ ਅਰਥਾਤ ਆਪਣੀ ਸੰਸਾਧਨਾਂ ਨੂੰ ਹੋਰਨਾਂ ਨਾਲ ਸਾਂਝਾ ਕਰਨ ਦੀ ਭਾਵਨਾ ਨੂੰ ਪ੍ਰਸਾਰਿਤ ਕਰਨਾ ਸੀ, ਤਾਂ ਜੋ ਸਮਾਜ ਵਿੱਚ ਸਾਂਝ, ਸਹਿਭਾਗਤਾ ਤੇ ਨਿਸ਼ਕਾਮ ਸੇਵਾ ਦੀ ਭਾਵਨਾ ਮਜ਼ਬੂਤ ਹੋਵੇ।ਇਸ ਕੈਂਪ ਦੀ ਅਗਵਾਈ ਅੰਗਰੇਜ਼ੀ ਵਿਭਾਗ ਦੀ ਮੁਖੀ ਡਾ. ਅੰਕਦੀਪ ਕੌਰ ਅਟਵਾਲ ਨੇ ਵਿਭਾਗ ਦੇ ਅਧਿਆਪਕਾਂ ਸਮੇਤ ਕੀਤੀ।ਇਸ ਮੌਕੇ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਕੈਂਪ ਦਾ ਉਦਘਾਟਨ ਕੀਤਾ।ਉਨ੍ਹਾਂ ਨਾਲ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਅਫੇਅਰਜ਼, ਪ੍ਰੋ. (ਡਾ.) ਤੇਜਬੀਰ ਸਿੰਘ ਰਜਿਸਟਰਾਰ ਤੇ ਜਗਜੀਤ ਸਿੰਘ ਡਿਪਟੀ ਰਜਿਸਟਰਾਰ ਨੇ ਵੀ ਹਾਜ਼ਰੀ ਭਰੀ।ਸਾਰੇ ਅਧਿਕਾਰੀਆਂ ਨੇ ਵਿਭਾਗ ਦੇ ਇਸ ਯਤਨ ਦੀ ਪ੍ਰਸ਼ੰਸਾ ਕੀਤੀ ਤੇ ਵਿਦਿਆਰਥੀਆਂ ਵਿੱਚ ਸਮਾਜਿਕ ਜਾਗਰੂਕਤਾ ਤੇ ਮਨੁੱਖੀ ਮੁੱਲਾਂ ਦੇ ਪ੍ਰਚਾਰ ਲਈ ਵਿਭਾਗ ਦੀ ਭੂਮਿਕਾ ਦੀ ਸਰਾਹਨਾ ਕੀਤੀ।ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ ਅਤੇ ਕੱਪੜੇ, ਰਾਸ਼ਨ ਤੇ ਭਾਂਡੇ ਵਰਗੀਆਂ ਜ਼ਰੂਰੀ ਚੀਜ਼ਾਂ ਇਕੱਠੀਆਂ ਕਰਕੇ ਨਿਕਟਵਰਤੀ ਝੁੱਗੀ-ਝੌਂਪੜੀ ਇਲਾਕੇ ਦੇ ਰਹਿਣ ਵਾਲਿਆਂ ਵਿੱਚ ਵੰਡੀਆਂ। ਕੈਂਪ ਦਾ ਆਯੋਜਨ ਮਿਸ ਜਸਪ੍ਰੀਤ ਕੌਰ ਤੇ ਡਾ. ਬਲਜੀਤ ਕੌਰ ਆਨੰਦ ਅਸਿਸਟੈਂਟ ਪ੍ਰੋਫੈਸਰਜ਼ ਅੰਗਰੇਜ਼ੀ ਵਿਭਾਗ ਵੱਲੋਂ ਕੀਤਾ ਗਿਆ, ਜਦਕਿ ਮਿਸ ਪਰਮਿੰਦਰ ਕੌਰ, ਮਿਸ ਜਸਮੀਨ ਕੌਰ, ਮਿਸ ਨੇਹਾ, ਮਿਸ ਪਾਰਿਕਾ ਧੀਮਾਨ ਤੇ ਮਿਸ ਪਰਨੀਤ ਕੌਰ ਨੇ ਸਹਿ-ਆਯੋਜਕਾਂ ਵਜੋਂ ਯੋਗਦਾਨ ਪਾਇਆ। ਵਿਦਿਆਰਥੀਆਂ ਤੇ ਅਧਿਆਪਕਾਂ ਦਾ ਸਾਥ ਸ੍ਰ. ਹਰਭਜਨ ਸਿੰਘ ਵਿਭਾਗ ਦੇ ਡੀ.ਈ.ਓ. ਨੇ ਦਿੱਤਾ।ਇਹ ਕੈਂਪ ਇਸ ਗੱਲ ਦੀ ਅਰਥਪੂਰਨ ਯਾਦ ਦਿਵਾਉਂਦਾ ਹੈ ਕਿ ਛੋਟੇ-ਛੋਟੇ ਭਲਾਈ ਦੇ ਕੰਮ ਸਮੂਹਕ ਬਦਲਾਅ ਲਈ ਪ੍ਰੇਰਣਾ ਦਾ ਸਰੋਤ ਬਣ ਸਕਦੇ ਹਨ।

## ਜੈਨੇਸਿਸ ਡੈਂਟਲ ਹਸਪਤਾਲ ਵੱਲੋਂ ਮੁਫ਼ਤ ਡੈਂਟਲ ਚੈੱਕਅੱਪ ਕੈਂਪ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਵਸ 'ਤੇ ਜੈਨੇਸਿਸ ਡੈਂਟਲ ਹਸਪਤਾਲ ਫਿਰੋਜ਼ਪੁਰ ਵੱਲੋਂ ਗੁਰਦੁਆਰਾ ਜਾਮਨੀ ਸਾਹਿਬ ਬਾਜੀਦਪੁਰ ਵਿਖੇ ਮੁਫ਼ਤ ਦੰਦਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਗਗਨ ਹਾਂਡਾ ਤੇ ਡਾ. ਰਾਹੁਲ ਯਾਦਵ ਨੇ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ। ਕੈਂਪ ਵਿੱਚ ਵੱਡੀ ਗਿਣਤੀ 'ਚ ਲੋਕਾਂ ਨੇ ਹਿੱਸਾ ਲਿਆ ਤੇ ਆਪਣੇ ਦੰਦਾਂ ਦੀ ਜਾਂਚ ਕਰਵਾਈ। ਡਾਕਟਰਾਂ ਨੇ ਮਰੀਜ਼ਾਂ ਨੂੰ ਦੰਦਾਂ ਦੀ ਸੰਭਾਲ ਤੇ ਸਿਹਤ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਜ਼ਰੂਰੀ ਇਲਾਜ ਬਾਰੇ ਸਲਾਹ ਵੀ ਦਿੱਤੀ। ਹਸਪਤਾਲ ਦੀ ਟੀਮ ਨੇ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਸਮਾਜ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ ਤੇ ਅਗਾਂਹ ਵੀ ਇਸ ਤਰ੍ਹਾਂ ਦੇ ਮੁਫ਼ਤ ਦੰਦਾਂ ਦੇ ਕੈਂਪ ਲਗਾਉਂਦੇ ਰਹਿਣਗੇ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਲਾਭ ਮਿਲ ਸਕੇ। ਇਸ ਮੌਕੇ ਕਾਲਜ ਦੇ ਪੀਆਰਓ ਰਣਜੀਤ ਸਿੰਘ ਤੇ ਮਨਜੀਤ ਸਿੰਘ ਵੱਲੋਂ ਮਰੀਜ਼ਾਂ ਨੂੰ ਟੂਥਪੇਸਟ, ਟੂਥਬਰਸ਼ ਤੇ ਹੋਰ ਦਵਾਈਆਂ ਵੰਡੀਆਂ ਗਈਆਂ।

# ਮਾਤਾ ਗੁਜਰੀ ਕਾਲਜ ਨੇ ਖੇਤਰੀ ਯੁਵਕ ਤੇ ਲੋਕ ਮੇਲੇ ਦੀ ਜਿੱਤੀ ਓਵਰਆਲ ਫ਼ਸਟ ਰਨਰਅੱਪ ਟਰਾਫ਼ੀ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਮਾਤਾ ਗੁਜਰੀ ਕਾਲਜ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਸੈਸ਼ਨ 2025-26 ਦੇ ਰੋਪੜ ਫ਼ਤਹਿਗੜ੍ਹ ਸਾਹਿਬ ਜ਼ੋਨ ਦੇ ਖੇਤਰੀ ਯੁਵਕ ਤੇ ਲੋਕ ਮੇਲੇ ਵਿੱਚ ਓਵਰਆਲ ਫ਼ਸਟ ਰਨਰਅੱਪ ਟਰਾਫ਼ੀ ਜਿੱਤ ਕੇ ਮਾਣਮੱਤੀ ਪ੍ਰਾਪਤੀ ਕੀਤੀ।ਚਾਰ ਦਿਨ ਲਗਾਤਾਰ ਚੱਲੇ ਇਸ ਯੁਵਕ ਮੇਲੇ ਵਿੱਚ 58 ਵੱਖ-ਵੱਖ ਮੁਕਾਬਲਿਆਂ ਵਿੱਚ ਮਾਤਾ ਗੁਜਰੀ ਕਾਲਜ ਨੇ ਫਾਈਨ ਆਰਟਸ ਤੇ ਰੰਗਮੰਚ ਦੀ ਓਵਰਆਲ ਟਰਾਫ਼ੀ ਹਾਸਲ ਕੀਤੀ।ਕਾਲਜ ਨੇ ਫੋਕ ਆਰਕੈਸਟਰਾ, ਨੁੱਕੜ ਨਾਟਕ, ਇਕਾਂਗੀ ਨਾਟਕ, ਲੋਕ ਨਾਚ ਲੜਕੀਆਂ ਲੁੱਡੀ, ਕਵੀਸ਼ਰੀ, ਪੱਛਮੀ ਸਮੂਹ ਗਾਇਨ, ਮੁਹਾਵਰੇਦਾਰ ਵਾਰਤਾਲਾਪ, ਕੋਲਾਜ ਬਣਾਉਣਾ, ਫ਼ੋਟੋਗ੍ਰਾਫ਼ੀ, ਰੰਗੋਲੀ ਤੇ ਹੋਰ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਕਾਲਜ ਨੇ ਭੰਗੜਾ, ਸਮੂਹ ਸ਼ਬਦ, ਭਾਰਤੀ ਸਮੂਹ ਗਾਇਨ, ਕਲੀ ਗਾਇਨ, ਵਾਰ ਗਾਇਨ, ਮਾਈਮ, ਵਾਦ ਵਿਵਾਦ, ਕਲੇਅ ਮਾਡਲਿੰਗ ਅਤੇ ਹੋਰ ਮੁਕਾਬਲਿਆਂ ਵਿੱਚ ਦੂਸਰਾ ਸਥਾਨ ਹਾਸਲ ਕੀਤਾ।ਇਸੇ ਪ੍ਰਕਾਰ ਲਘੂ ਫ਼ਿਲਮ, ਲੋਕ ਨਾਚ ਲੜਕੇ ਝੂਮਰ, ਭੰਡ ਤੇ ਹੋਰ ਮੁਕਾਬਲਿਆਂ ਵਿੱਚ ਤੀਸਰਾ ਸਥਾਨ ਹਾਸਲ ਕੀਤਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਨੇ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਉੱਤਰ ਭਾਰਤ ਦੀ ਸਿਰਮੌਰ ਉਚੇਰੀ ਸਿੱਖਿਆ ਸੰਸਥਾ ਮਾਤਾ ਗੁਜਰੀ ਕਾਲਜ ਨੇ ਮਾਣਮੱਤੀ ਪ੍ਰਾਪਤੀ ਕੀਤੀ ਹੈ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਿੱਖਿਆ ਸਕੱਤਰ ਇੰਜੀਨੀਅਰ ਸੁਖਮਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਵਧਾਈ ਦਿੰਦਿਆਂ ਕਿਹਾ ਕਿ ਮਹਾਨ ਵਿੱਦਿਆ ਦਾਨੀ ਸਵਰਗਵਾਸੀ ਬੀਬੀ ਗੁਰਬਚਨ ਕੌਰ ਮਾਨ ਦੇ ਅਣਥੱਕ ਯਤਨਾਂ ਸਦਕਾ 68 ਵਰ੍ਹੇ ਪਹਿਲਾਂ ਸ਼ੁਰੂ ਹੋਏ ਮਾਤਾ ਗੁਜਰੀ ਕਾਲਜ ਵਿੱਚ ਵਿੱਦਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਨੇ ਪੜ੍ਹਾਈ, ਖੇਡਾਂ, ਸੱਭਿਆਚਾਰਕ ਸਰਗਰਮੀਆਂ ਵਿੱਚ ਫ਼ਖਰਯੋਗ ਪ੍ਰਾਪਤੀਆਂ ਕੀਤੀਆਂ ਹਨ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਆਪਣੀ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਹ ਸ਼ਲਾਘਾਯੋਗ ਪ੍ਰਾਪਤੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਐਡਵੋਕੇਟ ਸ੍ਰ. ਹਰਜਿੰਦਰ ਸਿੰਘ ਧਾਮੀ ਦੀ ਸੁਯੋਗ ਅਗਵਾਈ, ਨਿਰੰਤਰ ਸਰਪ੍ਰਸਤੀ ਤੇ ਸਹਿਯੋਗ ਸਦਕਾ ਪ੍ਰਾਪਤ ਹੋਈ ਹੈ। ਉਨ੍ਹਾਂ ਕਾਲਜ ਦੇ ਸਟਾਫ਼, ਕੋਚਿੰਗ ਸਟਾਫ਼ ਤੇ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ।ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਧਾਈ ਦਿੰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਨਿਰੰਤਰ ਅਕਾਦਮਿਕ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਦੇ ਨਾਲ-ਨਾਲ ਸਹਿ-ਵਿੱਦਿਅਕ ਤੇ ਸੱਭਿਆਚਾਰਕ ਸਰਗਰਮੀਆਂ ਵਿੱਚ ਨਿੱਤ ਨਵੀਆਂ ਪੁਲਾਂਘਾਂ ਪੁੱਟ ਰਿਹਾ ਹੈ।ਕਾਲਜ ਦੇ ਡੀਨ ਸੱਭਿਆਚਾਰਕ ਗਤੀਵਿਧੀਆਂ ਡਾ. ਜਗਪਾਲ ਸਿੰਘ ਨੇ ਕਾਲਜ ਪ੍ਰਿੰਸੀਪਲ, ਵੱਖ-ਵੱਖ ਗਤੀਵਿਧੀਆਂ ਦੇ ਕਨਵੀਨਰ ਸਾਹਿਬਾਨ, ਅਧਿਆਪਕ ਇੰਚਾਰਜ ਤੇ ਕੋਚ ਸਾਹਿਬਾਨ ਦਾ ਸਹਿਯੋਗ ਦੇਣ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਕਾਲਜ ਦੇ ਸਾਬਕਾ ਡੀਨ ਸੱਭਿਆਚਾਰਕ ਸਰਗਰਮੀਆਂ ਡਾ. ਹਰਮਿੰਦਰ ਸਿੰਘ ਨੇ ਵੀ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਕਾਲਜ ਦੇ ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ, ਡਾ. ਕੁਲਦੀਪ ਕੌਰ, ਡਾ. ਸੀਮਾ ਰਾਣੀ, ਡਾ. ਅਵਨੀਤ ਕੌਰ, ਡਾ. ਗਗਨਦੀਪ ਸਿੰਘ, ਡਾ. ਜਸ਼ਨਪ੍ਰੀਤ ਕੌਰ, ਡਾ. ਮਨਪ੍ਰੀਤ ਕੌਰ, ਡਾ. ਪੁਸ਼ਪਿੰਦਰ ਸਿੰਘ, ਡਾ. ਕੁਲਵਿੰਦਰ ਸਿੰਘ, ਪ੍ਰੋ. ਭਗਵੰਤ ਸਿੰਘ, ਪ੍ਰੋ. ਹਰਦੀਪ ਸਿੰਘ, ਪ੍ਰੋ. ਬਨਿੰਦਰ ਕੌਰ, ਪ੍ਰੋ. ਗੁਰਲੀਨ ਕੌਰ, ਪ੍ਰੋ. ਆਦਿਲ ਖਾਨ ਤੇ ਪ੍ਰੋ. ਬੇਅੰਤ ਕੌਰ ਤੋਂ ਇਲਾਵਾ ਹੋਰ ਸਟਾਫ਼ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

# ਸ਼ਿਆਮ ਜਨਮ ਉਤਸਵ ਮੌਕੇ ਜਲੰਧਰ ਕਲੋਨੀ ਮੰਦਰ ਵਿਖੇ ਸਮਾਗਮ



ਮੋਗਾ (ਇਕਬਾਲ ਸਿੰਘ ਖਹਿਰਾ)-ਸ਼ਿਆਮ ਜਨਮ ਉਤਸਵ ਦੇ ਮੌਕੇ ਮੋਗਾ ਸ਼ਹਿਰ ਦੇ ਕੋਟਕਪੂਰਾ ਰੋਡ 'ਤੇ ਸਥਿਤ ਜਲੰਧਰ ਕਲੋਨੀ ਦੇ ਸ਼ਿਆਮ ਮੰਦਰ ਵਿਖੇ ਸ਼ਿਆਮ ਸੇਵਾ ਸੋਸਾਇਟੀ ਵੱਲੋਂ ਸ਼ਿਆਮ ਪ੍ਰਭੂ ਖਾਟੂ ਵਾਲੇ ਨੂੰ ਸਮਰਪਤ ਇੱਕ ਵਿਸ਼ਾਲ ਭਜਨ ਸ਼ਾਮ ਦਾ ਆਯੋਜਨ ਕੀਤਾ ਗਿਆ।ਪਹਿਲਾਂ, ਪੰਡਿਤ ਯੋਗੇਸ਼ ਸ਼ਾਸਤਰੀ ਦੀ ਅਗਵਾਈ ਹੇਠ ਬੀਬੀਐੱਸ ਨੇ ਸ਼ਿਆਮ ਦਰਬਾਰ ਵਿੱਚ ਭਜਨ ਗਾਏ।ਇਸ ਮੌਕੇ ਗਰੁੱਪ ਦੇ ਚੇਅਰਮੈਨ ਸੰਜੀਵ ਕੁਮਾਰ ਸੈਣੀ, ਡਾ: ਸੀਮਾਂਤ ਗਰਗ, ਡਾ: ਹਰਜੋਤ ਕਮਲ, ਕੌਂਸਲਰ ਗੌਰਵ ਗੁਪਤਾ ਗੁੱਡੂ, ਆਪ ਦੇ ਸ਼ਹਿਰੀ ਪ੍ਰਧਾਨ ਪ੍ਰੇਮ ਚੰਦ ਚੱਕੀ ਵਾਲੇ, ਕੌਂਸਲਰ ਪਾਇਲ ਗਰਗ, ਗੌਰਵ ਗਰਗ, ਸ੍ਰੀ ਰਾਮਾਇਣ ਪ੍ਰਚਾਰ ਮੰਡਲ ਮੋਗਾ ਦੇ ਪ੍ਰਧਾਨ ਪਵਨ ਸਿੰਗਲਾ, ਸਮਾਜ ਸੇਵੀ ਸੁਸ਼ੀਲ ਮਿੱਡਾ, ਸੌਰਭ ਮਾਛੀਵਾਲ ਗੋਢੀਵਾਲ ਦੇ ਚੇਅਰਮੈਨ ਲਾਲ ਸ਼ਰਮਾ, ਭਾਵਾਧਸ ਦੇ ਪ੍ਰਧਾਨ ਨਰੇਸ਼ ਬੋਹਤ, ਹੇਮਾ ਬੋਹਤ, ਅਨਮੋਲ ਵੈੱਲਫੇਅਰ ਕਲੱਬ ਤੇ ਸ਼ਿਆਮ ਸੇਵਾ ਸੁਸਾਇਟੀ ਦੇ ਸਮੂਹ ਮੈਂਬਰਾਂ ਨੇ ਆਪਣੇ ਪਰਵਾਰਾਂ ਸਮੇਤ ਸ਼ਿਆਮ ਬਾਬਾ ਦੇ ਦਰਬਾਰ ਵਿੱਚ ਦੀਵਾ ਜਗਾਉਣ ਦੀ ਰਸਮ ਅਦਾ ਕੀਤੀ।ਇਸ ਦੌਰਾਨ ਭਜਨ ਗਾਇਕ ਰੋਸ਼ਨ ਕੁਮਾਰ, ਐਡਵੋਕੇਟ ਜੈ ਗੋਇਲ, ਵੰਸ਼ ਵਧਵਾ, ਜੀਤੂ ਸੋਨੀ ਫਰੀਦਕੋਟ, ਪਰੁਸ਼ ਗਰਗ, ਵੰਸ਼ ਸ਼ਰਮਾ, ਰਾਜੀਵ ਉੱਪਲ ਨੇ ਭਗਵਾਨ ਗਣੇਸ਼ ਦੀ ਪੂਜਾ ਤੇ ਸ਼ਿਆਮ ਦਾ ਗੁਣਗਾਨ ਕਰਕੇ ਭਜਨ ਸ਼ਾਮ ਦੀ ਸ਼ੁਰੂਆਤ ਕੀਤੀ।ਇਸ ਮੌਕੇ ਆਏ ਮੁੱਖ ਮਹਿਮਾਨਾਂ ਨੂੰ ਸ਼ਾਲ ਦੇ ਕੇ ਸਨਮਾਨਤ ਕੀਤਾ ਗਿਆ। ਭਜਨ ਸ਼ਾਮ ਦੇ ਅੰਤ ਵਿੱਚ ਕੇਕ ਕੱਟ ਕੇ ਸ਼ਿਆਮ ਬਾਬਾ ਨੂੰ ਛਪੰਜਾ ਭੇਟਾ ਚੜ੍ਹਾਉਣ ਤੇ ਆਰਤੀ ਕਰਨ ਤੋਂ ਬਾਅਦ ਅਖੰਡ ਦਾਅਵਤ ਦਾ ਪ੍ਰਸ਼ਾਦ ਸ਼ਰਧਾਲੂਆਂ ਨੂੰ ਵੰਡਿਆ ਗਿਆ।ਇਸ ਮੌਕੇ ਸ਼ਿਆਮ ਸੇਵਾ ਸੁਸਾਇਟੀ ਦੇ ਸੰਸਥਾਪਕ ਕਮਲ ਸ਼ਰਮਾ, ਚੇਅਰਮੈਨ ਅਜੈ ਗਰਗ, ਸੀਨੀਅਰ ਮੀਤ ਪ੍ਰਧਾਨ ਤੇ ਸਾਬਕਾ ਕੌਂਸਲਰ ਭੂਸ਼ਨ ਗਰਗ, ਕੈਸ਼ੀਅਰ ਰਾਮ ਪ੍ਰਕਾਸ਼ ਮੰਗਲਾ, ਵਿੱਤ ਸਕੱਤਰ ਚੰਦਰ ਮੋਹਨ ਸਹਿਗਲ, ਪ੍ਰਧਾਨ ਵਿਨੋਦ ਪੋਪਲੀ, ਭੁਪੇਸ਼ ਸ਼ਰਮਾ, ਸੰਜੀਵ ਕੁਮਾਰ ਟੀਟੂ, ਸੁਦਾਮਾ ਪੁਰੀ, ਗਗਨ ਅਰੋੜਾ, ਅਮਨ ਗਰਗੌੜਾ, ਮਿਸ਼ਾਲ ਰਾਜਪਾਲ, ਰਾਜਪਾਲ ਕੌਰ, ਡਾ. ਸਿੰਗਲਾ, ਰਾਜੇਸ਼ ਕੁਮਾਰ ਰਾਜੂ, ਰਾਜੇਸ਼ ਗੋਇਲ, ਰਵੀ ਸਿੰਗਲਾ, ਕਪਿਲ ਕੁਮਾਰ ਖੰਨਾ, ਡਾ: ਰਾਮ ਗੋਪਾਲ ਕੁਮਾਰ, ਰਾਜੇਸ਼ ਸਿੰਗਲਾ, ਜਗਦੀਸ਼ ਬੱਤਰਾ, ਰਾਜੀਵ ਉੱਪਲ, ਪਰੁਸ਼ ਗਰਗ, ਅਸ਼ੋਕ ਕਾਲੜਾ, ਨਰੇਸ਼ ਬਾਂਸਲ, ਵਿਜੇ ਅਰੋੜਾ, ਜੌਨੀ ਸ਼ਰਮਾ, ਰਾਮਪਾਲ ਮਹਿੰਦੀਰੱਤਾ, ਯੋਗੇਸ਼ ਸ਼ਰਮਾ, ਰਾਜੀਵ ਉੱਪਲ, ਵੰਸ਼ ਸ਼ਰਮਾ ਸਮੇਤ ਵੱਡੀ ਗਿਣਤੀ 'ਚ ਧਾਰਮਿਕ ਸੰਸਥਾ ਦੇ ਅਹੁਦੇਦਾਰ ਤੇ ਸਮਾਜ ਸੇਵੀ ਵੰਸ਼ ਸ਼ਰਮਾ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਜੌੜਾਮਾਜਰਾ ਨੇ 280 ਲਾਭਪਾਤਰੀਆਂ ਨੂੰ 1.61 ਕਰੋੜ ਦੀ ਮੁਆਵਜ਼ਾ ਰਾਸ਼ੀ ਸੌਂਪੀ



ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)-ਹਲਕਾ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਆਪਣੇ ਹਲਕੇ ਦੇ ਘੱਗਰ ਦੀ ਮਾਰ ਹੇਠ ਆਏ ਦੋ ਪਿੰਡਾਂ ਸੱਸਾ ਗੁੱਜਰਾਂ ਤੇ ਧਰਮਹੇੜੀ ਦੇ 280 ਲਾਭਪਾਤਰੀਆਂ ਨੂੰ 1.61 ਕਰੋੜ ਦੀ ਮੁਆਵਜ਼ਾ ਰਾਸ਼ੀ ਉਨ੍ਹਾਂ ਦੇ ਖਾਤਿਆਂ ਵਿੱਚ ਪਾਉਣ ਦੇ ਪੱਤਰ ਸੌਂਪੇ। ਉਨ੍ਹਾਂ ਦੇ ਨਾਲ ਐੱਸ.ਡੀ.ਐੱਮ. ਪਟਿਆਲਾ ਹਰਜੋਤ ਕੌਰ ਸਮੇਤ ਤੇ ਗੁਰਦੇਵ ਸਿੰਘ ਟਿਵਾਣਾ, ਤਹਿਸੀਲਦਾਰ ਕਰਨਵੀਰ ਸਿੰਘ ਭੁੱਲਰ ਸਮੇਤ ਹੋਰ ਪਤਵੰਤੇ ਮੌਜੂਦ ਸਨ।

ਇਸ ਮੌਕੇ ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਾਰਦਰਸ਼ੀ ਢੰਗ ਨਾਲ ਆਨਲਾਈਨ ਗਿਰਦਾਵਰੀ ਕਰਵਾ ਕੇ ਦਿਵਾਲੀ ਦੇ ਤਿਉਹਾਰ ਤੋਂ ਪਹਿਲਾਂ ਹੀ ਮੁਆਵਜ਼ੇ ਦੀ ਰਾਸ਼ੀ ਪਹਿਲੇ ਪੜਾਅ ਹੇਠ ਕਿਸਾਨਾਂ ਦੇ ਖਾਤਿਆਂ ਵਿੱਚ ਜਮ੍ਹਾਂ ਕਰਵਾ ਦਿੱਤੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਸਾਨ ਤੇ ਪੰਜਾਬ ਵਾਸੀਆਂ ਦੇ ਹਿਤਾਇਸ਼ੀ ਬਣਕੇ ਸਾਹਮਣੇ ਆਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਦੇਸ਼ ਵਿੱਚ ਸਭ ਤੋਂ ਵੱਧ ਪ੍ਰਤੀ ਏਕੜ ਮੁਆਵਜ਼ਾ 20 ਹਜ਼ਾਰ ਰੁਪਏ ਦਿੱਤਾ ਹੈ, ਜਦੋਂ ਕਿ ਕੇਂਦਰ ਸਰਕਾਰ ਕੇਵਲ 5000 ਰੁਪਏ ਹੀ ਦਿੰਦੀ ਸੀ।ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਪਿੰਡ ਧਰਮਹੇੜੀ ਦੇ ਕੁਲ 185 ਲਾਭਪਾਤਰੀਆਂ ਨੂੰ 1 ਕਰੋੜ 6 ਲੱਖ 80 ਹਜ਼ਾਰ ਰੁਪਏ ਤੇ ਪਿੰਡ ਸੱਸਾ ਗੁੱਜਰਾਂ ਦੇ 95 ਲਾਭਪਾਤਰੀਆਂ ਨੂੰ 54 ਲੱਖ 38 ਹਜ਼ਾਰ ਰੁਪਏ ਦੀ ਮੁਆਵਜ਼ੇ ਦੀ ਰਾਸ਼ੀ ਵੰਡੀ ਗਈ ਹੈ।ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਦੂਜੇ ਪਾਸੇ ਕੇਂਦਰ ਸਰਕਾਰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ, ਪ੍ਰੰਤੂ ਪੰਜਾਬ ਹੜ੍ਹ ਨਾਲ ਬੁਰੀ ਤਰ੍ਹਾਂ ਝੰਭਿਆ ਹੋਇਆ, ਪਰ ਫੇਰ ਵੀ ਬਿਨਾਂ ਕੇਂਦਰੀ ਮਦਦ ਦੇ ਹੜ੍ਹਾਂ ਦੇ ਝੰਬੇ ਲੋਕਾਂ ਲਈ ਮਿਸ਼ਨ ਚੜ੍ਹਦੀ ਕਲਾ ਬਣਾ ਕੇ ਰੰਗਲਾ ਪੰਜਾਬ ਰਾਹੀਂ ਫੰਡ ਇਕੱਠੇ ਕਰਕੇ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹ ਪੀੜਤ ਜ਼ਮੀਨ ਦੇ ਕਿਸਾਨਾਂ ਲਈ ਮੁਫ਼ਤ ਕਣਕ ਦਾ ਬੀਜ ਦੇਣ ਸਮੇਤ ਹੋਰ ਵੀ ਕਈ ਅਹਿਮ ਫੈਸਲੇ ਕੀਤੇ, ਜਿਵੇਂ ਕਿ ਜਿਸ ਦਾ ਖੇਤ, ਉਸਦੀ ਰੇਤ ਤੇ ਪਸ਼ੂਆਂ ਤੇ ਨਾਗਰਿਕਾਂ ਲਈ ਮੈਡੀਕਲ ਸਹਾਇਤਾ ਪ੍ਰਦਾਨ ਕੀਤੀ।ਇਸ ਮੌਕੇ ਕੁਲਜੀਤ ਸਿੰਘ ਰੰਧਾਵਾ, ਸਰਪੰਚ ਵਰਿੰਦਰ ਸਿੰਘ, ਸਰਪੰਚ ਰਵੀ ਕੁਮਾਰ, ਮੇਵਾ ਰਾਮ ਅਤੇ ਗੁਰਪ੍ਰੀਤ ਸਿੰਘ ਤੇ ਪਿੰਡਾਂ ਦੇ ਪੰਚ-ਸਰਪੰਚ ਤੇ ਹੋਰ ਪਤਵੰਤੇ ਮੌਜੂਦ ਸਨ।

# ਸਤਨਾਮ ਸਰਬ ਕਲਿਆਣ ਟਰੱਸਟ ਨੇ ਹੜ੍ਹ ਪ੍ਰਭਾਵਿਤ ਵਿਦਿਆਰਥੀਆਂ ਦੀਆਂ ਫੀਸਾਂ ਦਿੱਤੀਆਂ



ਫਿਰੋਜ਼ਪੁਰ (ਗੁਰਬਚਨ ਸਿੰਘ)

ਸਰਹੱਦੀ ਖੇਤਰ ਵਿੱਚ ਆਏ ਭਿਆਨਕ ਹੜ੍ਹਾਂ ਨੇ ਜਿੱਥੇ ਲੋਕਾਂ ਦੀ ਜਾਨ-ਮਾਲ ਦਾ ਵੱਡਾ ਨੁਕਸਾਨ ਕੀਤਾ ਹੈ, ਉਥੇ ਬੱਚਿਆਂ ਦੀ ਪੜ੍ਹਾਈ ਵੀ ਬੁਰੀ ਤਰ੍ਹਾਂ ਪ੍ਰਭਾਵਤ ਹੋਈ ਹੈ।ਕਈ ਪਰਵਾਰਾਂ ਦੇ ਘਰ, ਰੁਜ਼ਗਾਰ ਤੇ ਖੇਤੀਬਾੜੀ ਪਾਣੀ 'ਚ ਵਹਿ ਜਾਣ ਕਾਰਨ ਉਹ ਆਪਣੇ ਬੱਚਿਆਂ ਦੀ ਸਕੂਲੀ ਫੀਸ ਭਰਨ ਵਿੱਚ ਅਸਮਰੱਥ ਹੋ ਗਏ ਸਨ।ਵਿਦਿਆਰਥੀਆਂ ਦੇ ਪਰਵਾਰਾਂ ਦੀ ਆਰਥਿਕ ਸਥਿਤੀ ਨੂੰ ਦੇਖਦੇ ਹੋਏ ਡਾ. ਸਤਿੰਦਰ ਸਿੰਘ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਫ਼ਿਰੋਜ਼ਪੁਰ ਦੀ ਪ੍ਰੇਰਨਾ ਸਦਕਾ 'ਈਚ ਵਨ ਅਡਾਪਟ ਵਨ' ਮੁਹਿੰਮ 'ਚ ਵਡਮੁੱਲਾ ਸਹਿਯੋਗ ਕਰਦਿਆਂ ਸਮਾਜ ਸੇਵੀ ਸੰਸਥਾ ਸਤਿਨਾਮ ਸਰਬ ਕਲਿਆਣ ਟਰੱਸਟ ਚੰਡੀਗੜ੍ਹ ਅਤੇ ਗਿਵ ਐਂਡ ਗਰੋਅ ਫਾਊਂਡੇਸ਼ਨ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੀਰਾ ਘਾਰਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੋਨਾਂ ਮੱਤੜ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੌ ਬਹਿਰਾਮ ਸ਼ੇਰ ਸਿੰਘ ਦੇ ਹੜ ਪ੍ਰਭਾਵਤ ਵਿਦਿਆਰਥੀਆਂ ਦੀ ਸਹਾਇਤਾ ਲਈ ਮਨੁੱਖਤਾ ਭਰਿਆ ਕਦਮ ਚੁੱਕਿਆ ਗਿਆ ਹੈ।ਟਰੱਸਟ ਵੱਲੋਂ ਜ਼ਿਲ੍ਹੇ 03 ਸਕੂਲਾਂ 10ਵੀਂ ਅਤੇ 12ਵੀਂ ਜਮਾਤ 'ਚ ਪ੍ਰਭਾਵਤ ਪਰਿਵਾਰਾਂ ਦੇ 150 ਬੱਚਿਆਂ ਦੀਆਂ 2.50 ਲੱਖ ਰੁਪਏ ਤੋਂ ਵੱਧ ਦੀਆ ਬੋਰਡ ਪ੍ਰੀਖਿਆਵਾਂ ਤੇ ਸਕੂਲੀ ਫੀਸਾਂ ਭਰੀਆਂ ਗਈਆਂ, ਤਾਂ ਜੁ ਕੋਈ ਵੀ ਵਿਦਿਆਰਥੀ ਆਰਥਿਕ ਤੰਗੀ ਕਾਰਨ ਆਪਣੀ ਸਿੱਖਿਆ ਤੋਂ ਵਾਂਝਾ ਨਾ ਰਹਿ ਜਾਵੇ।

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਗੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ ਨੂੰ ਰੋਕਣ ਲਈ ਸਖ਼ਤ ਕਦਮ ਚੁੱਕਦੇ ਹੋਏ, ਮੋਹਾਲੀ ਪੁਲਸ ਨੇ ਅਜਿਹੇ ਗੈਰ-ਕਾਨੂੰਨੀ ਕਾਰਜਾਂ ਵਿੱਚ ਸ਼ਾਮਲ ਵਿਅਕਤੀਆਂ 'ਤੇ ਆਪਣੀ ਕਾਰਵਾਈ ਤੇਜ਼ ਕਰ ਦਿੱਤੀ ਹੈ। ਬੀਤੇ ਦਿਨੀ ਕੀਤੀ ਗਈ ਕਾਰਵਾਈ ਦੇ ਵੇਰਵੇ ਸਾਂਝੇ ਕਰਦੇ ਹੋਏ, ਸੀਨੀਅਰ ਪੁਲਿਸ ਕਪਤਾਨ, ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਗੈਰ-ਕਾਨੂੰਨੀ ਮਾਈਨਿੰਗ ਵਿੱਚ ਲੱਗੇ ਚਾਰ ਵਾਹਨ ਜ਼ਬਤ ਕੀਤੇ ਗਏ ਹਨ, ਅਤੇ ਡੇਰਾਬੱਸੀ ਸਬ-ਡਿਵੀਜ਼ਨ ਵਿੱਚ ਤਿੰਨ ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ। ਐੱਸ ਐੱਸ ਪੀ ਨੇ ਦੱਸਿਆ ਕਿ ਇਹ ਕਾਰਵਾਈ ਪੁਲਸ ਕਪਤਾਨ (ਦਿਹਾਤੀ) ਮਨਪ੍ਰੀਤ ਸਿੰਘ ਦੀ ਨਿਗਰਾਨੀ ਅਤੇ ਡੇਰਾਬੱਸੀ ਦੇ ਉਪ ਕਪਤਾਨ ਪੁਲਿਸ ਬਿਕਰਮਜੀਤ ਸਿੰਘ ਬਰਾੜ ਦੀ ਸਿੱਧੀ ਨਿਗਰਾਨੀ ਹੇਠ ਕੀਤੀ ਗਈ। ਡੇਰਾਬੱਸੀ, ਲਾਲੜੂ ਅਤੇ ਹੰਡੇਸਰਾ ਪੁਲਿਸ ਸਟੇਸ਼ਨਾਂ ਦੇ ਸਟੇਸ਼ਨ ਹਾਊਸ ਅਫਸਰਾਂ ਦੁਆਰਾ ਵਿਸ਼ੇਸ਼ ਪੁਲਿਸ ਟੀਮਾਂ ਦਾ ਗਠਨ ਕੀਤਾ ਗਿਆ। ਇਨ੍ਹਾਂ ਟੀਮਾਂ ਨੇ ਕਈ ਇਲਾਕਿਆਂ ਵਿੱਚ ਨਾਕਾਬੰਦੀ ਅਤੇ ਛਾਪੇਮਾਰੀ ਕੀਤੀ, ਜਿਸ ਦੇ ਨਤੀਜੇ ਵਜੋਂ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਗੈਰ-ਕਾਨੂੰਨੀ ਮਾਈਨਿੰਗ ਵਿੱਚ ਸ਼ਾਮਲ ਚਾਰ ਵਾਹਨ ਕਾਬੂ ਕੀਤੇ ਗਏ। ਕਾਬੂ ਕੀਤੇ ਗਏ ਵਾਹਨਾਂ ਵਿੱਚ ਰਜਿਸਟ੍ਰੇਸ਼ਨ ਨੰਬਰ ਪੀ ਬੀ 65 ਬੀ ਐਲ 7619 ਅਤੇ ਪੀ ਬੀ 65 ਏ ਵੀ 1252 ਵਾਲੇ ਦੋ ਟਿੱਪਰ ਅਤੇ ਰਜਿਸਟ੍ਰੇਸ਼ਨ ਨੰਬਰ ਪੀ ਬੀ 70 ਐਮ 4082 ਵਾਲਾ ਇੱਕ ਟਰੈਕਟਰ-ਟਰਾਲੀ ਅਤੇ ਇੱਕ ਹੋਰ ਬਿਨਾਂ ਨੰਬਰ ਵਾਲਾ ਟਰੈਕਟਰ-ਟਰਾਲੀ ਸ਼ਾਮਲ ਹੈ।

# ਡਾ. ਸੁੱਖੀ ਨੇ 67.89 ਲੱਖ ਦਾ ਚੈੱਕ 'ਚੜ੍ਹਦੀ ਕਲਾ ਮਿਸ਼ਨ' ਤਹਿਤ ਮੁੱਖ ਮੰਤਰੀ ਨੂੰ ਦਿੱਤਾ



**ਬੰਗਾ (ਅਵਤਾਰ ਕਲੇਰ)**- ਬੰਗਾ ਹਲਕੇ ਤੋਂ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਚੰਡੀਗੜ੍ਹ ਵਿਖੇ ਮੁਲਾਕਾਤ ਕੀਤੀ ਗਈ। ਇਸ ਦੌਰਾਨ ਬੀਤੇ ਦਿਨੀ ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਹੋਈ ਤਬਾਹੀ ਦੇ ਮੱਦੇਨਜ਼ਰ ਪੰਜਾਬ ਸਟੇਟ ਕੰਟੇਨਰ ਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਲਿਮਿਟਿਡ (ਕੋਨਵੇਅਰ) ਦੇ ਚੇਅਰਮੈਨ ਡਾ. ਸੁੱਖੀ ਵੱਲੋ ਮਿਸ਼ਨ ਚੜ੍ਹਦੀ ਕਲਾ ਲਈ ਮਾਣਯੋਗ ਮੁੱਖ ਮੰਤਰੀ ਨੂੰ 67 ਲੱਖ 89 ਹਜ਼ਾਰ ਰੁਪਏ ਦਾ ਚੈੱਕ ਭੇਟ ਕੀਤਾ ਗਿਆ। ਡਾ. ਸੁੱਖੀ ਨੇ ਕਿਹਾ ਕਿ ਇਹ ਰਕਮ ਖੇਤਰ ਦੇ ਲੋੜਵੰਦ ਪਰਵਾਰਾਂ ਦੀ ਮਦਦ ਲਈ ਇਕ ਸੱਚਾ ਯੋਗਦਾਨ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਸਰਕਾਰ ਦੀ ਜ਼ਿੰਮੇਵਾਰੀ ਸਿਰਫ਼ ਕਾਨੂੰਨ ਬਣਾਉਣ ਤੱਕ ਹੀ ਸੀਮਤ ਨਹੀਂ, ਸਗੋਂ ਲੋਕਾਂ ਦੇ ਦੁੱਖ-ਸੁੱਖ ਵਿੱਚ ਹਿੱਸੇਦਾਰ ਬਣਨਾ ਸਭ ਤੋਂ ਵੱਡੀ ਸੇਵਾ ਹੈ। ਮੁੱਖ ਮੰਤਰੀ ਨੇ ਡਾ. ਸੁੱਖੀ ਦੇ ਇਸ ਉਪਰਾਲੇ ਦੀ ਖੁੱਲ੍ਹ ਕੇ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੀ ਸੋਚ ਅਤੇ ਸਮਾਜਿਕ ਜ਼ਿੰਮੇਵਾਰੀ ਹੀ ਪੰਜਾਬ ਨੂੰ ਮਜ਼ਬੂਤ ਬਣਾਉਣਗੀਆਂ।ਉਨ੍ਹਾਂ ਨਾਲ ਐਮ.ਐਲ.ਏ. ਕੁਲਵੰਤ ਸਿੰਘ ਪੰਡੋਰੀ, ਉੱਪ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਡਾਇਰੈਕਟਰ ਰਾਵਿੰਦਰ ਪਾਲ ਸਿੰਘ ਪਾਲੀ, ਐੱਮ ਡੀ. ਗੌਤਮ ਜੈਨ, ਕਮਲਜੀਤ ਸਿੰਘ ਸੈਣੀ ਤੇ ਗੁਰਲਾਲ ਸੈਲਾ ਤੇ ਹੋਰ ਸਾਥੀ ਵੀ ਮਜੂਦ ਸਨ।

# ਚੁਣੌਤੀਆਂ ਦੇ ਬਾਵਜੂਦ ਜੀ ਐੱਸ ਟੀ ਪ੍ਰਾਪਤੀ 'ਚ 21.51% ਦਾ ਵਾਧਾ : ਚੀਮਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਵਿੱਤੀ ਲਚਕੀਲੇਪਨ ਅਤੇ ਪ੍ਰਸ਼ਾਸਨਿਕ ਕੁਸ਼ਲਤਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ, ਪੰਜਾਬ ਨੇ ਅਕਤੂਬਰ 2025 ਤੱਕ ਸ਼ੁੱਧ ਜੀ.ਐਸ.ਟੀ. ਕੁਲੈਕਸ਼ਨ ਵਿੱਚ 21.51 ਫੀਸਦੀ ਦਾ ਵਾਧਾ ਦਰਜ ਕੀਤਾ ਹੈ, ਜਦੋਂ ਕਿ ਇਕੱਲੇ ਅਕਤੂਬਰ ਮਹੀਨੇ ਵਿੱਚ 14.46 ਫੀਸਦੀ ਦਾ ਮਜ਼ਬੂਤ ਵਾਧਾ ਹੋਇਆ ਹੈ। ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਹ ਖੁਲਾਸਾ ਕਰਦਿਆਂ, ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵਿਆਪਕ ਤਰਕਾਂ ਤੇ ਜੀ.ਐਸ.ਟੀ. 2.0 ਤਹਿਤ ਹਾਲ ਹੀ ਵਿੱਚ ਟੈਕਸ ਦਰਾਂ ਦੇ ਤਰਕੀਕਰਨ ਦੇ ਬਾਵਜੂਦ ਸੂਬੇ ਦੇ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵਾਧੇ ਦੇ ਵੇਰਵੇ ਦਿੰਦੇ ਹੋਏ ਦੱਸਿਆ ਕਿ ਸੂਬੇ ਨੇ ਅਪ੍ਰੈਲ ਤੋਂ ਅਕਤੂਬਰ 2025 ਤੱਕ ਸ਼ੁੱਧ ਜੀ.ਐਸ.ਟੀ. ਵਜੋਂ 15,683.59 ਕਰੋੜ ਰੁਪਏ ਪ੍ਰਾਪਤ ਕੀਤੇ, ਜਦੋਂ ਕਿ ਪਿਛਲੇ ਵਿੱਤੀ ਸਾਲ ਦੀ ਇਸੇ ਮਿਆਦ ਦੌਰਾਨ ਇਹ ਪ੍ਰਾਪਤੀ 12,907.31 ਕਰੋੜ ਰੁਪਏ ਸੀ, ਜਿਸ ਵਿੱਚ ਕਿ 2,776 ਕਰੋੜ ਰੁਪਏ ਦਾ ਸ਼ਾਨਦਾਰ ਵਾਧਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਦੇ ਉਲਟ, ਵਿੱਤੀ ਸਾਲ 2024-25 ਵਿੱਚ ਅਕਤੂਬਰ 2024 ਤੱਕ ਵਾਧਾ ਦਰ ਸਿਰਫ 3.8 ਫੀਸਦੀ ਸੀ।

# ਹੜ੍ਹ ਪੀੜਤਾਂ ਤੇ ਲੋੜਵੰਦ ਪਰਵਾਰਾਂ ਨੂੰ ਦਿੱਤਾ ਲੋੜੀਂਦਾ ਸਮਾਨ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਦੋਆਬਾ ਵੈਲਫੇਅਰ ਸੇਵਾ ਸੋਸਾਇਟੀ ਮਾਹਿਲਪੁਰ ਵੱਲੋਂ ਹੜ੍ਹ ਪੀੜਤ ਕਿਸਾਨ ਪਰਵਾਰਾਂ ਤੇ ਹੋਰ ਲੋੜਵੰਦ ਪਰਿਵਾਰਾਂ ਨੂੰ ਲੋੜੀਂਦਾ ਸਮਾਨ ਦਿੱਤਾ ਗਿਆ।ਦਰਿਆ ਰਾਵੀ ਪਾਰਲੇ ਦੇ ਚਰਾਗ ਪਿੰਡ ਜਿੰਨਾ ਵਿੱਚ ਕਸ਼ੋ ਅਗਨੀ, ਕਸ਼ੋ ਬਾਹਲਾ, ਸਹਾਰਨ ਘਣੇ ਕੇ, ਬੇਟ ਪੁਰਾਣਾ, ਬਾਹਲਾ ਲਾਲੂਵਾਲ, ਮਨਸੂਰ, ਕੁਲਪੁਰ ਆਦਿ ਪਿੰਡਾਂ ਦੇ ਜਿਮੀਦਾਰਾਂ ਨੂੰ ਕਣਕ ਦੀ ਬਜਾਈ ਵਾਸਤੇ 4 ਬੋਰੇ ਖਾਦ, 4 ਥੈਲੇ ਬੀਜ ਕਣਕ ਦਾ ਬੀਜ ਅਤੇ 50 ਲੀਟਰ ਡੀਜ਼ਲ ਇਹਨਾਂ ਪਿੰਡਾਂ ਦੇ 54 ਪਰਵਾਰਾਂ ਨੂੰ ਦਿੱਤਾ ਗਿਆ। ਇਸ ਸੇਵਾ ਵਿੱਚ ਵਿਸ਼ੇਸ਼ ਤੌਰ ਤੇ ਹਰਬੰਸ ਸਿੰਘ ਸਰਹਾਲਾ, ਰਸ਼ਪਾਲ ਸਿੰਘ ਪਾਲੀ ਸਰਪੰਚ ਬੱਦੋਵਾਲ, ਬਲਵਿੰਦਰ ਸਿੰਘ ਸਰਪੰਚ, ਗੁਰਦੇਵ ਸਿੰਘ ਸਰਪੰਚ, ਸੋਹਣ ਸਿੰਘ, ਮਜੈਲ ਸਿੰਘ ਦਾਦੂਵਾਲ, ਸੁਰਜੀਤ ਸਿੰਘ ਖਾਨਪੁਰ, ਰਸ਼ਪਾਲ ਸਿੰਘ ਪਾਰੋਵਾਲ, ਮਾਸਟਰ ਜਗਜੀਤ ਸਿੰਘ ਗਨੇਸ਼ਪੁਰ, ਸਤਨਾਮ ਸਿੰਘ ਨੰਗਲ ਖਿਡਾਰੀਆ, ਨਰਿੰਦਰ ਸਿੰਘ ਸਮੇਤ ਇਹਨਾਂ ਪਰਵਾਰਾਂ ਦੇ ਮੋਹਤਬਰ ਵਿਅਕਤੀ ਅਤੇ ਕਿਸਾਨ ਹਾਜ਼ਰ ਸਨ। ਇਸ ਤੋਂ ਬਾਅਦ ਹੜ੍ਹ ਪੀੜਤ ਲੋੜਵੰਦ ਪਰਵਾਰਾਂ ਨੂੰ 250 ਗੱਦੇ, 90 ਰਜਾਈਆ ਅਤੇ 200 ਕੰਬਲ ਵੰਡੇ ਗਏ। ਹੜ ਪੀੜਤ ਪਰਵਾਰਾਂ ਨੇ ਦੁਆਬਾ ਵੈਲਫੇਅਰ ਸੋਸਾਇਟੀ ਦੇ ਇਸ ਪਰਉਪਕਾਰੀ ਕਾਰਜ ਦੀ ਸ਼ਲਾਘਾ ਕੀਤੀ।

# ਹੈਪੀ ਮਾਹੀ ਗੁਰਾਇਆ ਬਲੱਡ ਸੇਵਾ ਦੇ ਦੋਬਾਰਾ ਪ੍ਰਧਾਨ ਨਿਯੁਕਤ



**ਗੁਰਾਇਆ (ਬਿੰਦਰ ਸੁੰਮਨ)**- ਗੁਰਾਇਆ ਬਲੱਡ ਸੇਵਾ ਦੀ ਮਾਸਿਕ ਮੀਟਿੰਗ ਮਾਸਟਰ ਅਸ਼ੋਕ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਨਵੀਂ ਚੁਣੀ ਗਈ ਟੀਮ ਵਿੱਚ ਹੈਪੀ ਮਾਹੀ ਪ੍ਰਧਾਨ, ਤਰੁਣ ਬਤਰਾ ਚੇਅਰਮੈਨ, ਸੰਦੀਪ ਸੋਨੀ ਸੀਨੀਅਰ ਵਾਈਸ ਪ੍ਰਧਾਨ, ਸਮੀਰ ਪੁੰਜ ਵਾਈਸ ਪ੍ਰਧਾਨ, ਅਸ਼ੋਕ ਸਮਰਾਏ ਸਕੱਤਰ , ਰਾਹੁਲ ਗੋਰਾਇਆ ਜੋਇੰਟ ਸਕੱਤਰ, ਰਾਹੁਲ ਕੈਂਥੋ ਖਜਾਨਚੀ, ਸ਼ੀਤਲ ਕੁਮਾਰ ਸਹਾਇਕ ਖਜਾਨਚੀ, ਬੋਧਰਾਜ ਪ੍ਰੈੱਸ ਸਕੱਤਰ, ਵਰੁਣ ਨਾਗਲਾ ਮੀਡੀਆ ਸਲਾਹਕਾਰ ਸਰਬਸੰਮਤੀ ਨਾਲ ਚੁਣੇ ਗਏ। ਇਸ ਮੌਕੇ ਹੈਪੀ ਮਾਹੀ ਨੇ ਕਿਹਾ ਕਿ 21 ਮੈਂਬਰੀ ਕਮੇਟੀ ਅਤੇ 5000 ਦੇ ਕਰੀਬ ਵਲੰਟੀਅਰ ਸਾਥੀਆ ਦੀ ਟੀਮ ਵੱਲੋਂ ਹਰ ਸਾਲ ਹਜ਼ਾਰਾਂ ਦੀ ਗਿਣਤੀ ਵਿੱਚ ਬਲੱਡ ਯੂਨਿਟਸ ਬਲੱਡ ਬੈਂਕ ਨੂੰ ਕੈਂਪਾਂ ਦੁਆਰਾ ਮੋਹਇਆ ਕਰਵਾਇਆ ਜਾਂਦਾ ਹੈ ਤਾਂ ਜੋਂ ਲੋਕਾਂ ਨੂੰ ਐਕਸੀਡੈਂਟ, ਜਣੇਪਾ, ਥੈਲੇਸੀਮੀਆ ਅਤੇ ਹੋਰ ਬਿਮਾਰੀਆਂ ਦੇ ਆਪਰੇਸ਼ਨ ਕਰਵਾਉਣ 'ਚ ਮੁਸ਼ਕਿਲ ਨਾ ਹੋਏ। ਜ਼ਿਕਰਯੋਗ ਹੈ ਕਿ ਗੁਰਾਇਆ ਬਲੱਡ ਸੇਵਾ ਪੂਰੇ ਭਾਰਤ ਦੇ ਵਿੱਚ ਬਲੱਡ ਮੁਹਈਆ ਕਰਵਾਉਂਦੀ ਹੈ ਅਤੇ ਇਸ ਦੇ ਨਾਲ ਨਾਲ ਕਿਸੇ ਲੋੜਬੰਦ ਦੀ ਮਦਦ ਲੜਕੀਆਂ ਦੇ ਵਿਆਹ ਜਾਂ ਕਿਸੇ ਲੋੜਵੰਦ ਨੂੰ ਰਾਸ਼ਨ ਦੀ ਜਰੂਰਤ ਹੋਵੇ ਜਾਂ ਮੈਡੀਸਨ ਦੀ ਜਰੂਰਤ ਹੋਵੇ ਉਥੇ ਟੀਮ ਹਮੇਸ਼ਾ ਤਤਪਰ ਰਹਿੰਦੀ ਹੈ।

# ਚੇਅਰਮੈਨ ਰਕੇਸ਼ ਕੁਮਾਰ ਸੋਨੂੰ ਨੂੰ ਸਦਮਾ, ਮਾਤਾ ਦਾ ਦੇਹਾਂਤ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਅਨੰਦਪੁਰ ਸਾਹਿਬ-ਪੀ.ਡਬਲਯੂ. ਡੀ ਫੀਲਡ ਅਤੇ ਵਰਕਸ਼ਾਪ ਵਰਕਰ ਯੂਨੀਅਨ ਪੰਜਾਬ ਬਰਾਂਚ ਅਨੰਦਪੁਰ ਸਾਹਿਬ ਦੇ ਚੇਅਰਮੈਨ ਰਕੇਸ਼ ਕੁਮਾਰ ਸੋਨੂੰ ਦੀ ਮਾਤਾ ਰਾਜ ਕੁਮਾਰੀ 1 ਨਵੰਬਰ ਨੂੰ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਪ੍ਰਭੂ ਚਰਨਾਂ ਵਿੱਚ ਜਾ ਬਿਰਾਜੇ । ਜਿਨ੍ਹਾਂ ਦਾ ਅੰਤਿਮ ਸੰਸਕਾਰ 2 ਨਵੰਬਰ ਨੂੰ ਲੰਮਲੈੜੀ ਪੁਲ ਸ਼ਮਸ਼ਾਨਘਾਟ ਅਨੰਦਪੁਰ ਸਾਹਿਬ ਵਿਖੇ ਕੀਤਾ ਗਿਆ।ਮਾਤਾ ਰਾਜ ਕੁਮਾਰੀ ਦੀ ਬੈਠ ਵਿਚਾਰ ਲਈ 7 ਨਵੰਬਰ ਦਿਨ ਸ਼ੁੱਕਰਵਾਰ ਨੂੰ ਉਹਨਾਂ ਦੇ ਜੱਦੀ ਪਿੰਡ



ਨਾਨੋਵਾਲ ਵਿਖੇ ਰੱਖਿਆ ਗਿਆ ਹੈ। ਇਸ ਦੁੱਖ ਦੀ ਘੜੀ ਵਿੱਚ ਹਾਜ਼ਰ ਸੀਨੀਅਰ ਪੱਤਰਕਾਰ ਜਰਨੈਲ ਸਿੰਘ ਨਿੱਕੂਵਾਲ, ਪ ਸ ਸ ਫ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਪਾਲ, ਕਰਮ ਸਿੰਘ, ਜਸਵਿੰਦਰ ਸਿੰਘ ਬੱਡਲ, ਅਨਿਲ ਕੁਮਾਰ ਸਸਕੋਰ, ਪ੍ਰਿਤਪਾਲ, ਹਰਮਨ ਸਿੰਘ, ਕਰਮਜੀਤ ਸਿੰਘ ਬੜਵਾ, ਰਣਜੀਤ ਸਿੰਘ ਵਿਰਕ, ਕੁਲਦੀਪ ਪਰਮਾਰ, ਇੰਦਰਜੀਤ ਸਿੰਘ ਬੇਦੀ, ਸਾਬਕਾ ਬੀਡੀਸੀ ਮੈਂਬਰ ਰਤਨ ਚੰਦ, ਦੇਵ ਸਿੰਘ ਲੰਬੜਦਾਰ, ਸਾਬਕਾ ਪੰਚ ਕਮਲਦੇਵ, ਜੈ ਮਾਤਾ ਲੰਗਰ ਕਮੇਟੀ ਦੇ ਸਮੂਹ ਮੈਂਬਰ ਅਤੇ ਸਰਪੰਚ ਆਸ਼ਾ ਦੇਵੀ ਤੋਂ ਇਲਾਵਾ ਹੋਰ ਵੀ ਪਿੰਡ ਵਾਸੀ, ਰਿਸ਼ਤੇਦਾਰ ਅਤੇ ਸੱਜਣ ਮਿੱਤਰ ਹਾਜ਼ਰ ਸਨ।

# ਸਰਕਾਰੀ ਸਿਹਤ ਸੰਸਥਾਵਾਂ 'ਚ ਮਨਾਇਆ ਪੰਜਾਬ ਤੰਬਾਕੂ ਰਹਿਤ ਦਿਵਸ

**ਮੁਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿਚ ਪੰਜਾਬ ਤੰਬਾਕੂ ਰਹਿਤ ਦਿਵਸ ਮਨਾਇਆ ਗਿਆ, ਜਿਸ ਦੌਰਾਨ ਮਰੀਜ਼ਾਂ ਅਤੇ ਹੋਰ ਲੋਕਾਂ ਨੂੰ ਤੰਬਾਕੂ ਦੀ ਵਰਤੋਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਤੰਬਾਕੂ ਨੋਡਲ ਅਫ਼ਸਰ ਡਾ. ਨਵਦੀਪ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਵੱਖ-ਵੱਖ ਸਕੂਲਾਂ ਵਿਚ ਤੰਬਾਕੂ-ਵਿਰੋਧੀ ਡਰਾਇੰਗ, ਸਵਾਲ-



ਜਵਾਬ ਤੇ ਪੇਂਟਿੰਗ ਮੁਕਾਬਲੇ ਵੀ ਕਰਵਾਏ ਗਏ ਅਤੇ ਜੇਤੂਆਂ ਨੂੰ ਇਨਾਮ ਦਿੱਤੇ ਗਏ।ਡਾ. ਜੈਨ ਨੇ ਕਿਹਾ ਕਿ ਸਿਗਰਟ, ਬੀੜੀ, ਜ਼ਰਦਾ, ਪਾਨ ਮਸਾਲਾ, ਈ ਸਿਗਰਟ, ਚਿਲਮ ਆਦਿ ਤੰਬਾਕੂ ਪਦਾਰਥ ਸਾਡੇ ਸਰੀਰ ਲਈ ਬੇਹੱਦ ਖ਼ਤਰਨਾਕ ਹਨ। ਪਹਿਲਾਂ ਨੌਜਵਾਨ ਦੋਸਤਾਂ ਦੀ ਰੀਸੋ-ਰੀਸ ਤੰਬਾਕੂ ਖਾਣਾ ਸ਼ੁਰੂ ਕਰਦਾ ਹੈ, ਫਿਰ ਇਸ ਦੇ ਪੱਕੇ ਤੌਰ 'ਤੇ ਲਪੇਟੇ ਵਿਚ ਆ ਜਾਂਦਾ ਹੈ। ਇਹ ਮਿੱਠਾ ਜ਼ਹਿਰ ਹੈ ਜਿਹੜਾ ਵਿਅਕਤੀ ਦੀ ਜਾਨ ਵੀ ਲੈ ਲੈਂਦਾ ਹੈ, ਇਸ ਲਈ ਤੰਬਾਕੂ ਦਾ ਖਹਿੜਾ ਛੱਡ ਕੇ ਚੰਗੀ ਜ਼ਿੰਦਗੀ ਦਾ ਪੱਲਾ ਫੜਿਆ ਜਾਵੇ। ਉਨ੍ਹਾਂ ਕਿਹਾ ਕਿ ਤੰਬਾਕੂ ਦੀ ਵਰਤੋਂ ਕਈ ਬੀਮਾਰੀਆਂ ਦਾ ਕਾਰਨ ਹੈ ਜਿਵੇਂ ਕੈਂਸਰ, ਸਾਹ ਦੀ ਸਮੱਸਿਆ, ਦਿਲ ਦੀਆਂ ਬਿਮਾਰੀਆਂ, ਸ਼ੱਕਰ ਰੋਗ, ਦੰਦ ਦੀਆਂ ਬਿਮਾਰੀਆਂ, ਸੁਣਨ ਦੀ ਸਮੱਸਿਆ, ਨਿਗ੍ਹਾ ਦੀ ਕਮੀ ਆਦਿ। ਉਨ੍ਹਾਂ ਦਸਿਆ ਕਿ ਤੰਬਾਕੂ ਵਿਰੋਧੀ ਕਾਨੂੰਨ ਤਹਿਤ ਸਕੂਲ ਜਾਂ ਵਿਦਿਅਕ ਅਦਾਰੇ ਦੀ ਬਾਹਰੀ ਕੰਧ ਦੇ 100 ਗਜ਼ ਦੂਰ ਤਕ ਦੇ ਘੇਰੇ ਵਿਚ ਕੋਈ ਵੀ ਵਿਅਕਤੀ ਤੰਬਾਕੂ ਪਦਾਰਥ ਨਹੀਂ ਵੇਚ ਸਕਦਾ ਤੇ ਨਾ ਹੀ 18 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਤੰਬਾਕੂ ਪਦਾਰਥ ਵੇਚੇ ਜਾ ਸਕਦੇ ਹਨ।ਡਾਕਟਰੀ ਸਲਾਹ ਅਤੇ ਇਲਾਜ ਲਈ ਮੋਹਾਲੀ ਦੇ ਸੈਕਟਰ 66 ਦੇ ਜ਼ਿਲ੍ਹਾ ਪੱਧਰੀ ਨਸ਼ਾ ਮੁਕਤੀ ਕੇਂਦਰ ਵਿਚ ਤੈਨਾਤ ਮਾਹਰ ਡਾਕਟਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ, ਜਿਥੇ ਕਿਸੇ ਵੀ ਤਰ੍ਹਾਂ ਦਾ ਨਸ਼ਾ ਛੁਡਾਉਣ ਲਈ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਕਿਸੇ ਵੀ ਸਰਕਾਰੀ ਹਸਪਤਾਲ ਵਿਚ ਜਾ ਕੇ ਇਲਾਜ ਸ਼ੁਰੂ ਕਰਵਾਇਆ ਜਾ ਸਕਦਾ ਹੈ। ਇਸ ਮੌਕੇ ਸਿਹਤ ਸਟਾਫ਼ ਨੇ ਜ਼ਿੰਦਗੀ ਵਿਚ ਕਦੇ ਵੀ ਤੰਬਾਕੂ ਦੀ ਵਰਤੋਂ ਨਾ ਕਰਨ ਦਾ ਅਹਿਦ ਵੀ ਲਿਆ।

# ਇਵਾਨ ਸੂਰੀ ਨੇ ਸਟੇਟ ਰੈਂਕ 1 ਜਿੱਤ ਕੇ ਸਕੂਲ ਦਾ ਮਾਣ ਵਧਾਇਆ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਸੁਖਮਨੀ ਇੰਟਰਨੈਸ਼ਨਲ ਸਕੂਲ ਇਵਾਨ ਸੂਰੀ ਦੀ ਸ਼ਾਨਦਾਰ ਪ੍ਰਾਪਤੀ ਦਾ ਮਾਣ ਨਾਲ ਜਸ਼ਨ ਮਨਾਉਂਦਾ ਹੈ, ਜਿਸਨੇ ਸਾਇੰਸ ਓਲੰਪੀਆਡ ਵਿੱਚ ਸਟੇਟ ਰੈਂਕ 1 ਪ੍ਰਾਪਤ ਕੀਤਾ ਹੈ, ਜਿਸ ਵਿੱਚ ਅਸਾਧਾਰਨ ਵਿਗਿਆਨਕ ਯੋਗਤਾ ਅਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ ਹੈ। ਇਵਾਨ ਨੇ ਸਕੂਲ, ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਤਿੰਨ ਗੋਲਡ ਮੈਡਲ



ਵੀ ਪ੍ਰਾਪਤ ਕੀਤੇ ਹਨ, ਨਾਲ ਹੀ ਵੱਕਾਰੀ ਸਟੇਟ ਰੈਂਕਰ ਵਿਨਰ ਟਰਾਫੀ ਅਤੇ ਦੋ ਸਰਟੀਫਿਕੇਟ ਆਫ਼ ਐਕਸੀਲੈਂਸ, ਸੰਸਥਾ ਲਈ ਬਹੁਤ ਮਾਣ ਵਧਾਉਂਦੇ ਹਨ।ਇਨਾਮ ਵੰਡ ਸਮਾਰੋਹ ਵਿੱਚ ਵਿਗਿਆਨ ਅਤੇ ਸਿੱਖਿਆ ਦੇ ਖੇਤਰ ਦੇ ਉੱਘੇ ਪਤਵੰਤਿਆਂ ਨੇ ਸ਼ਿਰਕਤ ਕੀਤੀ, ਜਿਸ ਨਾਲ ਇਹ ਮਾਨਤਾ ਹੋਰ ਵੀ ਯਾਦਗਾਰੀ ਹੋ ਗਈ। ਸਕੂਲ ਪ੍ਰਬੰਧਨ ਨੇ ਇਵਾਨ ਨੂੰ ਦਿਲੋਂ ਵਧਾਈਆਂ ਦਿੱਤੀਆਂ। ਚੇਅਰਮੈਨ ਪ੍ਰੋ. ਕੰਵਲਜੀਤ ਸਿੰਘ ਨੇ ਇਵਾਨ ਦੀ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ। ਡਾਇਰੈਕਟਰ ਕੰਵਲਜੀਤ ਕੌਰ ਨੇ ਇਵਾਨ ਦੇ ਸਮਰਪਣ 'ਤੇ ਮਾਣ ਪ੍ਰਗਟ ਕੀਤਾ। ਡਾ. ਦਮਨਜੀਤ ਸਿੰਘ, ਡਾਇਰੈਕਟਰ ਨੇ ਇਵਾਨ ਦੀ ਵਿਗਿਆਨਕ ਉਤਸੁਕਤਾ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਜਿਹੀ ਪ੍ਰਤਿਭਾ ਨੂੰ ਪਾਲਣ-ਪੋਸ਼ਣ ਭਵਿੱਖ ਦੇ ਨਵੀਨਤਾਕਾਰੀ ਬਣਾਉਣ ਵਿੱਚ ਮਦਦ ਕਰਦਾ ਹੈ। ਡਾ. ਪੂਨਮ ਸ਼ਰਮਾ, ਪ੍ਰਿੰਸੀਪਲ, ਨੇ ਉਸਦੇ ਅਨੁਸ਼ਾਸਨ ਅਤੇ ਸਿੱਖਣ ਪ੍ਰਤੀ ਜਨੂੰਨ ਦੀ ਪ੍ਰਸ਼ੰਸਾ ਕੀਤੀ, ਅਤੇ ਕਿਹਾ ਕਿ ਉਹ ਇਸ ਸ਼ਾਨਦਾਰ ਪ੍ਰਾਪਤੀ ਰਾਹੀਂ ਆਪਣੇ ਸਾਥੀਆਂ ਲਈ ਇੱਕ ਰੋਲ ਮਾਡਲ ਬਣ ਗਿਆ ਹੈ।

# ਸ੍ਰੀ ਕੁੰਦਨ ਲਾਲ ਰਾਮਲੀਲ੍ਹਾ ਕਲੱਬ ਨੂੰ ਮਿਲਿਆ ਵਧੀਆ ਮੰਚਨ ਲਈ ਸਨਮਾਨ



**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** : ਪਿਛਲੇ ਦਿਨੀ ਚੰਡੀਗੜ੍ਹ ਵਿੱਚ ਜਨਸੇਵਾ ਤੇ ਸੌਰਵ ਆਰਟਸ ਵੱਲੋਂ 21ਵਾਂ ਰਾਮਲੀਲ੍ਹਾ ਸਨਮਾਨ ਸਮਾਰੋਹ ਟੈਗੋਰ ਥੀਏਟਰ ਚੰਡੀਗੜ੍ਹ ਵਿੱਚ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਪੰਜਾਬ, ਹਰਿਆਣਾ, ਰਾਜਸਥਾਨ, ਦਿੱਲੀ, ਉੱਤਰ ਪ੍ਰਦੇਸ਼ ਅਤੇ ਕਈ ਹੋਰ ਵੱਖ-ਵੱਖ ਸਟੇਟਾਂ ਤੋਂ ਰਾਮਲੀਲ੍ਹਾ ਦੇ ਕਲਾਕਾਰ ਪਹੁੰਚੇ। ਇਸ ਪ੍ਰੋਗਰਾਮ ਵਿੱਚ ਰਾਮਲੀਲ੍ਹਾ ਨੂੰ ਸਮਰਪਿਤ ਕਲਾਕਾਰਾਂ ਨੂੰ ਲਾਈਵ ਟਾਈਮ ਅਚੀਵਮੈਂਟ ਐਵਾਰਡ ਵੀ ਦਿੱਤੇ ਗਏ। ਇਸ ਪ੍ਰੋਗਰਾਮ ਵਿੱਚ ਲਗਾਤਾਰ 14 ਸਾਲ ਸ਼੍ਰੀ ਰਾਮਚੰਦਰ ਜੀ ਦਾ ਪਾਤਰ ਕਰਨ ਵਾਲੇ ਕਲਾਕਾਰ ਮਨੀਸ਼ ਸ਼ਰਮਾ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਪਿਛਲੇ ਸਾਲ ਇਸ ਸੰਸਥਾ ਵੱਲੋਂ ਡਾਇਰੈਕਟਰ ਸ੍ਰੀ ਪ੍ਰੇਮ ਕੁਮਾਰ ਸੱਦੀ ਤੇ ਸਹਾਇਕ ਡਾਇਰੈਕਟਰ ਗਜਰਾਜ ਯਦੁਵੰਸ਼ੀ ਨੂੰ ਵੀ ਲਾਈਫ ਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਸੀ। ਇਸ ਮੌਕੇ ਡਾਇਰੈਕਟਰ ਪ੍ਰੇਮ ਕੁਮਾਰ ਸੱਦੀ ਤੇ ਸਹਾਇਕ ਡਾਇਰੈਕਟਰ ਗਜਰਾਜ ਯਦੁਵੰਸ਼ੀ ਵੱਲੋਂ ਸੌਰਵ ਆਰਟਸ ਤੇ ਜਨਸੇਵਾ ਵੈਲਫੇਅਰ ਸੋਸਾਇਟੀ ਦਾ ਧੰਨਵਾਦ ਕੀਤਾ ਗਿਆ ਜੋ ਉਹਨਾਂ ਨੇ ਸ੍ਰੀ ਕੁੰਦਨ ਲਾਲ ਰਾਮਲੀਲ੍ਹਾ ਕਲੱਬ ਨੂੰ ਇਹ ਸਨਮਾਨ ਦਿੱਤਾ। ਇਸ ਮੌਕੇ ਮੀਤ ਪ੍ਰਧਾਨ ਪ੍ਰੇਮ ਕੁਮਾਰ ਟਾਰਗਟ, ਪਰਮਜੀਤ ਪੰਮਾ, ਮਨੀਸ਼ ਕੁਮਾਰ ਮੰਗਾ, ਸ਼ੁਭਮ ਸ਼ਰਮਾ, ਗੌਰਵ ਸੱਦੀ, ਮਾ: ਰਵੀ ਸ਼ੰਕਰ ਹਜ਼ਾਰ ਸਨ।

# ਕੇਂਦਰ ਸਰਕਾਰ ਨੇ ਪੰਜਾਬ 'ਵਰਸਿਟੀ ਦੀ ਸੈਨਟ 'ਤੇ ਸਿੰਡੀਕੇਟ ਭੰਗ ਕਰਕੇ ਪੰਜਾਬ ਦੇ ਹੱਕਾਂ ਤੇ ਡਾਕਾ ਮਾਰਿਆ : ਕਰੀਮਪੁਰੀ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਤੇ ਚੰਡੀਗੜ੍ਹ ਇੰਚਾਰਜ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ 59 ਸਾਲ ਪੁਰਾਣੀ ਸੈਨਟ ਅਤੇ ਸਿੰਡੀਕੇਟ ਨੂੰ ਭੰਗ ਕਰਨ ਦੇ ਫੈਸਲੇ ਦੀ ਸਖ਼ਤ ਨਿੰਦਿਆ ਕਰਦਿਆਂ ਕਿਹਾ ਕਿ ਜਿਸ ਦਿਨ ਸਮੁੱਚਾ ਪੰਜਾਬ 'ਪੰਜਾਬ ਦਿਵਸ' ਮਨਾ ਰਿਹਾ ਹੈ, ਉਸੇ ਦਿਨ ਕੇਂਦਰ ਸਰਕਾਰ ਨੇ ਇਹ ਫੈਸਲਾ ਸੁਣਾ ਕੇ ਪੰਜਾਬ ਦੇ ਹੱਕਾਂ 'ਤੇ ਇੱਕ ਗਹਿਰਾ ਵਾਰ ਕੀਤਾ ਹੈ। 'ਇਹ ਫੈਸਲਾ ਸਿੱਧੇ ਤੌਰ 'ਤੇ ਪੰਜਾਬ ਯੂਨੀਵਰਸਿਟੀ ਨੂੰ ਪੰਜਾਬ ਕੋਲੋਂ ਖੋਹਣ ਦੀ ਇੱਕ ਸਾਜ਼ਿਸ਼ ਹੈ, ਜਿਸ ਨੂੰ ਬਹੁਜਨ ਸਮਾਜ ਪਾਰਟੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ।' ਉਨਾਂ ਕਿਹਾ ਬਸਪਾ ਪੰਜਾਬ ਵੱਲੋਂ ਕੇਂਦਰ ਸਰਕਾਰ ਦੇ ਇਸ ਲੋਕਤੰਤਰ ਵਿਰੋਧੀ ਅਤੇ ਪੰਜਾਬ ਵਿਰੋਧੀ ਫੈਸਲੇ ਦੀ ਪੁਰਜ਼ੋਰ ਨਿੰਦਾ ਕੀਤੀ ਜਾਂਦੀ ਹੈ ਕਿਉਂਕਿ ਇਹ ਫੈਸਲਾ ਪੰਜਾਬ ਦੇ ਹੱਕਾਂ 'ਤੇ ਸਿੱਧਾ ਡਾਕਾ ਹੈ। ਡਾ. ਕਰੀਮਪੁਰੀ ਨੇ ਕਿਹਾ ਪੰਜਾਬ ਯੂਨੀਵਰਸਿਟੀ 'ਤੇ ਪੰਜਾਬ ਦਾ ਇਤਿਹਾਸਕ ਅਤੇ ਕਾਨੂੰਨੀ ਹੱਕ ਹੈ, ਅਤੇ ਇਸ ਦੇ ਪ੍ਰਬੰਧਕੀ ਢਾਂਚੇ ਨੂੰ ਖ਼ਤਮ ਕਰਨਾ ਸੂਬੇ ਦੇ ਅਧਿਕਾਰਾਂ 'ਤੇ ਸਿੱਧਾ ਡਾਕਾ ਹੈ। ਡਾ. ਕਰੀਮਪੁਰੀ ਨੇ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਤੁਰੰਤ ਬਿਨਾਂ ਕਿਸੇ ਦੇਰੀ ਦੇ ਇਸ ਫੈਸਲੇ ਨੂੰ ਵਾਪਸ ਲਵੇ ਅਤੇ ਸੈਨਟ ਤੇ ਸਿੰਡੀਕੇਟ ਦੀਆਂ ਚੋਣਾਂ ਨੂੰ ਬਹਾਲ ਕਰੇ।। ਇਸ ਮੌਕੇ ਮਨਿੰਦਰ ਸ਼ੇਰਪੁਰੀ ਸਕੱਤਰ ਪੰਜਾਬ, ਸੁਖਦੇਵ ਬਿੱਟਾ ਸਕੱਤਰ ਪੰਜਾਬ, ਦਲਜੀਤ ਰਾਏ ਜਿਲਾ ਪ੍ਰਧਾਨ, ਐਡਵੋਕੇਟ ਧਰਮਿੰਦਰ ਦਾਦਰਾ ਜ਼ਿਲਾ ਜਨਰਲ ਸਕੱਤਰ,ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ, ਮਦਨ ਸਿੰਘ ਬੈਂਸ ਇੰਚਾਰਜ ਹਲਕਾ ਹੁਸ਼ਿਆਰਪੁਰ, ਯਸ਼ ਭੱਟੀ ਪ੍ਰਧਾਨ ਚੱਬੇਵਾਲ, ਸੁਰਜੀਤ ਮਹਿਮੀ ਪ੍ਰਧਾਨ ਹੁਸ਼ਿਆਰਪੁਰ ਅਤੇ ਹੋਰ ਆਗੂ ਹਾਜ਼ਰ ਸਨ।

# ਦੁਕਾਨ 'ਚੋਂ ਚੋਰੀ ਕਰਨ ਵਾਲਾ ਚੋਰ ਗ੍ਰਿਫ਼ਤਾਰ

**ਬਿਲਗਾ (ਵਿਜੇ ਕੁਮਾਰ)**-ਇੰਦਰਜੀਤ ਸਮਰਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਕਈ ਸਾਲਾਂ ਤੋਂ ਥੰਮਣਵਾਲ ਰੋਡ ਬਿਲਗਾ ਵਿਖੇ ਆਪਣੇ ਘਰ ਵਿੱਚ ਹੀ ਦੁਕਾਨ ਕਰ ਰਹੇ ਹਨ। ਜਦੋਂ ਉਹ ਹਰਿਮੰਦਰ ਸਾਹਿਬ ਮੱਥਾ ਟੇਕਣ ਲਈ ਤਕਰੀਬਨ ਸ਼ਾਮ 4 ਵਜੇ ਗਏ ਰਾਤ ਦੇ ਸਮੇਂ ਬਾਹਰੋਂ ਕੰਧ ਟੱਪ ਕੇ ਅੰਦਰ ਉਤਰ ਕੇ ਉਨਾਂ ਦੀ ਦੁਕਾਨ ਦੇ ਗੱਲੇ ਵਿੱਚੋਂ ਹੈਰੀ ਨਾਮ ਦੇ ਇੱਕ ਲੜਕੇ ਨੇ 8000 ਰੁਪਏ ਕੱਢ ਲਏ ਇਹ ਸਾਰੀ ਘਟਨਾ ਸੀ ਸੀ ਟੀ ਵੀ ਕੈਮਰੇ ਵਿੱਚ ਕੈਦ ਹੋ ਗਈ। ਜਦੋਂ ਉਨ੍ਹਾਂ ਨੇ ਆ ਕੇ ਸਵੇਰੇ ਦੁਕਾਨ ਖੋਲ ਕੇ ਦੇਖਿਆ ਤਾਂ ਗੱਲੇ ਵਿੱਚੋਂ ਪੈਸੇ ਗਾਇਬ ਸਨ ਤਾਂ ਉਨ੍ਹਾਂ ਨੇ ਆਪਣੇ ਕੈਮਰੇ ਚੈੱਕ ਕਰਨ ਤੇ ਦੇਖਿਆ ਕਿ ਚੋਰ ਰਾਤ ਨੂੰ ਉਨ੍ਹਾਂ ਦੇ ਗੱਲੇ ਵਿੱਚੋਂ ਪੈਸੇ ਕੱਢ ਕੇ ਲੈ ਗਿਆ ਹੈ ਤਾਂ ਉਨ੍ਹਾਂ ਨੇ ਪੁਲਸ ਨੂੰ ਸੂਚਨਾ ਦਿੱਤੀ ਹੈ ਪੁਲਸ ਨੇ ਉਕਤ ਚੋਰੀ ਕਰਨ ਵਾਲੇ ਵਿਅਕਤੀ ਨੂੰ ਆਪਣੀ ਹਿਰਾਸਤ ਵਿੱਚ ਲੈ ਲਿਆ ਹੈ ਤੇ ਪੁਲਿਸ ਪੁੱਛਗਿੱਛ ਕਰ ਰਹੀ ਹੈ।

# ਸੀਚੇਵਾਲ ਵੱਲੋਂ ਜ਼ਹਿਰ ਮੁਕਤ ਖੇਤੀ ਕਰਨ ਦਾ ਸੱਦਾ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**-ਨਗਰ ਕੀਰਤਨ ਦੌਰਾਨ ਵਾਤਾਵਰਨ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੰਜਾਬ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਜ਼ਹਿਰਾਂ ਤੋਂ ਮੁਕਤ ਖੇਤੀ ਕਰਨ ਨੂੰ ਤਰਜੀਹ ਦੇਣ। ਨਿਰਮਲ ਕੁਟੀਆ ਸੀਚੇਵਾਲ ਤੋਂ ਚੱਲਿਆ ਤੀਜਾ 'ਹਰਾ ਨਗਰ ਕੀਰਤਨ' ਵੱਖ-ਵੱਖ ਪਿੰਡਾਂ ਵਿੱਚੋਂ ਹੁੰਦਾ ਹੋਇਆ ਦੇਰ ਸ਼ਾਮ ਸੁਲਤਾਨਪੁਰ ਲੋਧੀ ਪਹੁੰਚਿਆ। ਨਗਰ ਕੀਰਤਨ ਦੌਰਾਨ ਪਿੰਡਾਂ ਦੇ ਲੋਕਾਂ ਨੇ ਥਾਂ-ਥਾਂ ਸਵਾਗਤ ਕੀਤਾ ਨਿੱਘਾ ਸਵਾਗਤ ਕੀਤਾ। ਸੰਤ ਸੀਚੇਵਾਲ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਨੇ ਆਪਣੇ ਜੀਵਨ ਦਾ ਆਖਰੀ ਸਮਾਂ ਕਰਤਾਰਪੁਰ ਵਿੱਚ ਖੇਤੀ ਕਰਦਿਆ ਗੁਜ਼ਾਰਿਆ ਸੀ। ਗੁਰੂ ਸਾਹਿਬ ਨੇ ਆਪਣੇ ਹੱਥੀ ਕਿਰਤ ਕਰਨ ਦਾ ਸੰਕਲਪ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਅੱਜ ਮੁਨਾਫ਼ਾ ਕਮਾਉਣ ਦੀ ਦੌੜ ਵਿੱਚ ਫਸੇ ਮਨੁੱਖ ਨੇ ਫਸਲਾਂ ਨੂੰ ਜ਼ਹਿਰ ਪਾਉਣੀਆਂ ਸ਼ੁਰੂ ਕਰ ਦਿੱਤੀਆਂ ਹਨ। ਫਸਲਾਂ ਵਿੱਚ ਪਾਈਆਂ ਜ਼ਹਿਰਾਂ ਮਾਂ ਦੇ ਦੁੱਧ ਤੱਕ ਪਹੁੰਚ ਗਈਆਂ ਹਨ।ਨਗਰ ਕੀਰਤਨ ਦੌਰਾਨ ਸੰਤ ਸੀਚੇਵਾਲ ਨੇ ਸਭ ਤੋਂ ਵੱਧ ਧਿਆਨ ਵਾਤਾਵਰਨ 'ਤੇ ਕੇਂਦਰਿਤ ਕੀਤਾ। ਇੰਨ੍ਹਾਂ ਨਗਰ ਕੀਰਤਨਾਂ ਵਿੱਚ ਵੱਡੀ ਪੱਧਰ 'ਤੇ ਸ਼ਾਮਿਲ ਹੁੰਦੀਆਂ ਸੰਗਤਾਂ ਵਾਤਾਵਰਨ ਨੂੰ ਸਾਫ ਸੁਥਰਾ ਅਤੇ ਹਰਿਆ-ਭਰਿਆ ਰੱਖਣ ਦਾ ਸੁਨੇਹਾ ਲੈਕੇ ਜਾਂਦੀਆਂ ਹਨ। ਇੰਨਾਂ ਹਰੇ



ਨਗਰ ਕੀਰਤਨਾਂ ਨੂੰ ਪੰਜਾਬ ਦੀ ਤਸਵੀਰ ਤੇ ਤਕਦੀਰ ਬਦਲਣ ਵਾਲੇ ਨਗਰ ਕੀਰਤਨਾਂ ਵੱਜੋਂ ਵੀ ਦੇਖਿਆ ਜਾਣ ਲੱਗਾ।ਸੀਚੇਵਾਲ ਤੋਂ ਚੱਲੇ ਇਸ ਨਗਰ ਕੀਰਤਨ ਵਿੱਚ ਸੰਗਤਾਂ ਨੇ ਵੱਖ-ਵੱਖ ਪਿੰਡਾਂ ਰਾਹੀ 40 ਕਿਲੋਮੀਟਰ ਦਾ ਲੰਮਾ ਸਫ਼ਰ ਤੈਅ ਕੀਤਾ। ਇਸ ਨਗਰ ਕੀਰਤਨ ਵਿੱਚ ਬੀਬੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ।

# ਹੁਸ਼ਿਆਰਪੁਰ ਬਣਿਆ ਫਿੱਟਨੈਂਸ ਤੇ ਵਾਤਾਵਰਨ ਜਾਗਰੂਕਤਾ ਦਾ ਪ੍ਰਤੀਕ : ਅਮਨ ਅਰੋੜਾ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)**- ਲਾਜਵੰਤੀ ਮਲਟੀਪਰਪਜ਼ ਸਟੇਡੀਅਮ, ਹੁਸ਼ਿਆਰਪੁਰ ਵਿਖੇ ਸਚਦੇਵਾ ਸਟਾਕਸ ਤੇ ਫਿੱਟ ਬਾਈਕਰਜ਼ ਕਲੱਬ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਆਯੋਜਿਤ 'ਫੈਮਿਲੀ ਵਾਕ' ਪ੍ਰੋਗਰਾਮ ਦਾ ਸ਼ੁਭ ਆਰੰਭ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਹਰੀ ਝੰਡੀ ਦਿਖਾ ਕੇ ਕੀਤਾ। ਸਵਰਗੀ ਐਥਲੀਟ ਫੌਜਾ ਸਿੰਘ ਨੂੰ ਸਮਰਪਿਤ ਇਸ ਵਿਸ਼ੇਸ਼ ਆਯੋਜਨ ਵਿਚ ਫਿੱਟਨੈੱਸ, ਨਸ਼ਾ ਮੁਕਤੀ ਅਤੇ ਵਾਤਾਵਰਨ ਸੁਰੱਖਿਆ ਦਾ ਇਕ ਮਜ਼ਬੂਤ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਅਤੇ ਗੁਰਪ੍ਰੀਤ ਘੁੱਗੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ 'ਫੈਮਿਲੀ ਵਾਕ' ਵਰਗੇ ਆਯੋਜਨ



ਸਮਾਜ ਨੂੰ ਇਕਜੁੱਟ ਕਰਨ ਅਤੇ ਲੋਕਾਂ ਵਿਚ ਸਿਹਤਮੰਦ ਜੀਵਨਸ਼ੈਲੀ ਅਪਨਾਉਣ ਦੀ ਪ੍ਰੇਰਨਾ ਦੇਣ ਦਾ ਸਾਧਨ ਹਨ। ਉਨ੍ਹਾਂ ਦੱਸਿਆ ਕਿ ਇਸ ਆਯੋਜਨ ਵਿਚ 5000 ਤੋਂ ਵੱਧ ਲੋਕਾਂ ਨੇ ਉਤਸ਼ਾਹਪੂਰਵਕ ਹਿੱਸਾ ਲਿਆ, ਜੋ ਇਹ ਦਰਸਾਉਂਦਾ ਹੈ ਕਿ ਹੁਸ਼ਿਆਰਪੁਰ ਜ਼ਿਲ੍ਹੇ ਦੇ ਲੋਕ ਨਸ਼ਾ-ਮਕੁਤੀ ਅਤੇ ਪਲਾਸਟਿਕ-ਮੁਕਤ ਸਮਾਜ ਦੀ ਦਿਸ਼ਾ ਵਿਚ ਗੰਭੀਰਤਾ ਨਾਲ ਵੱਧ ਰਹੇ ਹਨ।

# ਪੰਜਾਬ 'ਵਰਸਿਟੀ 'ਤੇ ਕਬਜ਼ਾ ਕਰਨ ਲਈ ਜਾਰੀ ਕੀਤਾ ਨੋਟੀਫਿਕੇਸ਼ਨ ਕੇਂਦਰ ਸਰਕਾਰ ਵਾਪਸ ਲਵੇ : ਰਾਣਾ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਦੇ ਜਿਲਾ ਸ਼ਹੀਦ ਭਗਤ ਸਿੰਘ ਨਗਰ ਦੇ ਆਗੂਆਂ ਦੀ ਇੱਕ ਮੀਟਿੰਗ ਸਾਥੀ ਬਲਦੇਵ ਸਿੰਘ ਬੱਲੀ ਦੀ ਪ੍ਰਧਾਨਗੀ ਹੇਠ ਪਿੰਡ ਠਠਿਆਲਾ ਢਾਹਾ ਵਿਖੇ ਹੋਈ। ਮੀਟਿੰਗ ਤੋਂ ਬਾਅਦ ਪ੍ਰੈਸ ਨਾਲ ਗੱਲ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਸੂਬਾਈ ਜਨਰਲ ਸਕੱਤਰ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਤੇ ਕਬਜ਼ਾ ਕਰਨ ਲਈ ਜੋ ਨੋਟੀਫਿਕੇਸ਼ਨ ਜਾਰੀ ਕੀਤਾ ਹੈ ਉਹ ਗੈਰ ਕਾਨੂੰਨੀ ਹੈ, ਕਿਉਂਕਿ ਸੀਨੇਟ ਅਤੇ ਸਿੰਡੀਕੇਟ ਦੀ ਚੋਣ ਕਰਵਾਉਣ ਦਾ ਕਾਨੂੰਨ ਈਸਟ ਪੰਜਾਬ ਦੀ ਵਿਧਾਨ ਸਭਾ ਵੱਲੋਂ ਪਾਸ ਕੀਤਾ ਹੋਇਆ ਹੈ। ਇਸ ਨੂੰ ਰੱਦ ਤਾਂ ਸਿਰਫ ਪਾਰਲੀਮੈਂਟ ਹੀ ਕਰ ਸਕਦੀ ਹੈ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਦਾ ਨੋਟੀਫਿਕੇਸ਼ਨ ਪੂਰੀ ਤਰ੍ਹਾਂ ਗੈਰ ਜਮਹੂਰੀ ਅਤੇ ਫੈਡਰਲ ਢਾਂਚੇ ਤੇ ਸਿੱਧਾ ਹਮਲਾ ਹੈ। ਸਾਥੀ ਰਾਣਾ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਤੁਰੰਤ ਜਾਰੀ ਕੀਤਾ ਨੋਟੀਫਿਕੇਸ਼ਨ ਵਾਪਸ ਲਵੇ। ਉਹਨਾਂ ਸਮੂਹ ਇਨਸਾਫ ਪਸੰਦ ਪੰਜਾਬੀਆਂ ਨੂੰ ਇਕ ਮੰਚ ਤੇ ਇਕੱਠੇ ਹੋ ਕੇ ਆਵਾਜ਼ ਬੁਲੰਦ ਕਰਨ ਦੀ ਅਪੀਲ ਕੀਤੀ ਹੈ। ਇਸ ਮੌਕੇ ਕਰਨੈਲ ਸਿੰਘ ਭੱਲਾ, ਸਤਪਾਲ ਸਿੰਘ ਸਾਰੋਵਾਲ, ਦੇਵਰਾਜ, ਹਰਪਾਲ ਸਿੰਘ ਮੱਕੋਵਾਲ ਅਤੇ ਹਰਦੇਵ ਸਿੰਘ ਰਾਣਾ ਆਦਿ ਆਗੂ ਉਨਾਂ ਨਾਲ ਹਾਜ਼ਰ ਸਨ।

# ਦਸਵੀਂ ਦਾ ਦਿਹਾੜਾ ਸ਼ਰਧਾ ਮਨਾਇਆ ਗਿਆ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)**- ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਦਾ ਸ਼ੁਭ ਦਿਹਾੜਾ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਬੀਬੀ ਪਰਮਿੰਦਰ ਕੌਰ ਖਾਲਸਾ ਤੇ ਜਲੰਧਰ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਨੌਵੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦਾ ਜੀਵਨ ਬ੍ਰਿਤਾਂਤ ਅਤੇ ਉਨਾਂ ਨੂੰ ਗੁਰਤਾ ਗੱਦੀ ਮਿਲਣ ਦੇ ਪ੍ਰਸੰਗ ਨੂੰ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਣ ਕਰਵਾਇਆ। ਭਾਈ ਸਤਨਾਮ ਸਿੰਘ ਜੀ ਕੋਹਾੜਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਗੁਰਪ੍ਰੀਤ ਸਿੰਘ ਜੀ ਭਾਈ ਰੂਪਾ ਵਾਲਿਆਂ ਨੇ ਆਪਣੇ ਪ੍ਰਵਚਨਾ ਰਾਹੀਂ ਧੰਨ ਧੰਨ ਸ੍ਰੀ ਤੇਗ ਬਹਾਦਰ ਜੀ ਮਹਾਰਾਜ ਦੁਆਰਾ ਭਾਈ ਮੱਖਣ ਸ਼ਾਹ ਲੁਬਾਨਾ ਦੇ ਡੁਬਦੇ ਸਮੁੰਦਰੇ ਬੇੜੇ ਨੂੰ ਬਚਾਉਣ ਦੇ ਪ੍ਰਸੰਗ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਗੁਰਪ੍ਰਤਾਪ ਸਿੰਘ ਹਜ਼ੂਰੀ ਰਾਗੀ ਤਖਤ ਸ੍ਰੀ ਹਜ਼ੂਰ ਸਾਹਿਬ ਜੀ, ਭਾਈ ਹਰਮੀਤ ਸਿੰਘ ਜੀ ਲੁਧਿਆਣਾ ਵਾਲੇ, ਸੰਤ ਬਾਬਾ ਪਿਆਰਾ ਸਿੰਘ ਜੀ (ਸਿਰਥੱਲੇ ਵਾਲੇ) ਭਾਈ ਬਲਦੇਵ ਸਿੰਘ ਜੀ ਲੁਧਿਆਣੇ ਵਾਲਿਆਂ ਦਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਜਤਿੰਦਰ ਸਿੰਘ ਜੀ ਦਮਦਮੀ ਟਕਸਾਲ ਮਿਤਰ ਪਿਆਰੇ ਨੂੰ ਕੀਰਤਨੀ ਜੱਥਾ ਅਤੇ ਭਾਈ ਅਮਰਜੀਤ ਸਿੰਘ ਖਾਲਸਾ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਹਰਬਖਸ਼ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਜਰਨੈਲ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਦਸਵੀਂ ਦਿਹਾੜੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਹਰ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਇਸ ਦਿਨ ਕਰਵਾਏ ਗਏ ਅੰਮ੍ਰਿਤ ਸੰਚਾਰ ਵਿੱਚ ਵੱਡੀ ਗਿਣਤੀ ਵਿੱਚ ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਗਿਆ । ਇਸ ਮੌਕੇ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਦੇ ਸਹੂਲਤ ਲਈ ਕਾਰ ਪਾਰਕਿੰਗ ਅਤੇ ਦੀਵਾਨ ਹਾਲ ਦੀ ਕਾਰ ਸੇਵਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਚੱਲ ਰਹੀ ਹੈ।



# ਡੇਂਗੂ ਤੇ ਮਲੇਰੀਆ ਰੋਕਥਾਮ ਮੁਹਿੰਮ ਚਲਾਈ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਡਾ. ਬਲਜੀਤ ਸਿੰਘ ਪਾਲ ਦੀ ਅਗਵਾਈ ਹੇਠ, ਸੀ.ਐਚ.ਸੀ. ਕਾਲਾ ਬੱਕਰਾ ਦੇ ਸਮੂਹ ਮਲਟੀਪਰਪਜ਼ ਹੈਲਥ ਵਰਕਰਾਂ ਵੱਲੋਂ ਨਗਰ ਕੌਂਸਲਰਾਂ ਦੇ ਸਹਿਯੋਗ ਨਾਲ ਡੇਂਗੂ ਤੇ ਮਲੇਰੀਆ ਰੋਕਥਾਮ ਸੰਬੰਧੀ ਐਕਟੀਵਿਟੀਆਂ ਕਰਵਾਈਆਂ ਗਈਆਂ। ਇਸ ਮੁਹਿੰਮ ਦੌਰਾਨ ਹੈਲਥ ਵਰਕਰਾਂ ਨੇ ਸ਼ਹਿਰ ਅਤੇ ਪਿੰਡ ਦੇ ਵੱਖ-ਵੱਖ ਇਲਾਕਿਆਂ ਵਿੱਚ ਘਰ-ਘਰ ਜਾ ਕੇ ਪਾਣੀ ਵਾਲੇ ਭਾਂਡਿਆਂ ਦੀ ਜਾਂਚ



ਕੀਤੀ, ਲਾਰਵਾ ਖੋਜ ਕਾਰਜ ਕੀਤੇ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਕਿਹਾ ਕਿ ਉਹ ਆਪਣੇ ਘਰਾਂ ਅਤੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦੇਣ।ਲੋਕਾਂ ਨੂੰ ਹਦਾਇਤ ਦਿੱਤੀ ਗਈ ਕਿ ਉਹ ਕੂਲਰ, ਗਮਲੇ ਅਤੇ ਟੈਂਕੀਆਂ ਦਾ ਪਾਣੀ ਹਰ ਹਫ਼ਤੇ ਬਦਲਣ, ਪੂਰੇ ਬਾਂਹਾਂ ਵਾਲੇ ਕੱਪੜੇ ਪਹਿਨਣ, ਮੱਛਰਦਾਨੀ ਦੀ ਵਰਤੋਂ ਕਰਨ ਤੇ ਘਰ-ਮੁਹੱਲੇ ਦੀ ਸਫ਼ਾਈ ਦਾ ਖ਼ਾਸ ਧਿਆਨ ਰੱਖਣ।ਡਾ. ਬਲਜੀਤ ਸਿੰਘ ਪਾਲ ਨੇ ਕਿਹਾ ਕਿ ਡੇਂਗੂ ਤੇ ਮਲੇਰੀਆ ਰੋਕਥਾਮ ਲਈ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ ਤਾਂ ਜੋ ਕਾਲਾ ਬੱਕਰਾ ਖੇਤਰ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਬਣਾਇਆ ਜਾ ਸਕੇ। ਇਸ ਮੌਕੇ ਜੀਤ ਲਾਲ ਭੱਟੀ ਡਾਇਰੈਕਟਰ ਪਨ ਬਸ ਪੰਜਾਬ, ਸਤਨਾਮ ਸਿੰਘ ਮਨਕੋਟੀਆ ਬਲਾਕ ਪ੍ਰਧਾਨ, ਸੁਖਦੇਵ ਰਾਜ ਐਮ. ਸੀ ਵਾਰਡ ਨੰਬਰ 4, ਸੂਬੇਦਾਰ ਹੰਸਰਾਜ ਐਕਸ ਸਰਵਿਸਮੈਨ ਆਦਿ ਸ਼ਾਮਿਲ ਸਨ।

# ਸ਼ੈਲਬੀ ਹਸਪਤਾਲ 'ਚ ਵਿਸ਼ੇਸ਼ ਸਟਰੋਕ ਕੇਅਰ ਯੂਨਿਟ ਦੀ ਸ਼ੁਰੂਆਤ

**ਮੁਹਾਲੀ (ਗੁਰਜੀਤ ਬਿੱਲਾ)**- ਸ਼ੈਲਬੀ ਹਸਪਤਾਲ ਮੁਹਾਲੀ ਨੇ ਸਮਰਪਤ ਸਟਰੋਕ ਕੇਅਰ ਯੂਨਿਟ ਦੀ ਸ਼ੁਰੂਆਤ ਕੀਤੀ ਹੈ, ਜੋ ਇਲਾਜ, ਪੁਨਰਵਾਸ ਅਤੇ ਦੇਖਭਾਲ ਲਈ ਵਿਸ਼ੇਸ਼ ਤੌਰ 'ਤੇ ਤਿਆਰ ਕੀਤਾ ਗਿਆ ਹੈ।ਨਵੀਂ ਨਿਊਰੋ ਆਈ ਸੀ ਯੂ 'ਚ 24*7 ਮਾਨੀਟਰਿੰਗ, ਮਾਹਰ ਡਾਕਟਰ ਅਤੇ ਆਧੁਨਿਕ ਸੁਵਿਧਾਵਾਂ ਉਪਲਬਧ ਹਨ। ਉਦਘਾਟਨ ਸਮਾਰੋਹ ਵਿੱਚ ਮੇਜਰ ਜਨਰਲ ਵਿਨੋਦ ਕੁਮਾਰ ਭੱਟ (ਰਿਟਾ.) ਮੁੱਖ ਮਹਿਮਾਨ ਵਜੋਂ ਹਾਜ਼ਰ ਸਨ, ਜਦਕਿ ਲੈਫਟੀਨੈਂਟ ਜਨਰਲ ਕੁਲਦੀਪ ਸਿੰਘ (ਰਿਟਾ.), ਹਸਪਤਾਲ ਦੇ ਸੀਨੀਅਰ ਡਾਕਟਰ ਅਤੇ ਅਧਿਕਾਰੀ ਵੀ ਮੌਜੂਦ ਸਨ।ਡਾ. ਸਵਾਤੀ ਗਰਗ, ਡਾਇਰੈਕਟਰ ਐਂਡ ਹੈੱਡ ਨਿਊਰੋਲੋਜੀ ਨੇ ਕਿਹਾ ਕਿ ਸਟਰੋਕ ਇੱਕ ਮੈਡੀਕਲ ਐਮਰਜੈਂਸੀ ਹੈ ਜਿਸ ਵਿੱਚ ਹਰ ਮਿੰਟ ਕੀਮਤੀ ਹੁੰਦਾ ਹੈ। ਸਹੀ ਸਮੇਂ ਇਲਾਜ ਨਾਲ ਮਰੀਜ਼ ਨੂੰ ਅਧਰੰਗ ਵਰਗੀਆਂ ਗੰਭੀਰ ਪਰੇਸ਼ਾਨੀਆਂ ਤੋਂ ਬਚਾਇਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸਰੀਰ ਦੇ ਇੱਕ ਪਾਸੇ ਕਮਜ਼ੋਰੀ ਜਾਂ ਸੁੰਨਪਨ, ਬੋਲੀ ਅਟਕਣਾ ਜਾਂ ਚਿਹਰੇ ਦਾ ਝੁਕਣਾ ਇਸ ਦੇ ਮੁੱਖ ਲੱਛਣ ਹਨ।ਸੀਨੀਅਰ ਕਨਸਲਟੈਂਟ (ਨਿਊਰੋਸਰਜਰੀ) ਡਾ. ਰਾਕੇਸ਼ ਰੈੱਡੂ ਨੇ ਕਿਹਾ ਕਿ ਹਸਪਤਾਲ ਵਿੱਚ ਐਮਰਜੈਂਸੀ ਤੋਂ ਲੈ ਕੇ ਸਰਜਰੀ ਤੇ ਰਿਹੈਬਿਲੀਟੇਸ਼ਨ ਤੱਕ ਪੂਰੀ ਨਿਊਰੋ ਕੇਅਰ ਉਪਲਬਧ ਹੈ।ਸ਼ੈਲਬੀ ਹਸਪਤਾਲ ਦੇ ਚੀਫ ਐਡਮਿਨਿਸਟ੍ਰੇਟਿਵ ਅਫਸਰ ਗਲੈਡਵਿਨ ਸੰਦੀਪ ਨੇ ਕਿਹਾ ਕਿ ਇਸ ਯਤਨ ਰਾਹੀਂ ਹਸਪਤਾਲ ਸਿਰਫ ਇਲਾਜ ਹੀ ਨਹੀਂ, ਸਗੋਂ ਸਟਰੋਕ ਦੇ ਲੱਛਣਾਂ ਤੇ ਰੋਕਥਾਮ ਬਾਰੇ ਜਾਗਰੂਕਤਾ ਵੀ ਵਧਾ ਰਿਹਾ ਹੈ।

# ਬਜਵਾੜਾ ਕਲਾਂ ਵਿਖੇ ਗੁਰਮਤਿ ਸਮਾਗਮ ਭਲਕੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸ੍ਰੀ ਸਿੰਘ ਸਭਾ ਛਾਉਣੀ ਨਿਹੰਗ ਸਿੰਘਾਂ ਦੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਜਥੇਬੰਦੀ ਵੱਲੋਂ ਸਿੱਖ ਧਰਮ ਦੇ ਮੋਢੀ, ਜਗਤ ਗੁਰੂ, ਪਾਤਸ਼ਾਹ ਪਹਿਲੀ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556 ਨੇ ਪ੍ਰਕਾਸ਼ ਪੁਰਬ ਮੌਕੇ ਮਹਾਨ ਗੁਰਮਤਿ ਸਮਾਗਮ 5 ਨਵੰਬਰ ਨੂੰ ਜਥੇਬੰਦੀ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਮੁੱਖ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਸੇਵਾਦਾਰ ਰਾਜਵੀਰ ਸਿੰਘ ਹੁਸ਼ਿਆਰਪੁਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪ੍ਰਕਾਸ਼ ਪੁਰਬ ਸਮਾਗਮ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 5 ਨਵੰਬਰ ਨੂੰ ਪਾਏ ਜਾਣਗੇ। ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਵਿਜੀਲੈਂਸ ਅਵੇਅਰਨੈੱਸ ਸੈਮੀਨਾਰ ਕਰਵਾਇਆ

**ਨਕੋਦਰ, (ਰੀਨਾ ਸ਼ਰਮਾ, ਯੋਗੇਸ਼ਵਰ)**

ਸੱਤਿਅਮ ਇੰਸਟੀਟਿਊਟ ਆਫ਼ ਮੈਨੇਜਮੈਂਟ ਐਂਡ ਟੈਕਨੋਲੋਜੀ ਵਿਖੇ ਵਿਜੀਲੈਂਸ ਅਵੇਅਰਨੈਸ ਹਫ਼ਤੇ ਦੇ ਸੰਦਰਭ ਵਿੱਚ ਇੱਕ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸਾਲ ਦੀ ਥੀਮ ਚੌਕਸੀ ਸਾਡੀ ਸਾਂਝੀ ਜਿੰਮੇਵਾਰੀ ਰੱਖੀ ਗਈ, ਜਿਸ ਦਾ ਮਕਸਦ ਵਿਦਿਆਰਥੀਆਂ ਵਿਚ ਭ੍ਰਿਸ਼ਟਾਚਾਰ ਖ਼ਿਲਾਫ਼ ਜਾਗਰੂਕਤਾ ਅਤੇ ਜਿੰਮੇਵਾਰੀ ਦਾ ਭਾਵ ਜਗਾਉਣਾ ਸੀ।ਇਸ ਸੈਮੀਨਾਰ ਵਿੱਚ ਵਿਸ਼ੇਸ਼ ਰੂਪ ਨਾਲ ਡੀ.ਐਸ.ਪੀ. ਅਸ਼ਨੀ ਕੁਮਾਰ (ਜਲੰਧਰ ਯੂਨਿਟ ਵਿਜੀਲੈਂਸ), ਇੰਸਪੈਕਟਰ ਅਗਨੀਹੋਤਰੀ ਏ ਐੱਸ ਆਈ ਅਤੇ ਹੈਡ ਕਾਂਸਟੇਬਲ (ਵਿਜੀਲੈਂਸ ਡਿਪਾਰਟਮੈਂਟ) ਸਮੇਤ ਉਨ੍ਹਾਂ ਦੀ ਟੀਮ ਨੇ ਹਿੱਸਾ ਲਿਆ। ਉਹਨਾਂ ਵਿਦਿਆਰਥੀਆਂ ਨੂੰ ਸਮਝਾਇਆ ਕਿ ਕਿਵੇਂ ਹਰ ਨਾਗਰਿਕ ਦੀ ਭੂਮਿਕਾ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਥਾਪਨਾ ਵਿੱਚ ਮਹੱਤਵਪੂਰਨ ਹੈ।ਵਿਜੀਲੈਂਸ ਅਧਿਕਾਰੀਆਂ ਨੇ ਵਿਦਿਆਰਥੀਆਂ ਨੂੰ ਐਂਟੀ-ਕਰਪਸ਼ਨ ਹੈਲਪਲਾਈਨ ਨੰਬਰ ਅਤੇ ਆਧਿਕਾਰਕ ਈਮੇਲ ਆਈ ਡੀ ਬਾਰੇ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਜੇ ਕੋਈ ਸਰਕਾਰੀ ਅਧਿਕਾਰੀ ਆਪਣੀ ਪਾਵਰ ਦਾ ਗਲਤ ਇਸਤੇਮਾਲ ਕਰਦਾ ਹੈ ਜਾਂ ਆਪਣੀ ਕਮਾਈ ਤੋਂ ਵੱਧ ਸੰਪੰਨਤਾ ਰੱਖਦਾ ਹੈ, ਤਾਂ ਨਾਗਰਿਕ ਗੁਪਤ ਤੌਰ 'ਤੇ ਸ਼ਿਕਾਇਤ ਕਰ ਸਕਦੇ ਹਨ। ਡਿਪਾਰਟਮੈਂਟ ਇਹ ਯਕੀਨੀ ਬਣਾਉਂਦਾ ਹੈ ਕਿ ਸ਼ਿਕਾਇਤਕਰਤਾ ਦੀ ਪਛਾਣ ਗੁਪਤ ਰਹੇਗੀ।ਇਸ ਮੌਕੇ 'ਤੇ ਚੇਅਰਮੈਨ ਵਿਪਨ ਸ਼ਰਮਾ, ਚੇਅਰਪਰਸਨ ਜਯੋਤੀ ਸ਼ਰਮਾ, ਐੱਮ ਡੀ ਸ਼ਿਵਮ ਸ਼ਰਮਾ, ਪ੍ਰਿੰਸੀਪਲ ਰਾਸ਼ਿਦ ਹਾਮਿਦ, ਪਾਰਸ ਚੱਡਾ, ਪੰਕਜ ਸ਼ਰਮਾ ਤੇ ਸਮੂਹ ਸਟਾਫ ਮੈਂਬਰਾਂ ਨੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਦੀ ਪ੍ਰਸ਼ੰਸਾ ਕੀਤੀ।




# ਨਗਰ ਕੀਰਤਨ ਦਾ ਨਿੱਘਾ ਸਵਾਗਤ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਲੁਧਿਆਣਾ ਤੋਂ ਸ੍ਰੀ ਖੁਰਾਲਗੜ ਸਾਹਿਬ ਜਾਣ ਵਾਲੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਮਿਲਾਪ ਦਿਵਸ ਨੂੰ ਸਮਰਪਿਤ 19ਵੇਂ ਵਿਸ਼ਾਲ ਨਗਰ ਕੀਰਤਨ ਦਾ ਲੁਧਿਆਣਾ ਵਿਖੇ ਡੇਰਾ ਸੰਤ ਟਹਿਲ ਦਾਸ ਦੇ ਗੱਦੀ ਨਸ਼ੀਨ ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਹਾਜਰ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਭਰਪੂਰ ਸਵਾਗਤ ਕੀਤਾ ਗਿਆ। ਸੰਤ ਸਰਵਣ ਦਾਸ ,ਸੰਤ ਸਤਵਿੰਦਰ ਹੀਰਾ ਨੇ ਨਗਰ ਕੀਰਤਨ ਦਾ ਸਵਾਗਤ ਕਰਦਿਆਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਮਿਲਾਪ ਇਕ ਇਤਿਹਾਸਕ ਦਿਨ ਹੈ, ਕਿਉਂਕਿ ਇਹਨਾਂ ਮਹਾਨ ਰਹਿਬਰਾਂ ਨੇ ਮਨੁੱਖਤਾ ਨੂੰ ਅਗਿਆਨਤਾ ਦੇ ਹਨੇਰੇ ਵਿਚੋਂ ਬਾਹਰ ਕੱਢਕੇ ਸਮੁੱਚੇ ਸੰਸਾਰ ਨੂੰ ਪਰਮਾਤਮਾ ਦੀ ਰਜ਼ਾ ਅਤੇ ਧਾਰਮਿਕ, ਸਮਾਜਿਕ ਕ੍ਰਾਂਤੀ ਦੇ ਫਲਸਫੇ ਹੇਠ ਮਨੁੱਖੀ ਜੀਵਨ ਜਿਉਣ ਦਾ ਰਸਤਾ ਦਿਖਾਇਆ ਹੈ। ਉਨਾਂ ਕਿਹਾ ਅੱਜ ਜੋ ਪ੍ਰਮੇਸ਼ਰ ਦੇ ਨਾਮਬਾਣੀ ਦੀ ਵਰਖਾ ਹੋ ਰਹੀ ਹੈ ਇਹ ਗੁਰੂਆਂ ਦੀ ਅਪਾਰ ਬਖਸ਼ਿਸ਼ ਹੈ। ਉਨ੍ਹਾਂ ਕਿਹਾ ਸੰਗਤਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਭੈ ਸਾਂਝੀਵਾਲ ਅਤੇ ਸਤਿਗੁਰੂ ਰਵਿਦਾਸ ਜੀ ਦੇ ਬੇਗਮਪੁਰਾ ਸ਼ਹਿਰ ਦੇ ਸੰਕਲਪ ਤੇ ਪਹਿਰਾ ਦੇਣ। ਇਸ ਮੌਕੇ ਸਤਿਗੁਰੂ ਰਵਿਦਾਸ ਵੈਲਫੇਅਰ ਐਜੂਕੇਸ਼ਨ ਸੁਸਾਇਟੀ ਦੇ ਮੁੱਖ ਸੇਵਾਦਾਰ ਗੁਰਦੇਵ ਸਿੰਘ, ਜਸਪ੍ਰੀਤ ਸਿੰਘ, ਐਡਵੋਕੇਟ ਚਰਨਜੀਤ ਸਿੰਘ, ਪ੍ਰਕਾਸ਼ ਸਿੰਘ, ਸਿੰਕਦਰ ਸਿੰਘ, ਹਰਬੰਸ ਸਿੰਘ, ਤਜਿੰਦਰ ਸਿੰਘ, ਬਹਾਦਰ ਸਿੰਘ, ਰਣਜੀਤ ਸਿੰਘ, ਕਰਮਜੀਤ ਸਿੰਘ ਸਹੋਤਾ, ਬਲਵੀਰ ਸਿੰਘ ਸਰਾਭਾ, ਬਲਵੀਰ ਮਹੇ, ਕਮਲ ਜਨਾਗਲ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



4-Nov-PAGE-9.qxd 11/3/2025 10:54 PM Page 1



## ਪੰਜਾਬ ਸਰਕਾਰ ਸੂਬੇ ਨੂੰ ਖੇਡਾਂ 'ਚ ਮੋਹਰੀ ਬਣਾਉਣ ਲਈ ਕਰ ਰਹੀ ਸੁਹਿਰਦ ਯਤਨ : ਚੀਮਾ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਸਮਾਪਤੀ ਸਮਾਰੋਹ 'ਚ ਸ਼ਿਰਕਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਖੇਡਾਂ ਦੇ ਖੇਤਰ ਵਿੱਚ ਮੋਹਰੀ ਬਣਾਉਣ ਲਈ ਲਗਾਤਾਰ ਸੁਹਿਰਦ ਯਤਨ ਕਰ ਰਹੀ ਹੈ। ਇਥੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਸੰਬੋਧਨ ਕਰਦਿਆਂ ਖਜ਼ਾਨਾ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਖੇਡਾਂ ਨੂੰ ਹੁਲਾਰਾ ਦੇਣ ਲਈ ਜਿਥੇ ਖੇਡ ਖੇਤਰ ਲਈ ਬਜਟ ਵਿੱਚ ਇਤਿਹਾਸਕ ਵਾਧਾ ਕਰਦਿਆਂ ਇਸ ਸਾਲ 990 ਕਰੋੜ ਰੁਪਏ ਦਾ ਬਜਟ ਰੱਖਿਆ, ਉਥੇ ਓਲੰਪਿਕ ਅਤੇ ਏਸ਼ੀਅਨ ਖੇਡਾਂ ਵਿੱਚ ਜਾਣ ਵਾਲੀਆਂ ਟੀਮਾਂ ਨੂੰ ਡਾਇਟ ਮਨੀ ਪਹਿਲਾਂ ਮੁਹੱਈਆ ਕਰਵਾਉਣ ਦੀ ਪਹਿਲਕਦਮੀ ਕੀਤੀ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਸੂਬੇ ਵਿੱਚ 3000 ਖੇਡ ਮੈਦਾਨ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨੇ 'ਖੇਡਾਂ ਵਤਨ ਪੰਜਾਬ ਦੀਆਂ' ਰਾਹੀਂ ਨੌਜਵਾਨਾਂ ਨੂੰ ਖੇਡਣ ਲਈ ਵਧੀਆ ਮੰਚ ਪ੍ਰਦਾਨ ਕੀਤਾ ਹੈ ਅਤੇ ਪੰਜਾਬ ਦੇ ਨੌਜਵਾਨ ਵੀ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਖੇਡਾਂ ਵਿੱਚ ਮੱਲਾਂ ਮਾਰ ਰਹੇ ਹਨ।ਸੁਰਜੀਤ ਹਾਕੀ ਸੁਸਾਇਟੀ ਲਈ 25 ਲੱਖ ਰੁਪਏ ਦੀ ਰਾਸ਼ੀ ਦਾ ਐਲਾਨ ਕਰਦਿਆਂ ਖਜ਼ਾਨਾ ਮੰਤਰੀ ਨੇ ਹਾਕੀ ਦੇ ਖੇਤਰ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਪੈਦਾ ਕਰਨ ਲਈ ਅਕੈਡਮੀ ਵਲੋਂ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਜੋ ਸੁਰਜੀਤ ਹਾਕੀ ਸੁਸਾਇਟੀ ਦੇ ਪ੍ਰਧਾਨ ਵੀ ਹਨ, ਨੇ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਤੇ ਹੋਰ ਸ਼ਖਸੀਅਤਾਂ ਦਾ ਟੂਰਨਾਮੈਂਟ ਵਿੱਚ ਪਹੁੰਚਣ 'ਤੇ ਸਵਾਗਤ ਕੀਤਾ।



## ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦਾ ਡੈਲੀਗੇਟ ਅਜਲਾਸ

**ਬੰਗਾ (ਅਵਤਾਰ ਕਲੇਰ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤਹਿਸੀਲ ਬੰਗਾ ਦਾ ਡੈਲੀਗੇਟ ਅਜਲਾਸ ਕਾਮਰੇਡ ਹਰਬੰਸ ਸਿੰਘ ਮੰਢਾਲੀ ਹਾਲ ਵਿੱਚ ਸਾਥੀ ਜੋਗਿੰਦਰ ਲੜੋਆ, ਬੱਗਾ ਸਿੰਘ ਕੰਗਰੋੜ ਅਤੇ ਸਿਮਰ ਚੰਦ ਝਿੰਗੜਾ ਦੀ ਪ੍ਰਧਾਨਗੀ ਹੇਠ ਹੋਇਆ। ਪਹਿਲਾ ਪ੍ਰੇਮ ਸਿੰਘ ਮੰਢਾਲੀ, ਧੰਨਾ ਸਿੰਘ ਫੌਜੀ, ਰੋਸ਼ਨ ਝਿੰਗੜਾ, ਬੀਬੀ ਮਹਿੰਦਰ ਕੌਰ ਤਲਵੰਡੀ, ਸੋਢੀ ਰਾਮ ਖਾਨਖਾਨਾ,ਬੀਬੀ ਹਰਜੀਤ ਕੌਰ ਮੰਢਾਲੀ, ਕੇਵਲ ਕ੍ਰਿਸ਼ਨ ਲੜੋਆ ਆਦਿ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ।ਅਜਲਾਸ ਦਾ ਉਦਘਾਟਨ ਕਰਦਿਆਂ ਯੂਨੀਅਨ ਦੀ ਸੂਬਾ ਪ੍ਰਧਾਨ ਸਾਥੀ ਰਾਮ ਸਿੰਘ ਨੂਰਪੁਰੀ ਨੇ ਕਿਹਾ ਕਿ ਸਾਡੀ ਯੂਨੀਅਨ ਦੇਸ਼ ਦੀ ਵੱਡੀ ਜਥੇਬੰਦੀ ਹੈ। ਜਿਸ ਦੀ ਲੱਖਾਂ ਮੈਂਬਰਸ਼ਿਪ ਹੈ ਅਤੇ ਬਹੁਤ ਸਾਰੇ ਰਾਜਾਂ ਵਿੱਚ ਸੂਬਾ ਕਮੇਟੀਆਂ ਕੰਮ ਕਰਦੀਆਂ ਹਨ ਅਤੇ ਦੇਸ਼ ਭਰ ਵਿੱਚ ਗਰੀਬ ਦਲਿਤਾਂ,ਖੇਤ ਮਜ਼ਦੂਰਾਂ ਅਤੇ ਬੇਜ਼ਮੀਨਿਆ ਦੇ ਮਸਲਿਆਂ ਨੂੰ ਲੈ ਕੇ ਸੰਘਰਸ਼ ਕੀਤਾ ਜਾਂਦਾ ਹੈ। ਮਨਰੇਗਾ ਵਰਗੇ ਕਾਨੂੰਨ ਬਣਾ ਕੇ ਕਰੋੜਾਂ ਲੋਕਾਂ ਨੂੰ ਰੁਜ਼ਗਾਰ ਦਵਾਇਆ ਹੈ,ਕਈ ਸੂਬਿਆਂ ਵਿੱਚ ਜ਼ਮੀਨ ਦੇ ਮਾਲਕ ਬਣਾਇਆ ਹੈ । ਉਹਨਾਂ ਕਿਹਾ ਕਿ ਇਸ ਲਈ ਯੂਨੀਅਨ ਵਿੱਚ ਭਰਤੀ ਹੋ ਕੇ ਸੰਘਰਸ਼ਾਂ ਦੇ ਪਿੜ ਵਿੱਚ ਸ਼ਾਮਿਲ ਹੋਵੋ। ਯੂਨੀਅਨ ਦੇ ਜ਼ਿਲਾ ਸਕੱਤਰ ਕੁਲਦੀਪ ਝਿੰਗੜ ਨੇ ਕਿਹਾ ਕਿ 30 ਨਵੰਬਰ ਤੱਕ ਯੂਨਿਟ ਚੋਣਾਂ ਕਰਵਾ ਕੇ ਤਹਿਸੀਲ ਅਜਲਾਸ ਕੀਤੇ ਜਾਣਗੇ। 10 ਜਨਵਰੀ 2026 ਤੱਕ ਜ਼ਿਲ੍ਹਾ ਅਜਲਾਸ ਕੀਤੇ ਜਾਣਗੇ ਅਤੇ ਫਰਵਰੀ ਵਿੱਚ 32 ਸੂਬਾਈ ਕਾਨਫਰੰਸ ਹੋਵੇਗੀ। ਜਨਵਾਦੀ ਇਸਤਰੀ ਸਭਾ ਵੱਲੋਂ ਈਸ਼ਾ ਛਾਬੜਾ ਅਤੇ ਸੀਟੂ ਵੱਲੋਂ ਬਲਵਿੰਦਰ ਕੁਮਾਰ ਹੀਓਂ ਨੇ ਭਰਾਤਰੀ ਸੰਦੇਸ਼ ਦਿੱਤਾ ਅਤੇ ਇਨਕਲਾਬੀ ਵਧਾਈ ਦਿੱਤੀ। ਅੰਤ ਵਿੱਚ ਕੁਲਦੀਪ ਝਿੰਗੜ ਨੇ 19 ਮੈਂਬਰੀ ਵਰਕਿੰਗ ਕਮੇਟੀ ਦਾ ਪੈਨਲ ਪੇਸ਼ ਕੀਤਾ। ਜਿਸ ਵਿੱਚ ਪ੍ਰਧਾਨ ਬੱਗਾ ਸਿੰਘ ਕੰਗਰੋੜ,ਮੀਤ ਪ੍ਰਧਾਨ ਨਿਰਮਲ ਦਾਸ ਨੂਰਪੁਰ ਤੇ ਸਿਮਰ ਚੰਦ ਝਿੰਗੜ, ਸਕੱਤਰ ਰੋਸ਼ਨ ਗੋਬਿੰਦਪੁਰ, ਜਇੰਟ ਸਕੱਤਰ ਸਨੀਤਾ ਤਲਵੰਡੀ ਤੇ ਲਾਲ ਚੰਦ ਗੁਣਾਚੌਰ, ਖਜਾਨਚੀ ਗੁਰਦੀਪ ਸਿੰਘ ਗੁਲਾਟੀ ਚੁਣੇ ਗਏ। ਅਜਲਾਸ ਵਿੱਚ 22 ਯੂਨਿਟਾਂ ਵਿੱਚ 83 ਡੈਲੀਗੇਟ ਸ਼ਾਮਲ ਹੋਏ।



## ਐੱਨ ਸੀ ਸੀ ਕੈਡਿਟਾਂ ਨੇ ਆਲ ਇੰਡੀਆ ਵਾਯੂ ਸੈਨਿਕ ਕੈਂਪ 'ਚ ਮਾਰੀਆਂ ਮੱਲਾਂ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ, ਜਲੰਧਰ ਦੇ ਚਾਰ ਐੱਨ ਸੀ ਸੀ ਏਅਰ ਵਿੰਗ ਕੈਡਟਾਂ ਨੇ ਆਲ ਇੰਡੀਆ ਵਾਯੂ ਸੈਨਿਕ ਕੈਂਪ ਬੈਂਗਲੁਰੂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਇਹ ਕੈਡਟ ਪਹਿਲਾਂ ਰਾਜ ਪੱਧਰੀ ਕੈਂਪ (ਪੰਜਾਬ ਡਾਇਰੈਕਟਰੇਟ) ਵਿੱਚ ਚੁਣੇ ਗਏ ਸਨ ਅਤੇ ਬਾਅਦ ਵਿੱਚ ਉਨ੍ਹਾਂ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਡਾਇਰੈਕਟਰੇਟ ਦੀ ਨੁਮਾਇੰਦਗੀ ਕਰਦਿਆਂ ਰਾਸ਼ਟਰੀ ਪੱਧਰ ਤੇ 23 ਰਾਜਾਂ ਦੇ ਕੈਡਟਾਂ ਨਾਲ ਮੁਕਾਬਲਾ ਕੀਤਾ। ਕੈਡਟ ਸੀ ਐੱਸ ਯੂ ਓ ਨਿਤੀਸ਼ ਰਾਣਾ, ਸੀ ਡਬਲਯੂ ਓ ਚਰਨਪ੍ਰੀਤ ਭਰਦਵਾਜ, ਸੀ/ਕੌਰਪਲ ਪਰਮਿੰਦਰ ਸਿੰਘ, ਅਤੇ ਸੀ/ਕੌਰਪਲ ਅਭੀਜੀਤ ਸਿੰਘ ਚੁਣੇ ਗਏ।ਸੀ ਐੱਸ ਯੂ ਓ ਨਿਤੀਸ਼ ਰਾਣਾ ਨੂੰ ਪੀ ਐੱਚ ਐੱਚ ਪੀ ਅਤੇ ਸੀ ਐੱਚ ਡੀ ਡਾਇਰੈਕਟਰੇਟ ਦਾ ਸੀਨੀਅਰ ਨਿਯੁਕਤ ਕੀਤਾ ਗਿਆ ਅਤੇ ਉਸ ਨੇ ਡ੍ਰਿਲ ਤੇ ਟੈਂਟ ਪਿਚਿੰਗ ਵਿੱਚ ਕਮਾਲ ਦਿਖਾਇਆ।ਸੀ ਡਬਲਯੂ ਓ ਚਰਨਪ੍ਰੀਤ ਭਰਦਵਾਜ ਨੇ ਐਕੈਡਮਿਕਸ, ਡ੍ਰੋਨ, ਅਤੇ ਡ੍ਰਿਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸੀ/ਕੌਰਪਲ ਪਰਮਿੰਦਰ ਸਿੰਘ ਅਤੇ ਸੀ/ਕੌਰਪਲ ਅਭੀਜੀਤ ਸਿੰਘ ਨੇ ਵੀ ਐਕੈਡਮਿਕਸ, ਡ੍ਰਿਲ, ਅਤੇ ਟੈਂਟ ਪਿਚਿੰਗ ਵਿੱਚ ਵਧੀਆ ਪ੍ਰਦਰਸ਼ਨ ਕੀਤਾ।ਡਾਇਰੈਕਟਰੇਟ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਪਹਿਲਾ ਸਥਾਨ-ਲਾਈਨ ਏਰੀਆ ਅਤੇ ਟੈਂਟ ਪਿਚਿੰਗ, ਦੂਜਾ ਸਥਾਨ -ਡ੍ਰਿਲ ਅਤੇ ਸ਼ੂਟਿੰਗ, ਤੀਜਾ ਸਥਾਨ -ਏਅਰੋਮੋਡਲਿੰਗ, ਪਹਿਲਾ ਸਥਾਨ -ਹੈਲਥ ਐਂਡ ਹਾਈਜੀਨ ਪ੍ਰਾਪਤ ਕੀਤੇ। ਇਹਨਾਂ ਕੈਡਟਾਂ ਦੀ ਮਿਹਨਤ ਤੇ ਅਨੁਸ਼ਾਸਨ ਦੇ ਨਾਲ ਪੀ ਐੱਚ ਐੱਚ ਪੀ ਅਤੇ ਸੀ ਐੱਚ ਡੀ ਡਾਇਰੈਕਟਰੇਟ ਨੇ ਰਾਸ਼ਟਰੀ ਪੱਧਰ 'ਤੇ ਕੁੱਲ ਤੀਜਾ ਸਥਾਨ ਪ੍ਰਾਪਤ ਕੀਤਾ।ਕਾਲਜ ਦੀ ਪ੍ਰਿੰਸੀਪਲ ਪ੍ਰੋ. ਨਵਦੀਪ ਕੌਰ ਨੇ ਕੈਡਟਾਂ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਮਿਹਨਤ ਤੇ ਸਮਰਪਣ ਦੀ ਸਰਾਹਨਾ ਕੀਤੀ।



## ਪੰਜਾਬ ਸਰਕਾਰ ਨੇ 93 ਕਿਸਾਨਾਂ ਨੂੰ ਮੁਆਵਜ਼ੇ ਦੇ ਚੈੱਕ ਵੰਡੇ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਬੀਤੇ ਸਮੇਂ 'ਚ ਸੂਬੇ ਅੰਦਰ ਆਏ ਹੜ੍ਹਾਂ ਕਾਰਨ ਕਿਸਾਨਾਂ ਦੀਆਂ ਫਸਲਾਂ ਅਤੇ ਜ਼ਮੀਨਾਂ ਦੇ ਹੋਏ ਨੁਕਸਾਨ ਬਦਲੇ ਪੰਜਾਬ ਸਰਕਾਰ ਵੱਲੋਂ ਮੁਆਵਜਾ ਦੇਣ ਦੀ ਲੜੀ ਤਹਿਤ ਜ਼ਿਲ੍ਹੇ ਦੇ 93 ਕਿਸਾਨਾਂ ਨੂੰ 17 ਲੱਖ ਰੁਪਏ ਤੋਂ ਵੱਧ ਦਾ ਮੁਆਵਜਾ ਤਕਸੀਮ ਕੀਤਾ ਗਿਆ। ਸਥਾਨਕ ਐੱਸ ਡੀ ਐੱਮ ਦਫ਼ਤਰ ਵਿਖੇ ਪੰਜਾਬ ਰਾਜ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਬੋਰਡ ਦੇ ਵਾਈਸ ਚੇਅਰਮੈਨ ਲਲਿਤ ਮੋਹਨ ਪਾਠਕ ਨੇ ਐੱਸ ਡੀ ਐੱਮ ਅਨਮਜਯੋਤ ਕੌਰ ਦੀ ਮੌਜੂਦਗੀ ਵਿੱਚ ਕਿਸਾਨਾਂ ਨੂੰ ਮੁਆਵਜੇ ਦੇ ਚੈਕ ਦਿੱਤੇ ਗਏ। ਕਿਸਾਨਾਂ ਨੂੰ ਮੁਆਵਜਾ ਰਾਸ਼ੀ ਦਿੰਦਿਆ ਲਲਿਤ ਮੋਹਨ ਪਾਠਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਮੁਆਵਜਾ ਦਿੱਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ 17,31,535 ਰੁਪਏ ਫਸਲਾਂ ਅਤੇ ਜ਼ਮੀਨਾਂ ਦੇ ਨੁਕਸਾਨ ਬਦਲੇ ਮੁਆਵਜੇ ਵਜੋਂ ਦਿੱਤੇ ਗਏ ਹਨ। ਪੰਜਾਬ ਰਾਜ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਬੋਰਡ ਦੇ ਵਾਈਸ ਚੇਅਰਮੈਨ ਨੇ ਦੱਸਿਆ ਕਿ ਪਿੰਡ ਸੈਦਪੁਰ, ਬੁਰਜ ਟਹਿਲ ਦਾਸ, ਕਨੌਨ ਆਦਿ ਪਿੰਡਾਂ ਦੇ ਕਿਸਾਨਾਂ ਨੂੰ ਚੈਕ ਸੌਂਪੇ ਗਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਹੜ੍ਹ ਪੀੜ੍ਹਤਾਂ ਦੇ ਨੁਕਸਾਨ ਦੀ ਭਰਪਾਈ ਲਈ ਲਗਾਤਾਰ ਉਪਰਾਲੇ ਜਾਰੀ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਕਿਸਾਨਾਂ ਨੂੰ ਮੁਫ਼ਤ ਬੀਜ ਵੀ ਮੁਹੱਈਆ ਕਰਵਾਇਆ ਜਾ ਰਿਹਾ ਹੈ ਅਤੇ ਜ਼ਿਲ੍ਹੇ ਵਿੱਚ ਕਣਕ ਦਾ 380 ਕੁਇੰਟਲ ਬੀਜ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਕਿਸਾਨਾਂ ਨੂੰ ਮੁਫ਼ਤ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਕਿਸਾਨਾਂ ਨੂੰ ਮੁਫ਼ਤ ਅਤੇ ਬਾਕੀ ਇਲਾਕਿਆਂ ਦੇ ਕਿਸਾਨਾਂ ਨੂੰ 50 ਫੀਸਦੀ ਸਬਸਿਡੀ 'ਤੇ ਬੀਜ ਮੁਹੱਈਆ ਕਰਵਾਇਆ ਜਾ ਰਿਹਾ ਹੈ।

## ਸ਼ਹੀਦੀ ਸ਼ਤਾਬਦੀ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਪੁਰਬ ਅਤੇ ਕੌਮ ਦੇ ਮਹਾਨ ਸ਼ਹੀਦ ਭਾਈ ਦਿਆਲਾ ਜੀ, ਭਾਈ ਸਤੀ ਦਾਸ ਜੀ , ਭਾਈ ਮਤੀ ਦਾਸ ਜੀ ਤੇ ਭਾਈ ਜੈਤਾ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਟਾਂਡਾ ਵੱਲੋਂ ਕਰਵਾਏ ਜਾ ਰਹੇ ਧਾਰਮਿਕ ਸਮਾਗਮਾਂ ਦੀ ਲੜੀ ਤਹਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪੱਤੀ ਅਮੀਪੁਰ ਹਰਸੀ ਪਿੰਡ ਵਿਖੇ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ ਗਿਆ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਨਗਰ ਦੀਆਂ ਸੰਗਤਾਂ ਨੇ ਸ਼ਮੂਲੀਅਤ ਕੀਤੀ। ਸ਼ਾਮ 6 ਤੋਂ 9 ਵਜੇ ਤੱਕ ਕਰਵਾਏ ਗਏ ਸਮਾਗਮ ਦੌਰਾਨ ਸੋ ਦਰ ਰਹਿਰਾਸ ਸਾਹਿਬ ਜੀ ਦੇ ਪਾਠ ਉਪਰੰਤ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ ਭਾਈ ਮਨਜੀਤ ਸਿੰਘ ਦਸ਼ਮੇਸ਼ ਨਗਰ ਟਾਂਡਾ ਵਾਲਿਆਂ ਨੇ ਸਮੂਹ ਸੰਗਤ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਵੈਰਾਗਮਈ ਬਾਣੀ ਦੇ ਕੀਰਤਨ ਦੁਆਰਾ ਨਿਹਾਲ ਕੀਤਾ। ਸਮਾਗਮ ਦੌਰਾਨ ਸੰਬੋਧਨ ਕਰਦੇ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਦੇ ਪ੍ਰਚਾਰ ਸਕੱਤਰ ਗਿਆਨੀ ਕੇਵਲ ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ ਅਤੇ ਉਨਾਂ ਨਾਲ ਸ਼ਹੀਦ ਹੋਏ ਸਿੰਘਾਂ ਦੀ ਵੀ ਲਾਸਾਨੀ ਸ਼ਹਾਦਤ ਤੇ ਚਾਨਣਾ ਪਾਇਆ। ਅਖੀਰ ਵਿਚ ਗੁਰਮਤਿ ਪ੍ਰਚਾਰ ਸੇਵਾ ਸਿਮਰਨ ਸੁਸਾਇਟੀ ਦੇ ਪ੍ਰਧਾਨ ਰਵਿੰਦਰ ਸਿੰਘ ਰਵੀ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਦੀਆਂ ਸਹਿਯੋਗੀ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਸੁਸਾਇਟੀ ਵੱਲੋਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 5 ਨਵੰਬਰ ਨੂੰ ਪਿੰਡ ਉਹੜਪੁਰ, 15 ਨਵੰਬਰ ਨੂੰ ਗੁਰਦੁਆਰਾ ਬੀਬੀਆਂ ਟਾਂਡਾ ਵਿਖੇ ਸਮਾਗਮ ਹੋਣਗੇ। ਇਸ ਮੌਕੇ ਹੋਰਨਾਂ ਤੋਂ ਜਨਰਲ ਸਕੱਤਰ ਕਿਰਪਾਲ ਸਿੰਘ ਪੰਡੋਰੀ, ਗੁਰਦੁਆਰਾ ਪ੍ਰਬੰਧਕ ਕਮੇਟੀ ਹਰਸੀ ਪਿੰਡ ਦੇ ਮੁੱਖ ਸੇਵਾਦਾਰ ਭਾਈ ਦਰਸ਼ਨ ਸਿੰਘ, ਮਾਸਟਰ ਮਦਨ ਸਿੰਘ, ਗੁਰਮਿੰਦਰ ਸਿੰਘ, ਗੁਰਜੀਤ ਸਿੰਘ, ਗੁਰਦੀਪ ਸਿੰਘ ਵੀ ਹਾਜ਼ਰ ਸਨ।



## 16 ਦੀ ਰੈਲੀ 'ਚ ਪੰਜਾਬ ਪੈਨਸ਼ਨਰਜ਼ ਯੂਨੀਅਨ ਸੰਬੰਧਤ ਏਟਕ ਵੱਲੋਂ ਸ਼ਮੂਲੀਅਤ ਕਰਨ ਦਾ ਫੈਸਲਾ

**ਮੋਹਟਿਆਣਾ/ਜਲੰਧਰ (ਜਗਤਾਰ ਸਿੰਘ ਭੁੰਗਰਨੀ/ਰਾਜੇਸ਼ ਥਾਪਾ)**- ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਸੂਬਾ ਕਮੇਟੀ ਦੀ ਮੀਟਿੰਗ ਸਥਾਨਕ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਵਿਖੇ ਜਥੇਬੰਦੀ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਚੇਅਰਮੈਨ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਤੇ ਗੁਰਜੀਤ ਸਿੰਘ ਘੋੜੇ ਵਾਹ, ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਤੇ ਮੁੱਖ ਜਥੇਬੰਦਕ ਸਕੱਤਰ ਅਵਤਾਰ ਸਿੰਘ ਤਾਰੀ ਨੇ ਸਤੰਬਰ ਅਤੇ ਅਕਤੂਬਰ ਮਹੀਨੇ ਦੌਰਾਨ ਹੋਏ ਵੱਖ ਵੱਖ ਐਕਸ਼ਨ ਪ੍ਰੋਗਰਾਮਾਂ ਦਾ ਰੀਵਿਊ ਕੀਤਾ ।ਇਸ ਮੌਕੇ ਉਨ੍ਹਾਂ ਕਿਹਾ ਕਿ ਮਹੀਨਾ ਨਵੰਬਰ ਦੌਰਾਨ ਹੋਣ ਵਾਲੀਆਂ ਵੱਖ ਵੱਖ ਜਥੇਬੰਦਕ ਮੀਟਿੰਗਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਵੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ । ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 2 ਨਵੰਬਰ ਨੂੰ ਪੰਜਾਬ ਦੇ ਬਿਜਲੀ ਮੰਤਰੀ ਸੰਜੀਵ ਅਰੋੜਾ ਦੀ ਲੁਧਿਆਣਾ ਵਿਖੇ ਰਿਹਾਇਸ਼ ਦੇ ਸਾਹਮਣੇ ਕੀਤੇ ਜਾ ਰਹੇ ਸੂਬਾ ਪੱਧਰੀ ਧਰਨੇ ਵਿੱਚ , ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਸਰਕਾਰ ਦੀਆਂ ਮੁਲਾਜ਼ਮ ਅਤੇ ਪੈਨਸ਼ਨ ਵਿਰੋਧੀ ਨੀਤੀਆਂ ਦੇ ਖਿਲਾਫ ਵਿਧਾਨ ਸਭਾ ਹਲਕਾ ਧੂਰੀ ਵਿੱਚ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਅਤੇ ਰੋਸ ਮੁਜਾਹਰੇ ਵਿੱਚ ਪੰਜਾਬ ਪੈਨਸ਼ਨਰ ਯੂਨੀਅਨ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਮੀਟਿੰਗ ਦੌਰਾਨ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ 16 ਫੀਸਦੀ ਦੀ ਦਰ ਨਾਲ ਡੀ ਏ ਦੀਆਂ ਬਕਾਇਆ ਪਈਆਂ ਪੰਜ ਕਿਸਤਾਂ ਤੁਰੰਤ ਦਿੱਤੀਆਂ ਜਾਣ, ਤਨਖਾਹ ਕਮਿਸ਼ਨ ਦਾ ਬਣਦਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਗੁਰਬਖਸ਼ ਸਿੰਘ ਢਿੱਲੋਂ, ਸਵਰਨ ਸਿੰਘ ਹਠੂਰ, ਮਨਜੀਤ ਸਿੰਘ ਗਿੱਲ, ਨਸੀਬ ਸਿੰਘ ਜੜੋਤ, ਮਨਜੀਤ ਸਿੰਘ ਮਨਸੂਰਾਂ, ਬਲਵੰਤ ਸਿੰਘ ਸੰਧੂ ਫਿਰੋਜ਼ਪੁਰ, ਸੁੱਚਾ ਸਿੰਘ ਅਜਨਾਲਾ, ਇਕਬਾਲ ਸਿੰਘ ਪਠਾਨਕੋਟ, ਗੁਰਮੀਤ ਸਿੰਘ ਚੰਡੀਗੜ੍ਹ, ਹਰਜਿੰਦਰ ਸਿੰਘ ਸੀਲੋਂ , ਗੁਰਦੀਪ ਸਿੰਘ ਪਠਾਨਕੋਟ, ਸੁਰੇਸ਼ ਕੁਮਾਰ, ਅਜਮੇਰ ਸਿੰਘ ਮੋਗਾ, ਜਗਦੀਸ਼ ਸਿੰਘ ਜਗਰਾਉਂ, ਸੰਤੋਖ ਸਿੰਘ ਜਲੰਧਰ, ਮਹਿੰਦਰ ਸਿੰਘ ਰੋਪੜ, ਕੁਲਵੰਤ ਸਿੰਘ ਚਾਨੀ, ਗੁਰਤੇਜ ਸਿੰਘ ਬਰਾੜ ਫਿਰੋਜ਼ਪੁਰ ਆਦਿ ਹਾਜ਼ਰ ਸਨ।



## ਜਪਜੋਤ ਕੌਰ ਦੀ ਨੈਸ਼ਨਲ ਖੇਡਾਂ ਲਈ ਹੋਈ ਚੋਣ

**ਬਲਾਚੌਰ (ਜਸਵਿੰਦਰ ਬੈਂਸ)**- ਪਿਛਲੀ ਦਿਨੀ ਲੁਧਿਆਣਾ ਦੇ ਗੁਰੂ ਨਾਨਕ ਸਟੇਡੀਅਮ ਵਿੱਚ ਸੂਬਾ ਪੱਧਰੀ ਖੇਡਾਂ ਵਿੱਚ ਜਪਜੋਤ ਕੌਰ ਨੇ ਹਾਈ ਜੰਪ ਵਿੱਚ ਵੱਡੀ ਮੱਲ ਮਾਰੀ। ਜ਼ਿਕਰਯੋਗ ਹੈ ਕਿ ਜਪਜੋਤ ਕੌਰ ਪਿਛਲੇ ਕਈ ਸਾਲਾਂ ਤੋਂ ਨੈਸ਼ਨਲ ਖੇਡ ਰਹੀ ਹੈ ਪੰਜਾਬ ਦੇ ਖੇਡ ਵਿਭਾਗ ਵੱਲੋਂ ਜਪਜੋਤ ਕੌਰ ਦੀ ਨੈਸ਼ਨਲ ਖੇਡਾਂ ਹਾਈ ਜੰਪ ਲਈ ਸਲੈਕਸ਼ਨ ਕਰ ਲਈ ਗਈ ਹੈ। ਲਖਨਊ ਵਿੱਚ ਹੋਣ ਜਾ ਰਹੀਆਂ ਕੌਮੀ ਖੇਡਾਂ ਵਿੱਚ ਜਪਜੋਤ ਕੌਰ ਪੰਜਾਬ ਦੀ ਨੁਮਾਇੰਦਗੀ ਕਰੇਗੀ। ਜਪਜੋਤ ਕੌਰ ਨੇ ਕੌਮੀ ਖੇਡਾਂ ਵਿੱਚ ਆਪਣੀ ਸਲੈਕਸ਼ਨ ਕਰਵਾ ਕੇ ਜਿੱਥੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦਾ ਨਾਂਅ ਉੱਚਾ ਕੀਤਾ ਉਥੇ ਹੀ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਵੀ ਰੋਸ਼ਨ ਕੀਤਾ। ਸਕੂਲ ਦੇ ਚੇਅਰਮੈਨ ਸਚਿਨ ਚੌਧਰੀ, ਮੈਨੇਜਿੰਗ ਡਾਇਰੈਕਟਰ ਮਨਪ੍ਰੀਤ ਕੌਰ ਤੇ ਪ੍ਰਿੰਸੀਪਲ ਆਰਤੀ ਨੇ ਸਾਂਝੇ ਤੌਰ ਤੇ ਦੱਸਿਆ ਕਿ ਬੱਚੀ ਪੜ੍ਹਾਈ ਅਤੇ ਖੇਡਾਂ ਵਿੱਚ ਬਹੁਤ ਅੱਗੇ ਹੈ। ਅਸੀਂ ਇਸ ਬੱਚੀ ਨੂੰ ਖੇਡਾਂ ਵਿੱਚ ਹੋਰ ਅੱਗੇ ਵਧਣ ਲਈ ਕਾਮਨਾ ਕਰਦੇ ਹਾਂ। ਜਪਜੋਤ ਕੌਰ ਦੀ ਕੌਮੀ ਖੇਡਾਂ ਵਿੱਚ ਚੋਣ ਤੇ ਬਲਾਕ ਸੰਮਤੀ ਸੜੋਆ ਦੇ ਸਾਬਕਾ ਚੇਅਰਮੈਨ ਬਿਮਲ ਚੌਧਰੀ ਨੇ ਮੈਨੇਜਮੈਂਟ ਕਮੇਟੀ ਨੂੰ ਵਧਾਈ ਦਿੱਤੀ।



## ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਦੇ ਕੰਮਕਾਜ ਦਾ ਲਿਆ ਜਾਇਜ਼ਾ

**ਮੋਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਵਲੋਂ ਹਸਪਤਾਲ ਦੇ ਕੰਮਕਾਜ ਦੀ ਸਮੀਖਿਆ ਦੇ ਸਬੰਧ 'ਚ ਹਸਪਤਾਲ ਸਟਾਫ ਨਾਲ ਇਕ ਮੀਟਿੰਗ ਕੀਤੀ ਗਈ ਜਿਸ ਦੀ ਪ੍ਰਧਾਨਗੀ ਟਰੱਸਟ ਦੇ ਪ੍ਰਧਾਨ ਪ੍ਰਦੀਪ ਧੀਮਾਨ ਨੇ ਕੀਤੀ। ਇਸ ਦੌਰਾਨ ਉਹਨਾਂ ਹਸਪਤਾਲ ਦੇ ਕੰਮਕਾਜ ਨੂੰ ਲੈ ਕੇ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ। ਉਹਨਾਂ ਹਸਪਤਾਲ ਦੇ ਸਮੂਹ ਮੈਡੀਕਲ ਸਟਾਫ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਰੀਜ ਨੂੰ ਇਲਾਜ ਦੇ ਨਾਲ ਹੀ ਹਮਦਰਦੀ ਦੀ ਖਾਸ ਜ਼ਰੂਰਤ ਹੁੰਦੀ ਹੈ। ਇਸ ਲਈ ਨਾ ਸਿਰਫ ਮਰੀਜਾਂ ਦੇ ਨਾਲ ਬਲਕਿ ਉਹਨਾਂ ਦੇ ਨਾਲ ਆਉਣ ਵਾਲੇ ਪਰਵਾਰਕ ਮੈਂਬਰਾਂ ਦੇ ਨਾਲ ਵੀ ਹਮਦਰਦੀ ਭਰਿਆ ਵਤੀਰਾ ਹੋਣਾ ਬਹੁਤ ਜ਼ਰੂਰੀ ਹੈ। ਮੀਟਿੰਗ ਉਪਰੰਤ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਪ੍ਰਦੀਪ ਧੀਮਾਨ ਨੇ ਦੱਸਿਆ ਕਿ ਹਸਪਤਾਲ ਟਰੱਸਟ ਵਲੋਂ ਮਰੀਜਾਂ ਦੇ ਲਈ ਅਤੀ ਆਧੁਨਿਕ ਸੁਵਿਧਾਵਾਂ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ। ਅੱਖਾਂ, ਹੱਡੀਆਂ, ਦਿਲ, ਗੁਰਦੇ ਆਦਿ ਦੇ ਰੋਗਾਂ ਤੋਂ ਇਲਾਵਾ ਇਸਤਰੀ ਰੋਗਾਂ ਦੇ ਇਲਾਜ ਲਈ ਮਾਹਿਰ ਡਾਕਟਰਾਂ ਵਲੋਂ ਵਧੀਆ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। 24 ਘੰਟੇ ਐਮਰਜੇਂਸੀ ਵਾਰਡ ਅਤੇ ਜੱਚਾ-ਬੱਚਾ ਵਾਰਡ ਦੀ ਸੇਵਾ ਵੀ ਹਸਪਤਾਲ ਵਿਖੇ ਉਪਲੱਬਧ ਹੈ। ਵੇਂਟੀਲੇਟਰ, ਐਂਬੂਲੈਂਸ ਅਤੇ ਡਾਇਲਿਸਿਸ ਦਾ ਵੀ ਖਾਸ ਪ੍ਰਬੰਧ ਹੈ। ਇਸ ਤੋਂ ਇਲਾਵਾ ਡਿਜੀਟਲ ਮਸ਼ੀਨ ਦੇ ਨਾਲ ਐਕਸ ਰੇ ਅਤੇ ਅਤਿ ਆਧੁਨਿਕ ਡਿਜੀਟਲ ਲੈਬ ਵੀ ਹੈ ਜਿੱਥੇ ਕੈਂਸਰ ਦੀ ਜਾਂਚ ਵੀ ਕੀਤੀ ਜਾਂਦੀ ਹੈ। ਚੈਰੀਟੇਬਲ ਹਸਪਤਾਲ ਹੋਣ ਦੇ ਚਲਦਿਆਂ ਕਾਫੀ ਸਸਤਾ ਇਲਾਜ ਕੀਤਾ ਜਾਂਦਾ ਹੈ। ਇਸ ਮੌਕੇ ਸਭਾ ਦੇ ਸਰਪ੍ਰਸਤ ਜਸਪਾਲ ਸਿੰਘ ਲਾਲ, ਮੀਤ ਪ੍ਰਧਾਨ ਸੁਰਿੰਦਰ ਪਾਲ ਧੀਮਾਨ, ਗੁਰਨਾਮ ਸਿੰਘ ਜੁਤਲਾ, ਸੁਭਾਸ਼ ਧੀਮਾਨ, ਰੀਤ ਪ੍ਰੀਤ ਪਾਲ ਸਿੰਘ, ਅਮੋਲਕ ਸਿੰਘ ਝੀਤਾ, ਭੁਪਿੰਦਰ ਸਿੰਘ ਜੰਡੂ, ਬਿਕਰਮਜੀਤ ਸਿੰਘ ਚੱਗਰ, ਦੀਪੂ ਚੱਗਰ, ਵਿਕਰਮ ਰੂਪਰਾਏ, ਦਫ਼ਤਰ ਇੰਚਾਰਜ ਬਲਵਿੰਦਰ ਸਿੰਘ ਰਤਨ ਤੋਂ ਇਲਾਵਾ ਹਸਪਤਾਲ ਦੇ ਡਾਕਟਰ ਅਤੇ ਸਟਾਫ ਮੈਂਬਰ ਹਾਜ਼ਰ ਸਨ।



## ਵਿਦਿਅਕ ਟੂਰ ਦਾ ਆਯੋਜਨ



**ਆਦਮਪੁਰ (ਪਰਮਜੀਤ ਸਿੰਘ)**- ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਜੀ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ, ਹਰਦਮਨ ਸਿੰਘ ਮਿਨਹਾਸ (ਸਕੱਤਰ,) ਦੇ ਦਿਸ਼ਾ ਨਿਰਦੇਸ਼ ਤਹਿਤ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਇੱਕ ਵਿਦਿਅਕ ਟੂਰ ਦਾ ਆਯੋਜਨ ਕੀਤਾ ਗਿਆ, ਜਿਸ ਤਹਿਤ ਵਿਦਿਆਰਥੀਆਂ ਨੂੰ ਜਲੰਧਰ ਵਿੱਚ ਲੱਗੇ ਗ਼ਦਰੀ ਬਾਬਿਆਂ ਦੇ ਮੇਲੇ ਦਾ ਵਿਖੇ ਲਿਜਾਇਆ ਗਿਆ । ਇਹ ਟੂਰ ਵਿਦਿਆਰਥੀਆਂ ਵਿੱਚ ਦੇਸ਼ਭਗਤੀ ਜਜ਼ਬੇ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਦੇ ਸ਼ੂਰਵੀਰ ਇਤਿਹਾਸ ਨਾਲ ਜਾਣ-ਪਛਾਣ ਕਰਵਾਉਣ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ। ਇਹ ਵਿਦਿਅਕ ਯਾਤਰਾ ਡਾ. ਹਰਪ੍ਰੀਤ ਸਿੰਘ, ਡਾ. ਅਨੀਤਾ ਰਾਣੀ ਤੇ ਡਾ. ਸੁਰਿੰਦਰ ਕੁਮਾਰ ਦੀ ਨਿਗਰਾਨੀ ਹੇਠ ਲਿਜਾਇਆ ਗਿਆ । ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗਦਰ ਲਹਿਰ ਦੇ ਇਤਿਹਾਸਕ ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਇਸ ਗੱਲ 'ਤੇ ਚਰਚਾ ਕੀਤੀ ਕਿ ਕਿਵੇਂ ਗਦਰੀ ਬਾਬਿਆਂ ਨੇ ਭਾਰਤ ਦੀ ਆਜ਼ਾਦੀ ਵਿੱਚ ਆਪਣਾ ਅਮਰ ਯੋਗਦਾਨ ਪਾਇਆ।ਇਸ ਵਿਦਿਅਕ ਟੂਰ ਵਿੱਚ ਹਿਊਮੈਨੀਟੀਜ਼ ਵਿਭਾਗ ਦੇ 40 ਵਿਦਿਆਰਥੀਆਂ ਨੇ ਭਾਗ ਲਿਆ ਅਤੇ ਮੇਲੇ ਵਿੱਚ ਪ੍ਰਦਰਸ਼ਿਤ ਇਤਿਹਾਸਕ ਦਸਤਾਵੇਜ਼ਾਂ, ਚਿੱਤਰਾਂ ਅਤੇ ਵਿਰਸੇ ਨਾਲ ਸੰਬੰਧਿਤ ਪ੍ਰਦਰਸ਼ਨੀਆਂ ਦਾ ਅਧਿਐਨ ਕੀਤਾ।

## ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਨੂੰ ਰੋਕਣ ਸਬੰਧੀ ਜਾਗਰੂਕਤਾ ਸਮੱਗਰੀ ਦੀ ਵੰਡ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਮੁੱਖ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ, ਚੰਡੀਗੜ ਦੇ ਹੁਕਮ ਅਨੁਸਾਰ ਅਤੇ ਹਰਪ੍ਰੀਤ ਸਿੰਘ, ਐੱਸ ਐੱਸ ਪੀ ਵਿਜੀਲੈਂਸ ਬਿਊਰੋ, ਰੇਂਜ ਜਲੰਧਰ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਵਿਜੀਲੈਂਸ ਬਿਊਰੋ, ਯੂਨਿਟ ਕਪੂਰਥਲਾ ਵੱਲੋਂ ਵਿਜੀਲੈਂਸ ਜਾਗਰੂਕ ਹਫਤਾ ਮਨਾਇਆ ਜਾ ਰਿਹਾ ਹੈ। ਜਿਸ ਸਬੰਧੀ ਕਪੂਰਥਲਾ ਸ਼ਹਿਰ ਦੇ ਵੱਖ-2 ਥਾਵਾ (ਬੱਸ ਸਟੈਂਡ, ਸਿਵਲ ਹਸਪਤਾਲ, ਰੇਲਵੇ ਸਟੇਸ਼ਨ, ਬੀ.ਡੀ.ਪੀ.ਓ ਦਫਤਰ, ਥਾਣਾ ਸਿਟੀ ਕਪੂਰਥਲਾ, ਥਾਣਾ ਸਦਰ ਕਪੂਰਥਲਾ, ਆਦਿ) ਵਿੱਖੇ ਭ੍ਰਿਸ਼ਟਾਚਾਰ ਨੂੰ ਰੋਕਣ ਸਬੰਧੀ ਪੋਸਟਰ ਚਿਪਕਾਏ ਗਏ ਅਤੇ ਲੋਕਾ ਵਿੱਚ ਪੰਫਲੇਟ ਵੰਡੇ ਗਏ ਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਸਬੰਧੀ ਜਾਗਰੂਕ ਕੀਤਾ ਗਿਆ। ਲੋਕਾਂ ਨੂੰ ਭ੍ਰਿਸ਼ਟਾਚਾਰ ਸਬੰਧੀ ਸ਼ਿਕਾਇਤ ਲਈ ਪੰਫਲੇਟ 'ਤੇ ਲਿਖੇ ਨੰਬਰਾਂ ਪਰ ਸਪੰਰਕ ਕਰਨ ਲਈ ਕਿਹਾ ਗਿਆ ।



## ਤੁਲਸੀ ਵਿਆਹ ਦਾ ਸ਼ਾਨਦਾਰ ਆਯੋਜਨ

**ਫਗਵਾੜਾ (ਡਾ. ਰਮਨ)**- ਸ਼ਿਵ ਸ਼ਕਤੀ ਮਾਤਾ ਮੰਦਿਰ ਜੋਸ਼ੀਆਂ ਮੁਹੱਲਾ ਵਿਖੇ ਸਾਲਾਨਾ ਤੁਲਸੀ ਵਿਆਹ ਦਾ ਸ਼ਾਨਦਾਰ ਸਮਾਗਮ ਮੰਦਿਰ ਪ੍ਰਬੰਧਨ ਕਮੇਟੀ ਦੇ ਪ੍ਰਧਾਨ ਚੰਚਲ ਸੇਠ ਦੀ ਨਿਗਰਾਨੀ ਹੇਠ ਕਰਵਾਇਆ ਗਿਆ। ਸਮਾਗਮ ਤੋਂ ਦੋ ਦਿਨ ਪਹਿਲਾਂ ਤੁਲਸੀ ਮਾਤਾ ਨੂੰ ਮਹਿੰਦੀ ਰਚਾਈ ਗਈ। ਭਗਵਾਨ ਵਿਸ਼ਨੂੰ (ਸ਼ਾਲੀਗ੍ਰਾਮ) ਨੂੰ ਵੀ ਸ਼ਗੁਨ ਦੀ ਰਸਮ ਨਿਭਾਈ ਗਈ। ਮੰਦਿਰ ਦੀ ਮਹਿਲਾ ਸੰਕੀਰਤਨ ਮੰਡਲੀ ਵਲੋਂ ਭਜਨਾਂ ਅਤੇ ਵਿਆਹ ਦੇ ਗੀਤਾਂ 'ਤੇ ਨੱਚ-ਗਾ ਕੇ ਖੁਸ਼ੀ ਮਨਾਈ ਗਈ। ਫੇਰਿਆਂ ਦੀ ਰਸਮ ਉਪਰੰਤ ਡੋਲੀ ਦੀ ਵਿਦਾਈ ਨਾਲ ਸਮਾਗਮ ਦੀ ਸਮਾਪਤੀ ਹੋਈ। ਸ਼ਰਧਾਲੂਆਂ ਨੇ ਨਤਮਸਤਕ ਹੁੰਦਿਆਂ ਸ਼ਾਲੀਗ੍ਰਾਮ ਅਤੇ ਤੁਲਸੀ ਮਾਤਾ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਦੌਰਾਨ ਲਾਇਨਜ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਨੇ ਮੰਦਿਰ ਵਿਖੇ ਨਤਮਸਤਕ ਹੁੰਦਿਆਂ ਸੰਗਤ ਨੂੰ ਤੁਲਸੀ ਵਿਆਹ ਦੀਆਂ ਸ਼ੁੱਭ ਇੱਛਾਵਾਂ ਭੇਟ ਕੀਤੀਆਂ। ਸ਼ਰਧਾਲੂਆਂ ਲਈ ਪ੍ਰੀਤੀ ਭੋਜ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਕਮੇਟੀ ਚੇਅਰਮੈਨ ਰੁਪਿੰਦਰ ਕੌਰ ਬਸਰਾ, ਖਜ਼ਾਨਚੀ ਕਿੱਟੀ ਬਸਰਾ, ਨੀਲਮ ਗੁਪਤਾ, ਰਮਾ ਰਾਣੀ, ਪੱਲਵੀ, ਸੀਆ, ਸੋਨਾ, ਸੁਮਨ ਉੱਬੀ, ਰੀਮਾ ਧੀਰ, ਜੀਵਨ, ਰਮਾ, ਅਮਿਤਾ, ਊਸ਼ਾ ਰਾਣੀ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ।



## ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਰਤਨ ਦਰਬਾਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਹੇਠ ਸਥਾਨਕ ਬਾਬਾ ਜਵਾਹਰ ਸਿੰਘ ਝੰਡਾ ਵਿਖੇ ਸਮਾਗਮ ਕਰਾਇਆ ਗਿਆ ਜਿੱਥੇ ਗੁਰੂ ਜੀ ਦੇ ਮਹਾਨ ਜੀਵਨ ਅਤੇ ਕੁਰਬਾਨੀ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਗਿਆ। ਸ਼ਹੀਦੀ ਪੁਰਬ ਨੂੰ ਸਮਰਪਿਤ ਕਵੀ ਦਰਬਾਰ ਅਤੇ ਕੀਰਤਨ ਸਮਾਗਮ ਦੌਰਾਨ ਇਲਾਹੀ ਬਾਣੀ ਦੇ ਪਾਠ ਅਤੇ ਕੀਰਤਨ ਕੀਤਾ ਗਿਆ। ਕਵੀ ਦਰਬਾਰ ਵਿਚ ਭਾਈ ਅਵਤਾਰ ਸਿੰਘ ਅਤੇ ਭਾਈ ਰਵਿੰਦਰ ਸਿੰਘ, ਭਾਈ ਜਤਿੰਦਰ ਸਿੰਘ ਅਤੇ ਭਾਈ ਕੁਲਵਿੰਦਰ ਸਿੰਘ ਦੇ ਜੱਥੇ ਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਆਈਆ ਸ਼ਖਸੀਅਤਾਂ ਨੇ ਗੁਰੂ ਜੀ ਦੇ ਜੀਵਨ ਬਾਰੇ ਅਤੇ ਸਿਖਿਆਵਾਂ ਦਾ ਪ੍ਰਚਾਰ-ਪ੍ਰਸਾਰ ਕੀਤਾ ਜਾਵੇ। ਪੰਜਾਬ ਰਾਜ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਦੇ ਵਾਈਸ ਚੇਅਰਮੈਨ ਕੁਲਜੀਤ ਸਿੰਘ ਸਰਹਾਲ ਨੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਆਪਣੇ ਸੰਬੋਧਨ ਵਿਚ ਕਿਹਾ ਕਿ ਗੁਰੂ ਤੇਗ ਬਹਾਦੁਰ ਜੀ ਨੇ ਮਨੁੱਖਤਾ ਦੇ ਭਲੇ ਅਤੇ ਮਨੁੱਖੀ ਹੱਕ-ਹਕੂਕ ਦੀ ਰਾਖੀ ਲਈ ਲਾਸਾਨੀ ਕੁਰਬਾਨੀ ਦਿੱਤੀ ਜਿਸ ਦੀ ਮਿਸਾਲ ਪੂਰੀ ਦੁਨੀਆ ਵਿਚ ਕਿਤੇ ਨਹੀਂ ਮਿਲਦੀ। ਇਸ ਮੌਕੇ ਮਾਰਕੀਟ ਕਮੇਟੀ ਬੰਗਾ ਦੇ ਚੇਅਰਮੈਨ ਬਲਬੀਰ ਕਰਨਾਣਾ, ਐੱਸ ਡੀ ਐੱਮ. ਵਿਪਨ ਭੰਡਾਰੀ, ਡੀ ਐੱਸ ਪੀ ਹਰਜੀਤ ਸਿੰਘ, ਸਰਪੰਚ ਬਲਬੀਰ ਕੌਰ, ਪੰਚ ਰਣਜੀਤ ਸਿੰਘ, ਪੰਚ ਮਹਿੰਦਰ ਪਾਲ, ਪੰਚ ਤਜਿੰਦਰ ਕੁਮਾਰ, ਪੰਚ ਬਖਸ਼ੋ, ਪੰਚ ਕਮਲਜੀਤ ਕੌਰ, ਪੰਚ ਕੁਲਵਿੰਦਰ, ਪੰਚ ਜਤਿੰਦਰ ਕੌਰ, ਲੰਬੜਦਾਰ ਜਸਵਿੰਦਰ ਸਿੰਘ, ਵਪਾਰ ਮੰਡਲ ਤੋਂ ਸਾਗਰ ਅਰੋੜਾ, ਕੁਲਬੀਰ ਪਾਬਲਾ, ਜਸਕੰਵਲ ਸਿੰਘ ਆਦਿ ਵੀ ਮੌਜੂਦ ਸਨ ।



## ਕਰਾਟੇ ਚੈਂਪੀਅਨਸ਼ਿਪ ਕਰਵਾਈ

**ਬੰਗਾ (ਅਵਤਾਰ ਕਲੇਰ)** ਬੀਤੇ ਦਿਨੀ ਬਟਾਲਾ ਵਿਖੇ 'ਇੰਡੀਆ ਓਪਨ 2025 ਇੰਟਰਨੈਸ਼ਨਲ ਕਰਾਟੇ ਚੈਂਪੀਅਨਸ਼ਿਪ' ਕਰਵਾਈ ਗਈਜਿਸ ਵਿੱਚ ਇਲਾਕੇ ਦੇ ਉੱਘੇ ਕਰਾਟੇ ਟਰੇਨਿੰਗ ਸੈਂਟਰ 'ਵੀਰ ਫਾਈਟਰ ਕਰਾਟੇ ਕਲੱਬ ਬੰਗਾ' ਦੇ ਕਰਾਟੇ ਖਿਡਾਰੀਆਂ ਨੇ ਕਰਾਟੇ ਕੋਚ ਰਾਜਵੀਰ ਸਿੰਘ ਕੈਂਥ ਦੀ ਅਗਵਾਈ ਹੇਠ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 4 ਗੋਲਡ, 2 ਸਿਲਵਰ, 3 ਬ੍ਰਾਊਨਸ ਮੈਡਲ ਜਿੱਤ ਕੇ ਆਪਣੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ। ਇੱਕ ਸਮਾਗਮ ਦੌਰਾਨ ਜੇਤੂ ਖਿਡਾਰੀਆਂ ਨੂੰ ਇਲਾਕੇ ਦੀਆਂ ਨਾਮਵਰ ਹਸਤੀਆਂ ਨੇ ਸਨਮਾਨਤ ਕੀਤਾ। ਇੰਟਰਨੈਸ਼ਨਲ ਕਰਾਟੇ ਖਿਡਾਰੀ ਪ੍ਰਭਵੀਰ ਸਿੰਘ ਕੈਂਥ, ਮਨਕੀਰਤ ਕੌਰ ਕੈਂਥ, ਜਸਨੂਰ ਕੌਰ ਤੇ ਮਾਨਵੀਰ ਸਿੰਘ ਨੇ ਗੋਲਡ ਮੈਡਲ, ਸਹਿਜ ਪ੍ਰੀਤ ਕੌਰ ਤੇ ਗੁਰਸੀਰਤ ਕੌਰ ਨੇ ਸਿਲਵਰ ਮੈਡਲ, ਗੁਰਸ਼ਾਨ ਸਿੰਘ, ਏਕਮ ਵੀਰ ਅਤੇ ਕਬੀਰ ਸਿੰਘ ਨੇ ਬਰਾਉਜ ਮੈਡਲ ਜਿੱਤੇ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਕਿਰਪਾਲ ਸਿੰਘ ਝੱਲੀ ਅਤੇ ਤਰਸੇਮ ਸਿੰਘ ਨੋਤਾ ਨੇ ਸਾਂਝੇ ਤੌਰ ਤੇ ਕਿਹਾ ਕਿ ਕਰਾਟੇ ਕਲੱਬ ਦੇ ਪ੍ਰਧਾਨ ਅਤੇ ਕੋਚ ਰਾਜਵੀਰ ਸਿੰਘ ਕੈਂਥ ਖਿਡਾਰੀਆਂ ਨੂੰ ਮਿਹਨਤ ਅਤੇ ਲਗਨ ਨਾਲ ਸਿਖਲਾਈ ਦੇ ਰਹੇ ਹਨ। ਇਹਨਾਂ ਤੋਂ ਟ੍ਰੇਨਿੰਗ ਲੈ ਰਹੇ ਖਿਡਾਰੀ ਨੈਸ਼ਨਲ ਅਤੇ ਇੰਟਰਨੈਸ਼ਨਲ ਪੱਧਰ ਤੇ ਸ਼ਲਾਘਾ ਯੋਗ ਪ੍ਰਦਰਸ਼ਨ ਕਰ ਰਹੇ ਹਨ। ਇਸ ਮੌਕੇ ਇੰਟਰਨੈਸ਼ਨਲ ਪਾਵਰ ਲਿਟਰ ਕੁਲਦੀਪ ਸਿੰਘ ਰਾਣਾ ਨੇ ਕਿਹਾ ਮਾਂ ਬਾਪ ਨੂੰ ਪੜ੍ਹਾਈ ਦੇ ਨਾਲ ਨਾਲ ਆਪਣੇ ਬੱਚਿਆਂ ਨੂੰ ਆਤਮ ਰੱਖਿਆ ਦੀ ਟ੍ਰੇਨਿੰਗ ਵੀ ਦਵਾਉਣੀ ਚਾਹੀਦੀ ਹੈ।ਇਸ ਮੌਕੇ ਅਮਰਦੀਪ ਸਿੰਘ ਯੂ ਐੱਸ ਏ, ਮਨਪ੍ਰੀਤ ਸਿੰਘ, ਨਵਦੀਪ ਸਿੰਘ, ਇੰਦਰਜੀਤ ਸਿੰਘ ਮਾਨ, ਜਸਪਾਲ ਸਿੰਘ, ਡਾਕਟਰ ਹਰੀ ਕ੍ਰਿਸ਼ਨ, ਪੱਤਰਕਾਰ ਧਰਮਵੀਰ ਪਾਲ, ਮਾਸਟਰ ਅਸ਼ੋਕ ਕੁਮਾਰ ਆਦਿ ਹਾਜ਼ਰ ਸਨ।



## ਕੈਬਨਿਟ ਮੰਤਰੀ ਬਰਿੰਦਰ ਗੋਇਲ ਤੇ ਅਸ਼ੋਕ ਕਟਾਰੀਆ ਨੇ ਕੀਤਾ ਚੋਣ ਪ੍ਰਚਾਰ



**ਬਲਾਚੌਰ (ਜਸਵਿੰਦਰ ਬੈਂਸ)**- ਕੈਬਨਿਟ ਮੰਤਰੀ ਬਰਿੰਦਰ ਗੋਇਲ ਦੀ ਅਗਵਾਈ ਹੇਠ ਸੀਨੀਅਰ ਆਗੂ ਆਮ ਆਦਮੀ ਪਾਰਟੀ ਅਸ਼ੋਕ ਕਟਾਰੀਆ ਆਪਣੀ ਟੀਮ ਨਾਲ ਹਲਕਾ ਤਰਨਤਾਰਨ ਦੇ ਪਿੰਡ ਕੋਟ ਧਰਮ ਚੰਦ ਖੁਰਦ ਵਿੱਚ ਪਹੁੰਚੇ।ਇੱਥੇ ਪਿੰਡ ਵਾਸੀਆਂ ਨਾਲ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਵਿਕਾਸ ਕਾਰਜਾਂ ਬਾਰੇ ਵਿਚਾਰ-ਵਟਾਂਦਰਾ ਕੀਤਾ।ਅਸ਼ੋਕ ਕਟਾਰੀਆ ਨੇ ਵੋਟਰਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਵਿੱਚ 'ਆਪ' ਸਰਕਾਰ ਵੱਲੋਂ ਸਿੱਖਿਆ, ਸਿਹਤ, ਅਤੇ ਬਿਜਲੀ ਦੇ ਖੇਤਰ ਵਿੱਚ ਕੀਤੇ ਗਏ ਸੁਧਾਰਾਂ ਬਾਰੇ ਦੱਸਿਆ। ਉਨ੍ਹਾਂ ਨੇ ਵਿਰੋਧੀ ਪਾਰਟੀਆਂ ਨੂੰ ਨਿਸ਼ਾਨਾ ਬਣਾਉਂਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਤਰਨਤਾਰਨ ਦੇ ਵਿਕਾਸ ਨੂੰ ਅਣਗੌਲਿਆ ਕੀਤਾ ਹੈ, ਜਿਸ ਕਾਰਨ ਇੱਥੋਂ ਦੇ ਨੌਜਵਾਨਾਂ ਨੂੰ ਬੇਰੁਜ਼ਗਾਰੀ ਅਤੇ ਨਸ਼ਿਆਂ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਡੋਰ-ਟੂ-ਡੋਰ ਮੁਹਿੰਮ ਦੌਰਾਨ ਕਟਾਰੀਆ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਇਸ ਮੌਕੇ ਕੈਬਨਿਟ ਮੰਤਰੀ ਬੀਰਿੰਦਰ ਗੋਇਲ,ਬਲਾਕ ਪ੍ਰਧਾਨ ਰਨਵੀਰ ਸਿੰਘ ਜੱਟ ਪੁਰ ਅਤੇ ਹਰਪਾਲ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ ਅਤੇ ਕਮਲੇਸ਼ ਚੌਧਰੀ ਆਦਿ ਹਾਜ਼ਰ ਸਨ।

## ਸਰਿਤਾ ਸ਼ਰਮਾ ਨੇ ਤਰਨ ਤਾਰਨ ਵਿਖੇ ਕਾਂਗਰਸ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਜ਼ਿਮਨੀ ਚੋਣਾਂ ਵਿੱਚ ਮੈਂਬਰ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਅਤੇ ਸਾਬਕਾ ਡਾਇਰੈਕਟਰ ਵਾਟਰ ਸਪਲਾਈ ਸੀਵਰੇਜ ਬੋਰਡ (ਕਾਂਗਰਸ ਪਾਰਟੀ) ਨੇ ਦੱਸਿਆ ਕਿ ਜਿੱਥੇ ਕਾਂਗਰਸ ਪ੍ਰਧਾਨ ਜੋਰ ਸ਼ੋਰ ਨਾਲ ਡਟੇ ਹੋਏ ਹਨ, ਓਥੇ ਉਨ੍ਹਾਂ ਵੱਲੋਂ ਲਗਾਏ ਸਭ ਛੋਟੇ ਤੋਂ ਵੱਡੇ ਲੀਡਰ ਪੂਰੀ ਗਰਮਜੋਸ਼ੀ ਨਾਲ ਪ੍ਰਚਾਰ ਕਰ ਰਹੇ ਹਨ । ਮਿਲ ਜੁਲ ਕੇ ਕੀਤੀ ਗਈ ਇਹ ਮਿਹਨਤ ਜਰੂਰ ਰੰਗ ਲਿਆਏਗੀ। ਪੰਜਾਬ ਫੇਰ ਤੋਂ ਤਰੱਕੀ ਅਤੇ ਖੁਸ਼ਹਾਲੀ ਦੀ ਰਾਹ ਤੇ ਵਾਪਿਸ ਆਵੇਗਾ।

## ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਰਤਨ ਦਰਬਾਰ

**ਜ਼ੀਰਕਪੁਰ (ਵਿਨੈ ਕੁਮਾਰ ਜੈਨ)**- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੁਰਦੁਆਰਾ ਸ੍ਰੀ ਸਿੰਘ ਸਭਾ, ਜ਼ੀਰਕਪੁਰ ਵਿਖੇ ਨੌਵੇਂ ਗੁਰੂ, ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ, ਇੱਕ ਰੂਹਾਨੀ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਸ਼ਰਧਾਲੂਆਂ ਅਤੇ ਪਤਵੰਤਿਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ, ਜੋ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਵਿਸ਼ਵਾਸ ਤੇ ਧਰਮ ਦੀ ਆਜ਼ਾਦੀ ਅਤੇ ਮਨੁੱਖਤਾ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਦਿੱਤੇ ਗਏ ਸਰਵਉੱਚ ਬਲੀਦਾਨ ਨੂੰ ਸ਼ਰਧਾਂਜਲੀ ਦੇਣ ਲਈ ਇਕੱਠੇ ਹੋਏ ਸਨ। ਵਿਧਾਇਕ ਡੇਰਾਬੱਸੀ ਕੁਲਜੀਤ ਸਿੰਘ ਰੰਧਾਵਾ ਨੇ ਕੀਰਤਨ ਦਰਬਾਰ ਵਿੱਚ ਸ਼ਿਰਕਤ ਕੀਤੀ ਅਤੇ ਗੁਰੂ ਦੇ ਚਰਨਾਂ ਵਿੱਚ ਸ਼ਰਧਾ ਨਾਲ ਆਪਣਾ ਸਿਰ ਝੁਕਾਇਆ ਤੇ ਸ਼ਾਂਤੀ, ਸਦਭਾਵਨਾ ਅਤੇ ਸਰਬੱਤ ਦੇ ਭਲੇ ਲਈ ਅਸ਼ੀਰਵਾਦ ਮੰਗਿਆ। ਇਸ ਮੌਕੇ ਬੋਲਦਿਆਂ ਸ੍ਰੀ ਰੰਧਾਵਾ ਨੇ ਕਿਹਾ, ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬੇਮਿਸਾਲ ਕੁਰਬਾਨੀ ਪੂਰੀ ਦੁਨੀਆ ਲਈ ਹਿੰਮਤ ਅਤੇ ਧਾਰਮਿਕਤਾ ਦੀ ਇੱਕ ਰੋਸ਼ਨੀ ਵਾਂਗ ਹੈ। ਪ੍ਰੋਗਰਾਮ ਦੇ ਅਧਿਆਤਮਿਕ ਮਾਹੌਲ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਸ਼ੌਕੀਨ ਸਿੰਘ ਅਤੇ ਪਟਿਆਲਾ ਦੇ ਭਾਈ ਬੇਅੰਤ ਸਿੰਘ ਜੀ ਦੁਆਰਾ ਪੇਸ਼ ਕੀਤੇ ਗਏ ਸੁਰੀਲੇ ਗੁਰਬਾਣੀ ਕੀਰਤਨ ਦੁਆਰਾ ਅੱਗੇ ਵਧਾਇਆ ਗਿਆ, ਜਿਨ੍ਹਾਂ ਨੇ ਸੰਗਤ ਨੂੰ ਗੁਰਬਾਣੀ ਅਤੇ ਗਿਆਨ ਭਰਪੂਰ ਕਥਾ ਨਾਲ ਨਿਹਾਲ ਕੀਤਾ।ਸਵੇਰੇ 10:00 ਵਜੇ ਤੋਂ ਦੁਪਹਿਰ 12:30 ਵਜੇ ਤੱਕ ਆਯੋਜਿਤ ਕੀਤੇ ਗਏ ਇਸ ਕੀਰਤਨ ਦਰਬਾਰ ਵਿੱਚ ਐੱਸ ਡੀ ਐੱਮ ਡੇਰਾਬੱਸੀ ਅਮਿਤ ਗੁਪਤਾ, ਸਥਾਨਕ ਪਤਵੰਤੇ ਅਤੇ ਇਲਾਕੇ ਭਰ ਤੋਂ ਵੱਡੀ ਗਿਣਤੀ 'ਚ ਸ਼ਰਧਾਲੂਆਂ ਨੇ ਸਰਬੱਤ ਦੇ ਭਲੇ ਲਈ ਸਮੂਹਿਕ ਅਰਦਾਸ ਵਿੱਚ ਹਿੱਸਾ ਲਿਆ।



## ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਪ੍ਰਾਇਮਰੀ ਖੇਡਾਂ ਦੀ ਸ਼ੁਰੂਆਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇੱਥੋਂ ਦੇ ਸ੍ਰੀ ਦਸ਼ਮੇਸ਼ ਮਾਰਸ਼ਲ ਆਰਟਸ ਅਕੈਡਮੀ ਵਿਖੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਤਿੰਨ ਰੋਜ਼ਾ ਜ਼ਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ ਦਾ ਸ਼ਾਨਦਾਰ ਅਗਾਜ ਹੋ ਗਿਆ। ਜਿਨ੍ਹਾਂ ਦੀ ਸ਼ੁਰੂਆਤ ਜਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਸ਼ਮਸ਼ੇਰ ਸਿੰਘ ਵੱਲੋਂ ਮਾਰਚ ਪਾਸਟ ਦੀ ਸਲਾਮੀ ਤੋਂ ਬਾਅਦ ਕੀਤਾ ਗਿਆ। ਜਦੋਂਕਿ ਉਪ ਜਿਲ੍ਹਾ ਸਿੱਖਿਆ ਅਫਸਰ ਰੰਜਨਾ ਕਟਿਆਲ ਅਤੇ ਸੇਵਾਮੁਕਤ ਪ੍ਰਿੰਸੀਪਲ ਨਿਰੰਜਣ ਸਿੰਘ ਰਾਣਾ ਵਿਸ਼ੇਸ਼ ਤੌਰ ਤੇ ਹਾਜਰ ਸਨ। ਜ਼ਿਲ੍ਹਾ ਸਿੱਖਿਆ ਅਫਸਰ ਸ਼ਮਸ਼ੇਰ ਸਿੰਘ ਨੇ ਬੋਲਦਿਆਂ ਕਿਹਾ ਕਿ ਖੇਡਾਂ ਦਾ ਮਨੁੱਖੀ ਜੀਵਨ ਵਿੱਚ ਬਹੁਤ ਵੱਡਾ ਰੋਲ ਹੈ। ਉਪ ਜ਼ਿਲ੍ਹਾ ਸਿੱਖਿਆ ਅਫਸਰ ਰੰਜਨਾ ਕਟਿਆਲ ਨੇ ਦੱਸਿਆ ਕਿ 100 ਮੀਟਰ ਕੁੜੀਆਂ ਦੇ ਮੁਕਾਬਲੇ ਵਿੱਚ ਸਿਮਰਨ ਕੁਮਾਰੀ ਨੇ ਪਹਿਲਾ, ਸਿਮਰਨ ਕੌਰ ਨੇ ਦੂਜਾ ਅਤੇ ਸੰਜਨਾਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। 600 ਮੀਟਰ ਲੜਕਿਆਂ ਦੇ ਮੁਕਾਬਲੇ ਵਿੱਚ ਨਵਜੋਤ ਸਿੰਘ ਨੇ ਪਹਿਲਾ, ਸਮਰਪ੍ਰੀਤ ਸਿੰਘ ਨੇ ਦੂਜਾ ਤੇ ਗੁਰਵਿੰਦਰ ਨੇ ਤੀਜਾ, ਜ਼ਦੋਂਕਿ ਕਿ ਕੁੜੀਆਂ ਵਿੱਚ ਰੀਆ ਨੇ ਪਹਿਲਾ, ਸਮੀਨਾ ਨੇ ਦੂਜਾ ਅਤੇ ਸਿਮਰਨ ਨੇ ਤੀਜਾ ਸਥਾਨ ਹਾਸਲ ਕੀਤਾ। ਮੰਚ ਸੰਚਾਲਣ ਦੀ ਸੇਵਾ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਮਨਜੀਤ ਸਿੰਘ ਮਾਵੀ ਨੇ ਕੀਤੀ। ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਰਕੇਸ਼ ਕੁਮਾਰ ਰੋੜੀ, ਇੰਦਰਪਾਲ ਸਿੰਘ ਸੈਣੀ, ਦਵਿੰਦਰਪਾਲ ਸਿੰਘ ਬੇਦੀ, ਗੁਰਚਰਨ ਸਿੰਘ ਆਹਲੋਵਾਲ, ਮਨਿੰਦਰ ਰਾਣਾ, ਕੁਲਦੀਪ ਪਰਮਾਰ, ਅਮਰਜੀਤ ਸਿੰਘ ਧਾਰਨੀ, ਦਵਿੰਦਰ ਪਾਵਲਾ, ਹਰਜੀਤ ਸੈਣੀ, ਅਮਰਜੀਤ ਸੈਣੀ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।

## ਵਿਸ਼ਵ ਇੰਟਰਨੈੱਟ ਦਿਵਸ ਮਨਾਇਆ

**ਗੁਰਾਇਆ (ਬਿੰਦਰ ਸੁੰਮਨ)**- ਐੱਸ ਟੀ ਐੱਸ ਵਰਲਡ ਸਕੂਲ ਨੇ ਵਿਸ਼ਵ ਇੰਟਰਨੈੱਟ ਦਿਵਸ ਮਨਾਉਣ ਲਈ ਇੱਕ ਗਿਆਨਵਾਨ ਵਿਸ਼ੇਸ਼ ਅਸੈਂਬਲੀ ਦੀ ਮੇਜ਼ਬਾਨੀ ਕੀਤੀ, ਜਿਸਦੀ ਅਗਵਾਈ ਗ੍ਰੇਡ ਪੰਜਵੀਂ ਬੀ ਦੇ ਗਤੀਸ਼ੀਲ ਵਿਦਿਆਰਥੀਆਂ ਨੇ ਆਪਣੇ ਗ੍ਰੇਡ ਇੰਚਾਰਜ, ਅਮਨਦੀਪ ਦੇ ਮਾਹਰ ਮਾਰਗਦਰਸ਼ਨ ਹੇਠ ਕੀਤੀ। ਇਸ ਸਮਾਗਮ ਦੀ ਸ਼ੁਰੂਆਤ ਨਵਨੀਤ ਸਿੰਘ ਅਤੇ ਪ੍ਰਤਿਮਾ ਦੁਆਰਾ ਸੰਜੀਦਾ ਅਤੇ ਸਹਿਜ ਤੁਲਨਾ ਨਾਲ ਹੋਈ, ਜਿਸ ਨੇ ਇੱਕ ਊਰਜਾਵਾਨ ਸੁਰ ਸਥਾਪਤ ਕੀਤੀ। ਗੁਰਜੋਤ ਸਿੰਘ ਨੇ ਦਿਨ ਦੇ ਵਿਚਾਰ ਸਾਂਝੇ ਕੀਤੇ, ਇੰਟਰਨੈੱਟ ਨੂੰ ਬੁੱਧੀ ਅਤੇ ਜ਼ਿੰਮੇਵਾਰੀ ਨਾਲ ਵਰਤਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਸਹਿਜਪ੍ਰੀਤ ਨੇ ਦਿਨ ਦੇ ਸ਼ਬਦਾਵਲੀ ਸ਼ਬਦ ਦੀ ਸ਼ੁਰੂਆਤ ਕਰਕੇ, ਭਾਸ਼ਾਈ ਮੁਹਾਰਤ ਨੂੰ ਵਧਾ ਕੇ, ਇਕੱਠ ਨੂੰ ਅਮੀਰ ਬਣਾਇਆ, ਜਦ ਕਿ ਹਰਕੀਰਤ ਨੇ ਨਵੀਨਤਮ ਖ਼ਬਰਾਂ ਦੀਆਂ ਸੁਰਖੀਆਂ ਦਿੱਤੀਆਂ। ਅੰਸ਼ੁਮਨ ਨੇ ਆਧੁਨਿਕ ਯੁੱਗ ਵਿੱਚ ਇੰਟਰਨੈੱਟ ਦੀ ਮਹੱਤਵਪੂਰਨ ਭੂਮਿਕਾ 'ਤੇ ਇੱਕ ਡੂੰਘੀ ਭਾਸ਼ਣ ਨਾਲ ਸਭਾ ਨੂੰ ਮੋਹਿਤ ਕੀਤਾ। ਜ਼ਰੂਰੀ ਸੁਰੱਖਿਆ ਉਪਾਵਾਂ ਨਾਲ ਇਸ ਦੇ ਪਰਿਵਰਤਨਸ਼ੀਲ ਫਾਇਦਿਆਂ ਨੂੰ ਸਪਸ਼ਟ ਤੌਰ 'ਤੇ ਸੰਤੁਲਿਤ ਕੀਤਾ। ਵਿਦਿਆਰਥੀਆਂ ਨੇ ਫਿਰ ਇੱਕ ਦਿਲਚਸਪ ਸਕਿੱਟ ਅਤੇ ਇੱਕ ਭਾਵੁਕ ਮਾਈਮ ਪ੍ਰਦਰਸ਼ਨ ਦੁਆਰਾ ਆਪਣੀ ਕਲਾਤਮਕ ਪ੍ਰਤਿਭਾ ਨਾਲ ਮੋਹਿਤ ਕੀਤਾ, ਜਿਸ ਵਿੱਚ 'ਸੁਰੱਖਿਅਤ ਇੰਟਰਨੈੱਟ ਵਰਤੋਂ' ਦੇ ਥੀਮ ਨੂੰ ਰਚਨਾਤਮਕ ਅਤੇ ਸੋਚ-ਉਕਸਾਉਣ ਵਾਲੇ ਤਰੀਕੇ ਨਾਲ ਦਰਸਾਇਆ ਗਿਆ। ਅਸੈਂਬਲੀ ਪ੍ਰਿੰਸੀਪਲ ਸ਼੍ਰੀਮਤੀ ਪ੍ਰਭਜੋਤ ਗਿੱਲ ਵੱਲੋਂ ਦਿਲੋਂ ਪ੍ਰਸ਼ੰਸਾ ਦੇ ਨਾਲ ਸਮਾਪਤ ਹੋਈ ਜਿਨ੍ਹਾਂ ਨੇ ਵਿਦਿਆਰਥੀਆਂ ਦੇ ਸੰਜਮ, ਬੋਲਣ ਦੀ ਭਾਵਨਾ ਅਤੇ ਸਹਿਯੋਗੀ ਭਾਵਨਾ ਦੀ ਸ਼ਲਾਘਾ ਕੀਤੀ।



4-NOV-PAGE-1.qxd 11/3/2025 10:35 PM Page 2



## ਸ੍ਰੀ ਰਾਮ ਕਾਲਜ ਡੱਲਾ ਦਾ ਯੁਵਕ ਤੇ ਵਿਰਾਸਤੀ ਮੇਲੇ 'ਚ ਸ਼ਾਨਦਾਰ ਪ੍ਰਦਰਸ਼ਨ



**ਹਠੂਰ (ਨਛੱਤਰ ਸੰਧੂ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਮੋਗਾ-ਫਿਰੋਜ਼ਪੁਰ ਜ਼ੋਨ-3 ਦਾ ਯੁਵਕ ਤੇ ਵਿਰਾਸਤੀ ਮੇਲਾ (ਚਾਰ ਰੋਜ਼ਾ) ਗੁਰੂ ਨਾਨਕ ਕਾਲਜ ਮੋਗਾ ਵਿਖੇ ਸੰਪੰਨ ਹੋਇਆ।ਸ੍ਰੀ ਰਾਮ ਕਾਲਜ ਡੱਲਾ ਦੇ ਪ੍ਰਤੀਭਾਗੀਆਂ ਨੇ ਇਸ ਮੇਲੇ ਵਿੱਚ ਵੱਖ ਵੱਖ ਮੁਕਾਬਲਿਆਂ 'ਚ ਭਾਗ ਲਿਆ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰਭਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਖੁਸ਼ੀਆਂ ਲੈ ਕੇ ਆਉਂਦੀ ਹੈ।ਜਜ਼ਬਾ ਤੇ ਸਿਰੜ ਹੋਰ ਬਿਹਤਰ ਕਰਨ ਲਈ ਪ੍ਰੇਰਿਤ ਕਰਦਾ ਹੈ।ਇਸ ਮੌਕੇ ਮੇਲੇ ਦੇ ਕੰਟੀਨਜੈਂਟ ਇੰਚਾਰਜ ਪ੍ਰੋ. ਸਤਵਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਵਿਦਿਆਰਥੀਆਂ ਦੀ ਮਿਹਨਤ ਸਦਕਾ ਕਾਲਜ ਯੁਵਕ ਤੇ ਵਿਰਾਸਤੀ ਮੇਲੇ ਵਿੱਚ ਡਰਾਮੇ ਵਿੱਚੋਂ ਪਹਿਲਾ ਸਥਾਨ (ਵਿਅਕਤੀਗਤ) ਗੁਰਵੀਰ ਸਿੰਘ ਨੇ ਪ੍ਰਾਪਤ ਕੀਤਾ।ਵਿਦਿਆਰਥਣ ਹਰਪ੍ਰੀਤ ਕੌਰ ਨੇ ਪ੍ਰਾਪਤ ਕੀਤਾ।ਰਵਾਇਤੀ ਗੀਤ ਵਿੱਚੋਂ ਤੀਜਾ ਸਥਾਨ (ਬਰੈਕਟ) ਵਿਦਿਆਰਥਣਾਂ ਕਿਰਨਜੀਤ ਕੌਰ, ਅਮਨਦੀਪ ਕੌਰ, ਰਵਨੀਤ ਕੌਰ, ਬੇਅੰਤ ਕੌਰ, ਅਨਮੋਲ ਪ੍ਰੀਤ ਕੌਰ ਤੇ ਸੰਦੀਪ ਕੌਰ ਨੇ ਪ੍ਰਾਪਤ ਕੀਤਾ।ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸ੍ਰੀ ਦੇਵੀ ਚੰਦ ਸ਼ਰਮਾ, ਮੈਂਬਰ ਅਵਤਾਰ ਸਿੰਘ, ਮਾਸਟਰ ਭਗਵੰਤ ਸਿੰਘ, ਕਿਰਨਜੀਤ ਸਿੰਘ ਨੇ ਜੇਤੂ ਵਿਦਿਆਰਥੀਆਂ ਦੇ ਇੰਚਾਰਜ ਡਾ. ਪਰਮਿੰਦਰ ਕੌਰ, ਪ੍ਰੋ. ਹਰਪ੍ਰੀਤ ਕੌਰ ਤੇ ਪ੍ਰੋਫੈਸਰ ਰਮਨਜੀਤ ਕੌਰ ਨੂੰ ਵਧਾਈਆਂ ਦਿੱਤੀਆਂ।ਇਸ ਮੌਕੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਵਿੱਚ ਉਤਸ਼ਾਹ ਸੀ।

## ਸ਼ਹੀਦੀ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ 9 ਨੂੰ

**ਧੂਰੀ (ਮਨੋਹਰ ਸਿੰਘ ਸੱਗੂ)**-ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਪਿੰਡ ਰਾਜੋਮਾਜਰਾ ਦੀ ਪ੍ਰਬੰਧਕ ਕਮੇਟੀ ਵੱਲੋਂ ਸੁਖਮਨੀ ਸਾਹਿਬ ਸੇਵਾ ਸੁਸਾਇਟੀ (ਬੀਬੀਆਂ), ਨਗਰ ਪੰਚਾਇਤ, ਕਲੱਬਾਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 9 ਨਵੰਬਰ ਨੂੰ ਨੌਂਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ।ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਵਰਕਿੰਗ ਕਮੇਟੀ ਮੈਂਬਰ ਵਾਸਦੇਵ ਸਿੰਘ ਭੁੱਲਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੀਰਤਨ 9 ਨਵੰਬਰ ਨੂੰ ਸਵੇਰੇ ਪਿੰਡ ਦੇ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਤੋਂ ਆਰੰਭ ਹੋ ਕੇ ਪਿੰਡ ਰਣੀਕੇ, ਮੁਲੋਵਾਲ, ਸੁਲਤਾਨਪੁਰ, ਸੇਖਾ, ਬਰਨਾਲਾ ਹੁੰਦਾ ਹੋਇਆ ਗੁਰਦੁਆਰਾ ਅੜੀਸਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਬਡਬਰ, ਮਸਤੂਆਣਾ ਸਾਹਿਬ, ਚੰਗਾਲ, ਪੁੰਨਾਵਾਲ ਤੇ ਪੇਧਨੀ ਕਲਾਂ ਹੁੰਦਾ ਹੋਇਆ ਵਾਪਸ ਪਿੰਡ ਰਾਜੋਮਾਜਰਾ ਦੇ ਗੁਰੂ ਘਰ ਵਿਖੇ ਪੁੱਜ ਕੇ ਸੰਪੂਰਨ ਹੋਵੇਗਾ।

# ਸਰਕਾਰ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਨਾਲ ਕੀਤਾ ਵਾਅਦਾ ਕਰੇ ਪੂਰਾ : ਗੋਇਲ



**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਜ਼ਿਲ੍ਹਾ ਮਾਨਸਾ ਬਲਾਕ ਭੀਖੀ ਮਾਨਸਾ ਦੀ ਮੀਟਿੰਗ ਪ੍ਰਧਾਨ ਡਾ. ਗੁਰਪ੍ਰੀਤ ਸਿੰਘ ਭੈਣੀ ਬਾਘਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਸਕੱਤਰ ਡਾ. ਸਿਮਰਜੀਤ ਸਿੰਘ ਗਾਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਦੀ ਸ਼ੁਰੂਆਤ ਕਰਦਿਆਂ ਹਾਜ਼ਰੀਨ ਦਾ ਸਵਾਗਤ ਕੀਤਾ ਗਿਆ।ਹਾਜ਼ਰ ਆਗੂਆਂ ਤੇ ਸਰਗਰਮ ਕਾਰਕੁੰਨਾ ਵੱਲੋਂ ਮੌਜੂਦਾ ਹਾਲਤਾਂ ਬਾਰੇ ਵਿਚਾਰ ਵਟਾਂਦਰਾ ਕਰਦਿਆਂ ਚੋਰੀਆਂ ਲੁੱਟਾਂ-ਖੋਹਾਂ ਤੇ ਗੈਂਗਸਟਰਾਂ ਵੱਲੋਂ ਕੀਤੀਆਂ ਜਾ ਰਹੀਆਂ ਵਾਰਦਾਤਾਂ ਦੀ ਨਿੰਦਾ ਕੀਤੀ।ਇਸ ਤੋਂ ਇਲਾਵਾ ਪ੍ਰੈਕਟਿਸ ਸਬੰਧੀ ਆ ਰਹੀਆਂ ਮੁਸ਼ਕਲਾਂ ਦਾ ਜ਼ਿਕਰ ਕਰਦਿਆਂ ਆਗੂਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਐਸੋਸੀਏਸ਼ਨ ਦੇ ਬੈਜ ਤੇ ਮੈਂਬਰਸ਼ਿਪ ਸਰਟੀਫਿਕੇਟ ਵੀ ਵੰਡੇ ਗਏ।ਜਥੇਬੰਦਕ ਸਿੱਖਿਆ, ਭਰਾਤਰੀ ਸਾਂਝ ਤੇ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਦੀ ਮਾਨਤਾ ਸਬੰਧੀ ਸੂਬਾਈ ਫੈਸਲੇ ਅਨੁਸਾਰ ਜਥੇਬੰਦਕ ਕਨਵੈਨਸ਼ਨਾਂ ਦਾ ਸਿਲਸਿਲਾ ਬਾਦਸਤੂਰ ਜਾਰੀ ਹੈ।ਸਤਾਧਿਰ ਵੱਲੋਂ ਵਿਧਾਨ ਸਭਾ ਚੋਣਾਂ ਸਮੇਂ ਤੋਂ ਸੂਬਾਈ ਟੀਮ ਨਾਲ ਪੈਨਲ ਮੀਟਿੰਗ ਵਿੱਚ ਵਿਚਾਰ ਵਟਾਂਦਰੇ ਬਾਅਦ ਸ਼ਾਰਟ ਟਰਮ ਟ੍ਰੇਨਿੰਗ ਕਰਵਾ ਕੇ ਮਾਨਤਾ ਦੇਣ ਦੇ ਕੀਤੇ ਵਾਅਦੇ ਨੂੰ ਕਾਨੂੰਨੀ ਅੜਚਨਾਂ ਦਾ ਹਵਾਲਾ ਦੇ ਕੇ ਲਟਕਾਇਆ ਜਾ ਰਿਹਾ ਹੈ, ਜੋ ਕਿ ਸਹਿਣਯੋਗ ਨਹੀਂ ਹੈ। ਇਸ ਲਈ ਮੈਡੀਕਲ ਪ੍ਰੈਕਟੀਸ਼ਨਰਾਂ ਵਿੱਚ ਸਰਕਾਰ ਦੇ ਇਸ ਰਵੱਈਏ ਪ੍ਰਤੀ ਭਾਰੀ ਰੋਹ ਪਾਇਆ ਜਾ ਰਿਹਾ ਹੈ। ਜੇਕਰ ਕੀਤੇ ਵਾਅਦੇ ਅਨੁਸਾਰ ਟ੍ਰੇਨਿੰਗ ਦੇ ਕੇ ਮਾਨਤਾ ਦੇਣ ਦਾ ਕੀਤਾ ਵਾਅਦਾ ਜਲਦੀ ਪੂਰਾ ਨਾ ਕੀਤਾ ਤਾਂ ਹੋ ਰਹੀ ਜ਼ਿਮਨੀ ਚੋਣ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਖਮਿਆਜ਼ਾ ਭੁਗਤਣ ਲਈ ਤਿਆਰ ਰਹੇ।ਡਾ. ਨਿਰਮਲ ਸਿੰਘ ਰਾਏਪੁਰ, ਡਾ. ਕੁਲਦੀਪ ਸਿੰਘ ਖਿਆਲਾ, ਡਾ. ਬੂਟਾ ਸਿੰਘ ਤੇ ਡਾ. ਰਨਵੀਰ ਸਿੰਘ ਨੂੰ ਸਰਬਸੰਮਤੀ ਨਾਲ ਕਾਰਜਕਾਰਨੀ ਕਮੇਟੀ ਲਈ ਨਿਯੁਕਤ ਕੀਤਾ ਗਿਆ।ਇਸ ਸਮੇਂ ਸਕੱਤਰ ਡਾ. ਰਣਬੀਰ ਸਿੰਘ, ਚੇਅਰਮੈਨ ਵੈਦ ਗੁਰਨਾਮ ਸਿੰਘ ਕੋਟੜਾ, ਕੈਸ਼ੀਅਰ ਵੈਦ ਅਮਰੀਕ ਸਿੰਘ, ਸੀਨੀਅਰ ਵਾਇਸ ਪ੍ਰਧਾਨ ਡਾ. ਅਜਮੇਰ ਸਿੰਘ ਤੇ ਡਾ. ਮਨੋਜ ਖਿਆਲਾ, ਮੁੱਖ ਸਲਾਹਕਾਰ ਡਾ. ਸੁਧੀਰ ਚਿਲਾਣਾ, ਡਾ. ਗੁਰਮੇਲ ਸਿੰਘ, ਡਾ. ਜਗਸੀਰ ਸਿੰਘ, ਡਾ. ਸ਼ਿੰਗਾਰਾ ਸਿੰਘ ਆਦਿ ਸਾਥੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਪ੍ਰੈੱਸ ਸਕੱਤਰ ਡਾ. ਗੁਰਪ੍ਰੀਤ ਕੋਟ ਵੱਲੋਂ ਬਾਖੂਬੀ ਨਿਭਾਈ ਗਈ।

## ਮਨ ਹੀ ਜ਼ਿੰਦਗੀ ਦੀ ਦਿਸ਼ਾ ਤੈਅ ਕਰਦਾ ਹੈ : ਅਸ਼ਵਨੀ ਗਰਗ

**ਕੁੱਝ ਸਮਾਂ ਆਪਣੇ ਆਪ ਭਾਵ ਕੁਦਰਤ ਨਾਲ ਬਿਤਾਓ : ਅਮਿਤ ਮਿੱਤਲ**



**ਜੈਤੋ (ਸਤੀਸ਼ ਕੁਮਾਰ ਭੀਗੀ)**-ਰੁਝੇਵਿਆਂ ਭਰੀ ਜ਼ਿੰਦਗੀ ਵਿੱਚੋਂ ਕੁਝ ਫੁਰਸਤ ਦੇ ਪਲਾਂ ਨੂੰ ਸਾਰਥਿਕ ਕਰਦੇ ਹੋਏ ਸਵਾਮੀ ਵਿਵੇਕਾਨੰਦ ਗਰੁੱਪ ਆਫ ਇਨਸਟੀਚਿਊਸ਼ਨਜ਼ ਬਨੂੰੜ ਦੇ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਤੇ ਫੌਜਦਾਰੀ ਕੇਸਾਂ ਦੇ ਨਾਮਵਰ ਐਡਵੋਕੇਟ ਅਮਿਤ ਮਿੱਤਲ ਗੋਲਡੂ ਨੇ ਆਪਣੇ ਨਜ਼ਦੀਕੀ ਦੋਸਤਾਂ ਨਾਲ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਜਿਸ ਤਰ੍ਹਾਂ ਮੋਬਾਈਲ ਜਾਂ ਲੈਪਟਾਪ ਲਗਾਤਾਰ ਵਰਤੋਂ ਤੋਂ ਬਾਅਦ ਆਪਣਾ ਚਾਰਜ ਗੁਆ ਦਿੰਦਾ ਹੈ ਅਤੇ ਚਾਰਜ ਕੀਤੇ ਬਿਨਾਂ ਸਹੀ ਢੰਗ ਨਾਲ ਕੰਮ ਨਹੀਂ ਕਰਦਾ, ਉਸੇ ਤਰ੍ਹਾਂ ਸਾਡਾ ਮਨ ਵੀ ਲਗਾਤਾਰ ਸੋਚਣ ਕਾਰਨ ਥੱਕ ਜਾਂਦਾ ਹੈ।ਅਸੀਂ ਹਰ ਰੋਜ਼ ਬਹੁਤ ਸਾਰੇ ਵਿਚਾਰਾਂ, ਭਾਵਨਾਵਾਂ ਤੇ ਸਥਿਤੀਆਂ ਵਿੱਚੋਂ ਲੰਘਦੇ ਹਾਂ, ਕੁਝ ਸਾਨੂੰ ਖੁਸ਼ ਕਰਦੇ ਹਨ, ਕੁਝ ਪ੍ਰੇਸ਼ਾਨ ਕਰਦੇ ਹਨ। ਹੌਲੀ-ਹੌਲੀ ਸਾਡੀ ਮਾਨਸਿਕ ਊਰਜਾ ਘੱਟ ਜਾਂਦੀ ਹੈ ਤੇ ਅਸੀਂ ਆਸਾਨੀ ਨਾਲ ਚਿੜਚਿੜੇ ਹੋ ਜਾਂਦੇ ਹਾਂ, ਸਪੱਸ਼ਟ ਫੈਸਲੇ ਲੈਣ ਵਿੱਚ ਅਸਮਰੱਥ ਹੋ ਜਾਂਦੇ ਹਾਂ ਤੇ ਛੋਟੀਆਂ-ਛੋਟੀਆਂ ਗੱਲਾਂ ਤੋਂ ਪ੍ਰੇਸ਼ਾਨ ਹੋ ਜਾਂਦੇ ਹਾਂ।ਅਸ਼ਵਨੀ ਗਰਗ ਨੇ ਕਿਹਾ ਕਿ ਇਸ ਲਈ ਇਹ ਜ਼ਰੂਰੀ ਹੈ ਕਿ ਅਸੀਂ ਸਮੇਂ-ਸਮੇਂ 'ਤੇ ਆਪਣੇ ਮਨ ਨੂੰ 'ਰੀਚਾਰਜ' ਕਰੀਏ।ਰੀਚਾਰਜ ਕਰਨ ਦਾ ਮਤਲਬ ਹੈ ਅੰਦਰ ਵਾਪਸ ਆਉਣਾ, ਕੁਝ ਪਲਾਂ ਲਈ ਚੁੱਪ ਬੈਠਣਾ, ਆਪਣੇ ਆਪ ਨੂੰ ਆਤਮਾਵਾਂ ਵਜੋਂ ਕਲਪਨਾ ਕਰਨਾ ਤੇ ਪਰਮ ਪੁਰਖ ਦੀ ਯਾਦ ਦੁਆਰਾ ਆਪਣੇ ਆਪ ਨੂੰ ਸ਼ਾਂਤੀ, ਤਾਕਤ ਤੇ ਪਿਆਰ ਨਾਲ ਭਰਨਾ।ਇਸ ਮੌਕੇ ਬੋਲਦਿਆਂ ਐਡਵੋਕੇਟ ਅਮਿਤ ਮਿੱਤਲ ਗੋਲਡੂ ਨੇ ਆਪਣੇ ਮਨ ਨੂੰ ਰੀਚਾਰਜ ਕਰਨ ਦੇ ਕੁਝ ਆਸਾਨ ਤਰੀਕੇ ਸਾਂਝੇ ਕੀਤੇ ਤੇ ਕਿਹਾ ਕਿ ਕੁਝ ਮਿੰਟਾਂ ਲਈ ਚੁੱਪਚਾਪ ਬੈਠੋ, ਡੂੰਘਾ ਸਾਹ ਲਓ। ਸਕਾਰਾਤਮਕ ਜਾਂ ਸ਼ੁਭ ਵਿਚਾਰਾਂ 'ਤੇ ਧਿਆਨ ਕੇਂਦਰਤ ਕਰੋ।ਕੁਦਰਤ ਨਾਲ ਕੁਝ ਸਮਾਂ ਬਿਤਾਓ, ਕੁਝ ਸਮੇਂ ਲਈ ਮੋਬਾਈਲ ਤੇ ਕੰਮ ਤੋਂ ਦੂਰ ਰਹਿਣਾ ਭਾਵ 'ਆਪਣੇ ਆਪ ਨਾਲ' ਰਹਿਣਾ।ਸ਼ੁਕਰਗੁਜ਼ਾਰੀ ਦਾ ਅਭਿਆਸ ਕਰਨਾ ਤੁਹਾਡੇ ਕੋਲ ਜੋ ਹੈ ਉਸ ਲਈ ਪ੍ਰਮਾਤਮਾ ਦਾ ਧੰਨਵਾਦ ਕਰਨਾ।ਇਸ ਨਾਲ ਜੋਸ਼ ਦੁਬਾਰਾ ਜ਼ਿੰਦਗੀ ਵਿੱਚ ਵਾਪਸ ਆ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਲਈ ਆਪਣੇ ਮਨ ਦਾ ਧਿਆਨ ਰੱਖੋ, ਕਿਉਂਕਿ ਮਨ ਹੀ ਜ਼ਿੰਦਗੀ ਦੀ ਦਿਸ਼ਾ ਤੈਅ ਕਰਦਾ ਹੈ।

## ਪੀ ਜੀ ਆਈ ਵੱਲੋਂ ਏਸ਼ੀਆ-ਪੈਸੀਫਿਕ ਡਰਮੈਟੋਲੋਜੀ ਕਾਨਫਰੰਸ




**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਡਰਮੈਟੋਲੋਜੀ, ਵੀਨੇਰੀਓਲੋਜੀ ਤੇ ਲੈਪ੍ਰੋਲੋਜੀ ਵਿਭਾਗ ਵੱਲੋਂ 17ਵੀਂ ਤਿੰਨ ਰੋਜ਼ਾ ਏਸ਼ੀਆ-ਪੈਸਿਫਿਕ ਐਨਵਾਇਰਨਮੈਂਟਲ ਐਂਡ ਆਕਿਊਪੇਸ਼ਨਲ ਡਰਮੈਟੋਲੋਜੀ ਗਰੁੱਪ ਕਾਨਫਰੰਸ ਦਾ ਸਫਲ ਆਯੋਜਨ ਕੀਤਾ ਗਿਆ, ਜਿਸ ਵਿੱਚ ਭਾਰਤ ਤੇ ਵਿਦੇਸ਼ਾਂ ਦੇ ਪ੍ਰਮੁੱਖ ਚਮੜੀ ਰੋਗ ਵਿਦਵਾਨਾਂ ਨੇ ਹਿੱਸਾ ਲਿਆ।ਸਮਾਗਮ ਦੌਰਾਨ ਕਾਂਟੈਕਟ ਡਰਮੈਟਾਈਟਿਸ, ਪੈਚ ਟੈਸਟਿੰਗ ਅਤੇ ਵਾਤਾਵਰਣਕ ਤੇ ਪੇਸ਼ਾਵਰ ਚਮੜੀ ਰੋਗਾਂ ਸਬੰਧੀ ਨਵੇਂ ਖੋਜ ਪੱਖਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਕਾਨਫਰੰਸ ਦੀ ਅਗਵਾਈ ਪ੍ਰੋ. ਸੰਜੀਵ ਹਾਂਡਾ ਪ੍ਰਧਾਨ, ਪ੍ਰੋ. ਦਿਪਾਂਕਰ ਡੇ ਵਿਗਿਆਨਕ ਚੇਅਰਪਰਸਨ, ਡਾ. ਰਾਹੁਲ ਮਹਾਜਨ ਆਰਗੇਨਾਈਜ਼ਿੰਗ ਸੈਕਟਰੀ ਤੇ ਡਾ. ਵਿਨੋਦ ਕੁਮਾਰ ਜਾਇੰਟ ਸੈਕਟਰੀ ਸ਼ਾਮਲ ਸਨ।ਵਿਗਿਆਨਕ ਸੈਸ਼ਨਾਂ ਵਿੱਚ ਪੈਚ ਟੈਸਟਿੰਗ 'ਤੇ ਹੈਂਡਜ਼-ਆਨ ਵਰਕਸ਼ਾਪ, ਪੋਸਟਗ੍ਰੈਜੂਏਟ ਵਿਦਿਆਰਥੀਆਂ ਲਈ ਡਿਬੇਟ ਤੇ ਕਵਿਜ਼ ਮੁਕਾਬਲੇ, ਪੇਪਰ ਅਤੇ ਈ-ਪੋਸਟਰ ਪ੍ਰਸਤੁਤੀਆਂ ਸ਼ਾਮਲ ਸਨ। ਸਮਾਰੋਹ ਦੇ ਮੁੱਖ ਆਕਰਸ਼ਣਾਂ ਵਿੱਚ ਡਾ. ਏ. ਕੇ. ਬਜਾਜ ਮੈਮੋਰੀਅਲ ਓਰੇਸ਼ਨ ਸ਼ਾਮਲ ਸੀ, ਜੋ ਕਿ ਡਾ. ਸੰਜੇ ਘੋਸ਼ ਵੱਲੋਂ ਦਿੱਤਾ ਗਿਆ।ਇਸ ਦੇ ਨਾਲ ਹੀ ਡਾ. ਜੇ. ਐੱਸ. ਪਸਰੀਚਾ ਲਾਈਫਟਾਈਮ ਅਚੀਵਮੈਂਟ ਅਵਾਰਡ ਨਾਲ ਡਾ. ਕੌਸ਼ਲ ਵਰਮਾ ਨੂੰ ਸਨਮਾਨਤ ਕੀਤਾ ਗਿਆ।

# ਡਾ. ਮਥੁਰਾ ਦਾਸ ਹਸਪਤਾਲ ਨੂੰ ਪ੍ਰਾਈਵੇਟ ਹੱਥਾਂ 'ਚ ਸੌਂਪਣਾ ਸਰਕਾਰ ਦੀ ਵੱਡੀ ਗਲਤੀ : ਵਿਜੇ ਧੀਰ

**ਸਮੂਹ ਸਮਾਜਿਕ, ਮਜ਼ਦੂਰ-ਮੁਲਾਜ਼ਮ ਜਥੇਬੰਦੀਆਂ ਨੂੰ ਇਸ ਖਿਲਾਫ ਲਾਮਬੰਦ ਹੋਣ ਦਾ ਸੱਦਾ**



**ਮੋਗਾ (ਇਕਬਾਲ ਸਿੰਘ ਖਹਿਰਾ)**-ਬੀਤੇ ਦਿਨ ਕੁਝ ਸਮਾਚਾਰ ਪੱਤਰਾਂ ਵਿੱਚ ਪ੍ਰਕਾਸ਼ਿਤ ਇਹ ਸਮਾਚਾਰ ਕਿ ਮੋਗਾ ਦੇ ਡਾਕਟਰ ਮਥੁਰਾ ਦਾਸ ਸਿਵਲ ਹਸਪਤਾਲ ਨੂੰ ਪ੍ਰਾਈਵੇਟ ਠੇਕੇਦਾਰਾਂ ਨੂੰ ਠੇਕੇ 'ਤੇ ਦੇਣ ਦੀ ਸਰਕਾਰ ਵੱਲੋਂ ਤਿਆਰੀ ਕਰ ਲਈ ਗਈ ਹੈ।ਇਸ ਸੰਬੰਧ 'ਚ ਆਪਣੀ ਵਿਰੋਧੀ ਪ੍ਰਤੀਕਿਰਿਆ ਦਿੰਦਿਆਂ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਤੇ ਪ੍ਰਵੀਨ ਕੁਮਾਰ ਸ਼ਰਮਾ ਨੇ ਕਿਹਾ ਕਿ ਇਸ ਅਣਹੋਣੀ ਨੂੰ ਰੋਕਣ ਲਈ ਜ਼ਿਲ੍ਹੇ ਭਰ ਦੀਆਂ ਸਮੂਹ ਸਮਾਜਿਕ ਤੇ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਨੂੰ ਸਾਂਝਾ ਫਰੰਟ ਬਣਾ ਕੇ ਇੱਕ ਜਨ ਅੰਦੋਲਨ ਸ਼ੁਰੂ ਕਰਨਾ ਚਾਹੀਦਾ ਹੈ।ਧੀਰ ਨੇ ਕਿਹਾ ਕਿ ਡਾਕਟਰ ਮਥੁਰਾ ਦਾਸ ਸਰਕਾਰੀ ਸਿਵਲ ਹਸਪਤਾਲ ਤਤਕਾਲੀਨ ਅੰਤਰਰਾਸ਼ਟਰੀ ਖਿਆਤੀ ਪ੍ਰਾਪਤ ਸਵਰਗੀ ਡਾਕਟਰ ਰਾਏ ਬਹਾਦਰ ਮਥੁਰਾ ਦਾਸ ਪਾਹਵਾ ਦੀ ਮੋਗਾ ਜ਼ਿਲ੍ਹਾ ਦੇ ਲੋਕਾਂ ਨੂੰ ਦਿੱਤੀ ਇੱਕ ਵਿਰਾਸਤ ਹੈ।ਧੀਰ ਨੇ ਕਿਹਾ ਕਿ ਜੇਕਰ ਸਰਕਾਰ ਇਸ ਸਰਕਾਰੀ ਸਿਵਲ ਹਸਪਤਾਲ ਨੂੰ ਪ੍ਰਾਈਵੇਟ ਠੇਕੇਦਾਰਾਂ ਨੂੰ ਇਹ ਸਿਵਲ ਹਸਪਤਾਲ ਠੇਕੇ 'ਤੇ ਦੇਣ ਜਾ ਰਹੀ ਹੈ ਤਾਂ ਇਸ ਦਾ ਅਰਥ ਹੈ ਕਿ ਪੰਜਾਬ ਸਰਕਾਰ ਗਰੀਬ ਤੇ ਮੱਧ ਵਰਗ ਨੂੰ ਸਸਤੀਆਂ ਤੇ ਬਿਹਤਰ ਸਿਹਤ ਸੇਵਾਵਾਂ ਦੇਣ ਵਿੱਚ ਫੇਲ੍ਹ ਹੋ ਗਈ ਹੈ।ਦੂਸਰੇ ਪਾਸੇ ਧੀਰ ਨੇ ਕਿਹਾ ਕਿ ਪ੍ਰਾਈਵੇਟ ਹੱਥਾਂ ਨੂੰ ਸਿਵਿਲ ਹਸਪਤਾਲ ਸੌਂਪਣ 'ਤੇ ਇਹ ਕਿਵੇਂ ਸੰਭਵ ਹੋ ਸਕਦਾ ਹੈ ਕਿ ਸਿਹਤ ਸਹੂਲਤਾਂ ਮਹਿੰਗੀਆਂ ਨਹੀਂ ਹੋਣਗੀਆਂ।ਧੀਰ ਨੇ ਕਿਹਾ ਕਿ ਜਿਹੜਾ ਜਨ-ਵਿਰੋਧੀ ਕਾਰਜ ਆਜ਼ਾਦੀ ਤੋਂ ਬਾਅਦ ਕੋਈ ਸਰਕਾਰ ਨਹੀਂ ਕਰ ਸਕੀ, ਉਹ ਕੰਮ ਮੌਜੂਦਾ ਸਰਕਾਰ ਕਰਨ ਜਾ ਰਹੀ ਹੈ।ਧੀਰ ਨੇ ਕਿਹਾ ਕਿ ਡਾਕਟਰ ਮਥੁਰਾ ਦਾਸ ਸਿਵਲ ਹਸਪਤਾਲ ਦੇ ਪ੍ਰਾਈਵੇਟ ਹੱਥਾਂ ਵਿੱਚ ਜਾਣ ਨਾਲ ਇਸ ਹਸਪਤਾਲ ਵਿੱਚ ਸਥਾਈ ਤੌਰ 'ਤੇ ਤੈਨਾਤ ਮੈਡੀਕਲ ਸਟਾਫ, ਡਾਕਟਰ, ਪੈਰਾ ਮੈਡੀਕਲ, ਨਰਸਿੰਗ ਸਟਾਫ, ਫਾਰਮਾਸਿਸਟ ਤੇ ਦਰਜਾ ਚਾਰ ਕਰਮਚਾਰੀਆਂ ਦਾ ਸਟੇਟਸ ਠੇਕਾ ਮੁਲਾਜ਼ਮਾਂ ਦਾ ਬਣ ਜਾਵੇਗਾ ਅਤੇ ਉਕਤ ਕਰਮਚਾਰੀਆਂ ਨੂੰ ਅਨੇਕਾਂ ਔਂਕੜਾਂ ਦਾ ਸਾਹਮਣਾ ਕਰਨਾ ਪਵੇਗਾ।ਧੀਰ ਨੇ ਕਿਹਾ ਕਿ ਮੋਗਾ ਦੇ ਪੁਰਾਤਨ ਡਾਕਟਰ ਮਥੁਰਾ ਦਾਸ ਸਰਕਾਰੀ ਸਿਵਲ ਹਸਪਤਾਲ ਨੂੰ ਪ੍ਰਾਈਵੇਟ ਬਣਾਉਣਾ ਸਰਕਾਰ ਦੀ ਰਾਜਨੀਤਕ ਗਲਤੀ ਹੋਵੇਗੀ, ਜਿਸ ਦਾ ਖਮਿਆਜ਼ਾ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੋਗਾ ਜ਼ਿਲ੍ਹੇ ਭਰ ਵਿੱਚ ਆਮ ਆਦਮੀ ਪਾਰਟੀ ਨੂੰ ਭੁਗਤਣਾ ਪੈ ਸਕਦਾ ਹੈ।ਧੀਰ ਨੇ ਕਿਹਾ ਕਿ ਸਰਕਾਰ ਦੇ ਜਿਸ ਫੈਸਲੇ ਨੂੰ ਜਨਤਾ ਪਸੰਦ ਨਾ ਕਰੇ ਤੇ ਸਰਕਾਰ ਦਾ ਫੈਸਲਾ ਜਨਤਾ ਵਿਰੋਧੀ ਹੋਵੇ, ਅਜਿਹਾ ਫੈਸਲਾ ਸਰਕਾਰ ਨੂੰ ਜਨਤਾ ਵਿੱਚ ਰੋਸ ਫੈਲਣ ਤੋਂ ਪਹਿਲਾਂ ਵਾਪਸ ਲੈ ਲੈਣਾ ਚਾਹੀਦਾ ਹੈ।

ਮਜ਼ਦੂਰ ਆਗੂ ਵਿਜੇ ਧੀਰ ਨੇ ਪੰਜਾਬ ਸਰਕਾਰ ਤੋਂ ਡਾਕਟਰ ਮਥੁਰਾ ਦਾਸ ਸਿਵਿਲ ਹਸਪਤਾਲ ਪ੍ਰਾਈਵੇਟ ਹੱਥਾਂ ਵਿੱਚ ਦੇਣ ਦਾ ਫੈਸਲਾ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਈ ਰਿਕਸ਼ਾ ਮਜ਼ਦੂਰ ਸੰਘ ਦੇ ਪ੍ਰਧਾਨ ਜਸਵਿੰਦਰ ਸਿੰਘ ਡੱਡ, ਜਨਰਲ ਸਕੱਤਰ ਮੇਜਰ ਸਿੰਘ ਲੰਡੇ ਕੇ, ਜਸਵੰਤ ਸਿੰਘ ਜੱਸਾ, ਰਿੰਪੀ, ਰੇਸ਼ਮ ਸਿੰਘ, ਮਦਨ ਸਿੰਘ, ਚਮਕੌਰ ਸਿੰਘ ਮਹਿਣਾ, ਗੁਰਚਰਨ ਸਿੰਘ ਬਹੋਨਾ, ਰਜਿੰਦਰ ਸਿੰਘ ਕਾਲਾ, ਸੁਖਦੇਵ ਸਿੰਘ, ਸੰਨੀ, ਸ਼ਿੰਦਰ ਪਾਲ, ਸ਼ੰਮੀ, ਦਰਸ਼ਨ ਸਿੰਘ ਜੋੜਾ, ਵਿਨੋਦ, ਚੰਨਾ, ਬੱਬੂ, ਗਗਨ, ਸੋਮਨਾਥ, ਮਨੋਹਰ ਲਾਲ, ਸ਼ੰਕੂ, ਜੋਤੀ , ਸਾਹਿਲ, ਹੈਪੀ, ਸਾਗਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਦੇਸ਼ ਭਗਤ ਗਲੋਬਲ ਸਕੂਲ 'ਚ ਮਾਪੇ-ਅਧਿਆਪਕ ਮਿਲਣੀ ਮੌਕੇ ਮੈਡੀਕਲ ਕੈਂਪ

**ਸਿਹਤਮੰਦ ਸਰੀਰ 'ਚ ਹੀ ਸਿਹਤਮੰਦ ਮਨ ਵਸਦੈ : ਪ੍ਰਿੰ. ਜਿੰਦਲ**




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਗਰੁੱਪ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਵਿਦਿਆਰਥੀਆਂ ਦੀ ਸਿਹਤ ਦੀ ਜਾਂਚ ਲਈ ਮੈਡੀਕੇਅਰ ਹਸਪਤਾਲ ਦੇ ਸਹਿਯੋਗ ਨਾਲ ਮਾਪੇ-ਅਧਿਆਪਕ ਮਿਲਣੀ ਮੌਕੇ ਬੀਤੇ ਸ਼ਨੀਵਾਰ ਸਾਰੇ ਵਿਦਿਆਰਥੀਆਂ ਲਈ ਇੱਕ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਲਾਇਆ ਗਿਆ।ਇਹ ਸਿਹਤ ਕੈਂਪ ਇੱਕ ਤਜਰਬੇਕਾਰ ਤੇ ਪ੍ਰਸਿੱਧ ਬਾਲ ਮਾਹਰ ਡਾ. ਲਵਪ੍ਰੀਤ ਸਿੰਘ (ਐੱਮ. ਡੀ. ਪੀਡੀਆਟ੍ਰਿਕਸ) ਦੀ ਨਿਗਰਾਨੀ ਹੇਠ ਕਰਵਾਇਆ ਗਿਆ।ਇਸ ਕੈਂਪ ਵਿੱਚ ਟੀਮ ਵੱਲੋਂ ਬੱਚਿਆਂ ਦੀ ਜਨਰਲ ਸਿਹਤ ਦੀ ਜਾਂਚ ਕੀਤੀ ਗਈ।ਵਿਦਿਆਰਥੀਆਂ ਨੂੰ ਸਿਹਤ ਸਬੰਧੀ ਜ਼ਰੂਰੀ ਜਾਣਕਾਰੀ ਵੀ ਦਿੱਤੀ ਗਈ ਤਾਂ ਜੋ ਉਹ ਆਪਣੀ ਤੰਦਰੁਸਤੀ ਦਾ ਧਿਆਨ ਰੱਖ ਸਕਣ।ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਕਿਹਾ ਕਿ ਇਸ ਕੈਂਪ ਦਾ ਉਦੇਸ਼ ਸਾਡੇ ਵਿਦਿਆਰਥੀਆਂ ਦੀ ਤੰਦਰੁਸਤੀ ਨੂੰ ਇੱਕ ਸੰਪੂਰਨ ਸਿਹਤ ਮੁਲਾਂਕਣ ਦੁਆਰਾ ਯਕੀਨੀ ਬਣਾਉਣਾ ਤੇ ਸਿਹਤਮੰਦ ਆਦਤਾਂ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਤ ਕਰਨਾ ਹੈ।ਪ੍ਰਿੰ. ਜਿੰਦਲ ਨੇ ਕਿਹਾ ਕਿ ਸਿਹਤਮੰਦ ਸਰੀਰ ਵਿੱਚ ਹੀ ਸਿਹਤਮੰਦ ਮਨ ਵਸਦਾ ਹੈ।ਸਕੂਲ ਵੱਲੋਂ ਇਸ ਤਰ੍ਹਾਂ ਦੇ ਕੈਂਪ ਲਗਾਉਣ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਹੈ।ਉਨ੍ਹਾਂ ਮੈਡੀਕੇਅਰ ਹਸਪਤਾਲ ਦੇ ਸੰਚਾਲਕ ਡਾਕਟਰ ਸੰਜੇ ਮਜੂਮਦਾਰ, ਉਨ੍ਹਾਂ ਦੇ ਸਪੁੱਤਰ ਸਿੱਧਾਰਥ ਮਜੂਮਦਾਰ ਤੇ ਬਾਲ ਮਾਹਰ ਡਾ. ਲਵਪ੍ਰੀਤ ਸਿੰਘ (ਐੱਮ. ਡੀ. ਪੀਡੀਆਟ੍ਰਿਕਸ) ਤੇ ਪੂਰੀ ਟੀਮ ਦਾ ਧੰਨਵਾਦ ਕੀਤਾ।ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਅੱਜਕੱਲ੍ਹ ਦੇ ਬੱਚਿਆਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਬਹੁਤ ਜ਼ਰੂਰੀ ਹੈ।ਅਜਿਹੇ ਕੈਂਪ ਬੱਚਿਆਂ ਵਿੱਚ ਤੰਦਰੁਸਤੀ ਤੇ ਸਫ਼ਾਈ ਪ੍ਰਤੀ ਸਹੀ ਆਦਤਾਂ ਪੈਦਾ ਕਰਨ ਵਿੱਚ ਮਦਦਗਾਰ ਸਾਬਿਤ ਹੁੰਦੇ ਹਨ।ਉਨ੍ਹਾਂ ਇਸ ਕੈਂਪ ਨੂੰ ਸਫਲ ਬਣਾਉਣ ਲਈ ਸਾਰੇ ਅਧਿਆਪਕਾਂ, ਮਾਪਿਆਂ ਤੇ ਸਿਹਤ ਟੀਮ ਦਾ ਧੰਨਵਾਦ ਕੀਤਾ।ਸੁਪ੍ਰਿੰਟੈਂਡੈਂਟ ਦੇਸ਼ ਭਗਤ ਕੈਂਪਸ ਤੇ ਮੀਡੀਆ ਕੋਆਰਡੀਨੇਟਰ ਮੇਜਰ ਚੰਦ ਨੇ ਕਿਹਾ ਕਿ ਭਵਿੱਖ ਵਿੱਚ ਅਜਿਹੇ ਹੋਰ ਕੈਂਪ ਲਗਾਏ ਜਾਣਗੇ ਤਾਂ ਜੋ ਸਭ ਨੂੰ ਚੰਗੀ ਸਿਹਤ ਪ੍ਰਤੀ ਜਾਗਰੂਕ ਕੀਤਾ ਜਾ ਸਕੇ।

## ਪਿੱਠ ਪਿੱਛੇ ਵੀ ਕਿਸੇ ਦੀ ਨਿੰਦਿਆ ਨਾ ਕਰੋ : ਅਮੋਲਕ ਸਿੰਘ



**ਜੈਤੋ (ਸਤੀਸ਼ ਕੁਮਾਰ ਭੀਗੀ)**-ਆਪਣੇ ਦਫ਼ਤਰ ਵਿਖੇ ਆਪ ਪਾਰਟੀ ਦੇ ਆਗੂ ਤੇ ਵਰਕਰਾਂ ਨਾਲ ਵਾਰਤਾਲਾਪ ਕਰਦੇ ਹੋਏ ਜੈਤੋ ਦੇ ਵਿਧਾਇਕ ਅਮੋਲਕ ਸਿੰਘ ਨੇ ਬਹੁਤ ਹੀ ਗੰਭੀਰ ਲਹਿਜੇ ਨਾਲ ਮਨ ਅੰਦਰਲੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਜਿਵੇਂ ਸਰੀਰ ਨੂੰ ਭੋਜਨ ਤੇ ਪਾਣੀ ਦੀ ਜ਼ਰੂਰਤ ਹੁੰਦੀ ਹੈ, ਉਸ ਤਰ੍ਹਾਂ ਹੀ ਆਤਮਾ ਨੂੰ ਚਾਰਜ ਕਰਨ ਲਈ ਪ੍ਰਮਾਤਮਾ ਦੀ ਯਾਦ ਵਿੱਚ ਰਹਿਣਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਰਾਸਤੇ ਤੇ ਗਤੀ ਦੀ ਸੀਮਾ ਹੈ, ਬੈਂਕ ਵਿੱਚ ਪੈਸੇ ਦੀ ਸੀਮਾ ਹੈ, ਪ੍ਰੀਖਿਆ ਵਿੱਚ ਸਮੇਂ ਦੀ ਸੀਮਾ ਹੈ, ਪ੍ਰੰਤੂ ਸਾਡੀ ਸੋਚ ਦੀ ਕੋਈ ਸੀਮਾ ਨਹੀਂ ਹੁੰਦੀ, ਇਸ ਲਈ ਹਮੇਸ਼ਾ ਸ੍ਰੇਸ਼ਠ ਸੋਚੋ ਤੇ ਸ੍ਰੇਸ਼ਠ ਪਾਓ।ਅਮੋਲਕ ਨੇ ਅੱਗੇ ਕਿਹਾ ਕਿ ਦਿਲਾਂ ਵਿੱਚ ਉਹ ਹੀ ਵਸਦੇ ਹਨ, ਜਿਨ੍ਹਾਂ ਦਾ ਮਨ ਸਾਫ਼ ਹੋਵੇ ਕਿਉਂਕਿ ਸੂਈ ਵਿੱਚ ਉਹ ਹੀ ਧਾਗਾ ਪ੍ਰਵੇਸ਼ ਕਰ ਸਕਦਾ ਹੈ, ਜਿਸ ਧਾਗੇ ਵਿੱਚ ਗੰਢ ਨਾ ਹੋਵੇ।ਉਨ੍ਹਾਂ ਕਿਹਾ ਕਿ ਚਾਰ ਗੱਲਾਂ ਵਿੱਚ ਕਦੇ ਵੀ ਸ਼ਰਮ ਤੇ ਸੰਕੋਚ ਮਹਿਸੂਸ ਨਹੀਂ ਕਰਨਾ ਚਾਹੀਦਾ, ਪੁਰਾਣੇ ਕੱਪੜੇ, ਗ਼ਰੀਬ ਦੋਸਤ, ਬਜ਼ੁਰਗ ਮਾਤਾ ਪਿਤਾ ਤੇ ਸਾਦੀ ਅਤੇ ਸਰਲ ਜੀਵਨ ਸ਼ੈਲੀ।ਅੰਤ ਵਿੱਚ ਅਮੋਲਕ ਸਿੰਘ ਨੇ ਕਿਹਾ ਕਿ ਸ਼ਬਦ ਯਾਤਰਾ ਕਰਦੇ ਹਨ, ਇਸ ਲਈ ਪਿੱਠ ਪਿੱਛੇ ਵੀ ਕਿਸੇ ਦੀ ਨਿੰਦਿਆ ਨਾ ਕਰੋ।ਆਪਣੀ ਆਲੋਚਨਾ ਨੂੰ ਧੀਰਜ ਨਾਲ ਸੁਣੋ। ਇਹੀ ਸਾਡੀ ਜ਼ਿੰਦਗੀ ਦੀ ਮੈਲ਼ ਧੋਣ ਵਿੱਚ ਸਾਬਣ ਦਾ ਕੰਮ ਕਰਦੀ ਹੈ। ਉਨ੍ਹਾਂ ਕਿਹਾ ਕਿ ਹਰ ਚੀਜ਼ ਚੁੱਕੀ ਜਾ ਸਕਦੀ ਹੈ, ਸਿਵਾਏ ਡਿੱਗੀ ਹੋਈ ਸੋਚ ਦੇ।

# ਵਿਜੀਲੈਂਸ ਬਿਊਰੋ ਵੱਲੋਂ ਸ਼ਹਿਰ-ਵਿਆਪੀ ਵਾਕਾਥੌਨ ਨਾਲ ਜਾਗਰੂਕਤਾ ਹ਼ਫਤਾ ਸੰਪੰਨ



**ਲੁਧਿਆਣਾ (ਰਾਜ ਸਿੰਗਲਾ)**
ਵਿਜੀਲੈਂਸ ਬਿਊਰੋ ਲੁਧਿਆਣਾ ਨੇ ਸਿਟੀਨੀਡਜ਼ ਸਮਾਲ ਆਈਡੀਆਜ਼ ਗ੍ਰੇਟ ਆਈਡੀਆਜ਼, ਫਿਲੈਂਥਰੋਪੀ ਕਲੱਬ ਤੇ ਮਾਰਸ਼ਲ ਏਡ ਫਾਊਂਡੇਸ਼ਨ ਦੇ ਸਹਿਯੋਗ ਨਾਲ ਇੱਕ ਵੱਡੇ ਪੱਧਰ 'ਤੇ ਵਾਕਾਥੌਨ ਨਾਲ ਵਿਜੀਲੈਂਸ ਜਾਗਰੂਕਤਾ ਹਫ਼ਤਾ ਸਫਲਤਾਪੂਰਵਕ ਸਮਾਪਤ ਕੀਤਾ।ਇਸ ਪਹਿਲਕਦਮੀ ਦਾ ਉਦੇਸ਼ ਪਾਰਦਰਸ਼ਤਾ, ਇਮਾਨਦਾਰੀ ਤੇ ਭ੍ਰਿਸ਼ਟਾਚਾਰ ਮੁਕਤ ਸਮਾਜ ਪ੍ਰਤੀ ਜਨਤਕ ਜਾਗਰੂਕਤਾ ਨੂੰ ਉਤਸ਼ਾਹਤ ਕਰਨਾ ਸੀ।ਵਾਕਾਥੌਨ ਵਿੱਚ ਕਈ ਗੈਰ-ਸਰਕਾਰੀ ਸੰਗਠਨਾਂ, ਯੁਵਾ ਸਮੂਹਾਂ ਤੇ ਸਮਾਜਿਕ ਸੰਗਠਨਾਂ ਨੇ ਭਾਗ ਲਿਆ, ਜੋ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਤੋਂ ਮਾਰਚ ਕੱਢ ਕੇ ਸਮਾਪਤੀ ਸਮਾਰੋਹ ਲਈ ਰੋਜ਼ ਗਾਰਡਨ ਵਿਖੇ ਇਕੱਠੇ ਹੋਏ।ਇਸ ਸਮਾਗਮ ਦੀ ਪ੍ਰਧਾਨਗੀ ਰੁਪਿੰਦਰ ਕੌਰ ਸਰਾਂ ਐੱਸ.ਐੱਸ.ਪੀ. ਵਿਜੀਲੈਂਸ ਲੁਧਿਆਣਾ ਨੇ ਕੀਤੀ, ਜਿਨ੍ਹਾਂ ਇਕੱਠ ਨੂੰ ਸੰਬੋਧਨ ਕੀਤਾ ਤੇ ਭ੍ਰਿਸ਼ਟਾਚਾਰ ਵਿਰੁੱਧ ਲੜਨ ਵਿੱਚ ਨਾਗਰਿਕਾਂ ਤੇ ਸੰਸਥਾਵਾਂ ਦੀ ਸਾਂਝੀ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ।ਚੌਕਸੀ ਸਿਰਫ਼ ਸਜ਼ਾ ਦੇਣ ਬਾਰੇ ਨਹੀਂ ਹੈ, ਸਗੋਂ ਰੋਕਥਾਮ ਬਾਰੇ ਵੀ ਹੈ।ਹਰੇਕ ਨਾਗਰਿਕ ਨੂੰ ਭ੍ਰਿਸ਼ਟ ਗਤੀਵਿਧੀਆਂ ਵਿਰੁੱਧ ਖੜ੍ਹਾ ਹੋਣਾ ਚਾਹੀਦਾ ਹੈ ਤੇ ਬਿਨਾਂ ਕਿਸੇ ਡਰ ਦੇ ਉਨ੍ਹਾਂ ਦੀ ਰਿਪੋਰਟ ਕਰਨੀ ਚਾਹੀਦੀ ਹੈ।ਸਾਡੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਟੌਲਰੈਂਸ ਨੀਤੀ ਨੂੰ ਦੁਹਰਾਇਆ ਸੀ।ਇਸ ਤਰ੍ਹਾਂ 2022 ਵਿੱਚ ਪੰਜਾਬ ਸਰਕਾਰ ਦੁਆਰਾ 24 ਘੰਟੇ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 9501-200-200 ਸ਼ੁਰੂ ਕੀਤੀ ਗਈ ਸੀ। ਐੱਸ.ਐੱਸ.ਪੀ. ਰੁਪਿੰਦਰ ਕੌਰ ਸਰਾਂ ਨੇ ਕਿਹਾ ਕਿ ਮਿਲ ਕੇ ਹੀ ਅਸੀਂ ਨੈਤਿਕ ਵਿਵਹਾਰ ਪਾਰਦਰਸ਼ਤਾ ਤੇ ਜਨਤਕ ਵਿਸ਼ਵਾਸ ਨੂੰ ਮਜ਼ਬੂਤ ਕਰ ਸਕਦੇ ਹਾਂ।ਭ੍ਰਿਸ਼ਟਾਚਾਰ ਤਰੱਕੀ ਵਿੱਚ ਰੁਕਾਵਟ ਹੈ, ਆਓ ਅਸੀਂ ਸਾਰੇ ਭ੍ਰਿਸ਼ਟਾਚਾਰ ਵਿਰੁੱਧ ਲੜੀਏ ਤੇ ਜਨਤਕ ਜੀਵਨ ਵਿੱਚੋਂ ਇਸ ਨੂੰ ਖਤਮ ਕਰੀਏ।ਪ੍ਰਵੀਨ ਕੁਮਾਰ ਸਿਨਹਾ ਆਈ.ਪੀ.ਐੱਸ ਮੁੱਖ ਨਿਰਦੇਸ਼ਕ ਵਿਜੀਲੈਂਸ ਬਿਊਰੋ ਨੇ ਬਿਆਨ ਵਿੱਚ ਕਿਹਾ ਕਿ ਕਿਸੇ ਵੀ ਸਰਕਾਰੀ ਕਰਮਚਾਰੀ ਦੁਆਰਾ ਰਿਸ਼ਵਤਖੋਰੀ, ਨਾਜਾਇਜ਼ ਲਾਭ ਜਾਂ ਭ੍ਰਿਸ਼ਟ ਵਿਵਹਾਰ ਨਾਲ ਸਬੰਧਤ ਕੋਈ ਵੀ ਸ਼ਿਕਾਇਤ ਹੈ ਤਾਂ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 95012-00200 'ਤੇ ਗੁਪਤ ਰੂਪ ਵਿੱਚ ਰਿਪੋਰਟ ਕੀਤੀ ਜਾ ਸਕਦੀ ਹੈ।

## ਪ੍ਰਕਾਸ਼ ਪੁਰਬ ਨੂੰ ਸਮਰਪਤ ਪ੍ਰਭਾਤ ਫੇਰੀਆਂ ਅੱਜ ਤੋਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਹਿਲੀ ਪਾਤਿਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਰਕਾਰੀ ਹਾਈ ਸਕੂਲ ਮਹਿਲ ਖ਼ੁਰਦ ਦੇ ਸਮੂਹ ਸਟਾਫ, ਮੈਨੇਜਮੈਂਟ ਕਮੇਟੀ, ਗ੍ਰਾਮ ਪੰਚਾਇਤ, ਵਿਦਿਆਰਥੀਆਂ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਦੋ ਰੋਜ਼ਾ ਪ੍ਰਭਾਤ ਫੇਰੀਆਂ 4 ਤੇ 5 ਨਵੰਬਰ ਨੂੰ ਸਵੇਰੇ ਤਿੰਨ ਵਜੇ ਤੋਂ ਨਗਰ ਮਹਿਲ ਖ਼ੁਰਦ 'ਚ ਕੀਤੀਆਂ ਜਾਣਗੀਆਂ।ਇਹ ਜਾਣਕਾਰੀ ਸਕੂਲ ਦੇ ਹੈੱਡ ਮਾਸਟਰ ਕੁਲਦੀਪ ਸਿੰਘ ਕਮਲ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਤ ਹਰ ਸਾਲ ਦੀ ਤਰ੍ਹਾਂ ਦੋ ਰੋਜ਼ਾ ਪ੍ਰਭਾਤ ਫੇਰੀਆਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਸਮੂਹ ਸੰਗਤਾਂ 'ਚ ਸ਼੍ਰੀ ਗੁਰੂ ਨਾਨਕ ਦੇਵ ਜੀ ਆਗਮਨ ਪੁਰਬ ਲਈ ਪੂਰਾ ਉਤਸ਼ਾਹ ਵੇਖਿਆ ਜਾ ਰਿਹਾ।ਸ: ਕਮਲ ਨੇ ਸੰਗਤਾਂ ਨੂੰ ਬਾਬਾ ਨਾਨਕ ਦੇਵ ਜੀ ਵਿਚਾਰਧਾਰਾ ਨੂੰ ਘਰ-ਘਰ ਤੱਕ ਲੈ ਕੇ ਜਾਣ ਲਈ, ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲ ਕੇ ਗੁਰਸਿੱਖੀ ਜੀਵਨ ਜਿਊਣ ਦੀ ਅਪੀਲ ਕੀਤੀ ਹੈ।ਉਨ੍ਹਾਂ ਦੱਸਿਆ ਕਿ ਇਸ ਪ੍ਰਭਾਤ ਫੇਰੀਆਂ ਮੌਕੇ ਮੈਨੇਜਮੈਂਟ ਕਮੇਟੀ, ਸਕੂਲ ਸਟਾਫ ਤੇ ਸਮੂਹ ਵਿਦਿਆਰਥੀ ਪੂਰੇ ਉਤਸ਼ਾਹ, ਸ਼ਰਧਾ ਸਤਿਕਾਰ ਨਾਲ ਸ਼ਮੂਲੀਅਤ ਕਰਨਗੇ।

## ਭਾਜਪਾ ਦਾ ਵਧਦਾ ਜਨਆਧਾਰ ਸਪਸ਼ਟ ਸੰਕੇਤ ਕਿ ਪੰਜਾਬ ਦਾ ਭਵਿੱਖ ਭਾਜਪਾ ਨਾਲ : ਡਾ. ਹਰਜੋਤ

**ਕੈਪਟਨ ਅਮਰਿੰਦਰ ਦੀ ਮੋਗਾ ਆਮਦ ਨਾਲ ਵਧੀ ਸਿਆਸੀ ਹਲਚਲ**



ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਵਿੱਚ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਇਸ ਤਰ੍ਹਾਂ ਐਂਟਰੀ ਮਾਰੀ ਹੈ ਕਿ ਸਿਆਸੀ ਗਲਿਆਰਿਆਂ ਦੀ ਹਵਾ ਹੀ ਬਦਲ ਕੇ ਰੱਖ ਦਿੱਤੀ ਹੈ। ਜਿੱਥੇ ਮੋਗਾ ਵਿੱਚ ਉਨ੍ਹਾਂ ਦੇ ਆਉਣ ਦਾ ਅਸਰ ਵੀ ਦਿਖਾਈ ਦੇਣਾ ਸ਼ੁਰੂ ਹੋ ਗਿਆ ਹੈ, ਓਥੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਵੀ ਪਹਿਲਾਂ ਤੋਂ ਜ਼ਿਆਦਾ ਚਾਰਜ ਹੋਏ ਨਜ਼ਰ ਆ ਰਹੇ ਹਨ।ਡਾ. ਹਰਜੋਤ ਕਮਲ ਦੀ ਪ੍ਰੇਰਣਾ ਨਾਲ ਜ਼ਿਲ੍ਹੇ ਭਰ ਤੋਂ ਵੱਡੀ ਸੰਖਿਆ ਵਿੱਚ ਪ੍ਰਮੁੱਖ ਸ਼ਖ਼ਸੀਅਤਾਂ, ਕਾਰੋਬਾਰੀਆਂ ਤੇ ਜ਼ਮੀਦਾਰਾਂ ਨੇ ਭਾਜਪਾ ਦਾ ਪੱਲਾ ਫੜਨਾ ਸ਼ੁਰੂ ਕਰ ਦਿੱਤਾ ਹੈ, ਜਿਸ ਦੀ ਸ਼ੁਰੂਆਤ ਕੈਪਟਨ ਅਮਰਿੰਦਰ ਸਿੰਘ ਨੇ ਮੋਗਾ ਤੋਂ ਕਰ ਦਿੱਤੀ ਹੈ।ਭਾਜਪਾ ਦੇ ਦਿਨੋਂ ਦਿਨ ਵਧਦੇ ਜਨਆਧਾਰ ਨੇ ਸਾਬਿਤ ਕਰ ਦਿੱਤਾ ਹੈ ਕਿ ਲੋਕਾਂ ਦੀ ਦਿਲਚਸਪੀ ਭਾਜਪਾ ਵੱਲ ਹੈ।ਇਹ ਗੱਲ ਵੀ ਸੋਚਣ ਵਾਲੀ ਹੈ ਕਿ ਸਮਾਜ ਦੇ ਪ੍ਰਮੁੱਖ ਵਰਗ ਦੇ ਲੋਕ ਜਿਵੇਂ ਭਾਜਪਾ ਵੱਲ ਭਰੋਸਾ ਪ੍ਰਗਟ ਕਰਦੇ ਹੋਏ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ, ਇਹ ਸਪੱਸ਼ਟ ਸੰਕੇਤ ਹੈ ਕਿ ਪੰਜਾਬ ਵਿੱਚ ਭਵਿੱਖ ਭਾਜਪਾ ਦਾ ਹੈ।ਉਨ੍ਹਾਂ ਨੇ ਕਿਹਾ ਕਿ ਸਾਲ 2027 ਦੇ ਵਿਧਾਨ ਸਭਾ ਚੋਣਾਂ ਦਾ ਰੁਝਾਨ ਹੁਣ ਤੋਂ ਦਿਖਾਈ ਦੇਣਾ ਸ਼ੁਰੂ ਹੋ ਗਿਆ ਹੈ।ਕੈਪਟਨ ਅਮਰਿੰਦਰ ਸਿੰਘ ਨੇ ਵੀ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਦੀ ਕਾਰਜਸ਼ੈਲੀ ਦੀ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਉਨ੍ਹਾਂ ਦੀ ਅਗਵਾਈ ਵਿੱਚ ਪਾਰਟੀ ਜ਼ਮੀਨੀ ਪੱਧਰ 'ਤੇ ਮਜ਼ਬੂਤ ਹੋ ਰਹੀ ਹੈ, ਜੋ ਕਿ ਆਉਣ ਵਾਲੇ ਸਿਆਸੀ ਸਮੇਂ ਲਈ ਸ਼ੁਭ ਸੰਕੇਤ ਹੈ।ਡਾ. ਹਰਜੋਤ ਕਮਲ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਨਵੇਂ ਮੈਂਬਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਭਾਜਪਾ ਸਿਰਫ਼ ਸਨਮਾਨ ਹੀ ਨਹੀਂ ਦਿੰਦੀ, ਸਗੋਂ ਸੇਵਾ ਦਾ ਮੌਕਾ ਵੀ ਪ੍ਰਦਾਨ ਕਰਦੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦਾ ਹਿੱਸਾ ਬਣਨ ਤੋਂ ਬਾਅਦ ਜਨਤਾ ਦੀ ਆਵਾਜ਼ ਬਣਨਾ ਤੇ ਸਮਾਜ ਦੇ ਹਿੱਤਾਂ ਲਈ ਕੰਮ ਕਰਨਾ ਹੀ ਸੱਚੀ ਰਾਜਨੀਤਕ ਸੇਵਾ ਹੈ।ਉਨ੍ਹਾਂ ਭਰੋਸਾ ਜਤਾਇਆ ਕਿ ਜਨਤਾ ਦੇ ਸਹਿਯੋਗ ਨਾਲ ਆਉਣ ਵਾਲੇ ਵਿਧਾਨ ਸਭਾ ਚੁਣਾਵ ਵਿੱਚ ਭਾਜਪਾ ਪੰਜਾਬ 'ਚ ਮਜ਼ਬੂਤ ਸਰਕਾਰ ਬਣਾਏਗੀ।

## ਅਮਨ ਅਰੋੜਾ ਨੇ 11 ਪਿੰਡਾਂ ਦੇ 82 ਹੜ੍ਹ ਪੀੜਤਾਂ ਨੂੰ ਮੁਆਵਜ਼ਾ ਰਾਸ਼ੀ ਦੇ ਪੱਤਰ ਸੌਂਪੇ



**ਸੰਗਰੂਰ/ਸੁਨਾਮ (ਪ੍ਰਵੀਨ ਸਿੰਘ/ਅਸ਼ੋਕ ਬਾਂਸਲ, ਹਾਕਮ ਭੱਟੀ)**-ਪੀ.ਡਬਲਿਊ.ਡੀ. ਰੈਸਟ ਹਾਊਸ ਸੰਗਰੂਰ ਵਿਖੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਹਲਕਾ ਸੁਨਾਮ ਦੇ ਵੱਖ-ਵੱਖ ਪਿੰਡਾਂ ਦੇ ਭਾਰੀ ਬਰਸਾਤ ਜਾਂ ਹੜ੍ਹ ਵਰਗੀ ਸਥਿਤੀ ਕਾਰਨ ਪ੍ਰਭਾਵਿਤ 11 ਪਿੰਡਾਂ ਦੇ 82 ਹੜ੍ਹ ਪੀੜਤਾਂ ਨੂੰ 17 ਲੱਖ 47 ਹਜ਼ਾਰ ਰੁਪਏ ਦੀ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪੇ ਤੇ ਕਿਹਾ ਕਿ ਪੰਜਾਬ ਸਰਕਾਰ ਨੇ ਜਿੰਨੇ ਸਮੇਂ ਵਿੱਚ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਸੀ, ਓਨੇ ਸਮੇਂ ਵਿੱਚ ਮੁਆਵਜ਼ਾ ਦਿੱਤਾ ਹੈ।ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਲਖਮੀਰਵਾਲਾ ਦੇ 3 ਹੜ੍ਹ ਪੀੜਤਾਂ ਨੂੰ 1,98,000 ਰੁਪਏ, ਬਿਗੜਵਾਲ ਦੇ ਇੱਕ ਲਾਭਪਾਤਰੀ ਨੂੰ 20,375 ਰੁਪਏ, ਚੌਂਵਾਸ ਦੇ 4 ਲਾਭਪਾਤਰੀਆਂ ਨੂੰ 51,811 ਰੁਪਏ, ਭਰੂਰ ਦੇ ਇੱਕ ਲਾਭਪਾਤਰੀ ਨੂੰ 32,875 ਰੁਪਏ, ਬਖਸ਼ੀਵਾਲਾ ਦੇ 3 ਲਾਭਪਾਤਰੀਆਂ ਨੂੰ 70,875 ਰੁਪਏ, ਚੀਮਾ ਦੇ 10 ਲਾਭਪਾਤਰੀਆਂ ਨੂੰ 01,41,437 ਰੁਪਏ, ਸ਼ੇਰੋਂ ਦੇ 10 ਲਾਭਪਾਤਰੀਆਂ ਨੂੰ 03,23,186 ਰੁਪਏ, ਸ਼ਾਹਪੁਰ ਕਲਾਂ ਦੇ 23 ਲਾਭਪਾਤਰੀਆਂ ਨੂੰ 04,17,624 ਰੁਪਏ, ਤੋਲਾਵਾਲ ਦੇ 20 ਲਾਭਪਾਤਰੀਆਂ ਨੂੰ 03,66,935 ਰੁਪਏ, ਬੀਰ ਕਲਾਂ ਦੇ 6 ਲਾਭਪਾਤਰੀਆਂ ਨੂੰ 01,03,937 ਤੇ ਸੁਨਾਮ ਦੇ ਇੱਕ ਲਾਭਪਾਤਰੀ ਨੂੰ 20,000 ਰੁਪਏ ਦੀ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪੇ ਗਏ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਮਾਜ ਸੇਵੀ ਸੰਸਥਾਵਾਂ ਅਤੇ ਆਮ ਲੋਕਾਂ ਦੀ ਮਦਦ ਨਾਲ ਹੜ੍ਹ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਸਹਾਇਤਾ ਕੀਤੀ ਤੇ ਹੁਣ ਉਨ੍ਹਾਂ ਦੀ ਜ਼ਿੰਦਗੀ ਮੁੜ ਲੀਹ 'ਤੇ ਲੈ ਕੇ ਆਉਣ ਲਈ ਮੁਆਵਜ਼ਾ ਰਾਸ਼ੀ ਵੰਡੀ ਜਾ ਰਹੀ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਵਿਕਾਸ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ ਤੇ ਹਰ ਕਿਸਮ ਦੇ ਹਾਲਾਤ ਵਿੱਚ ਸੂਬੇ ਦੇ ਲੋਕਾਂ ਨਾਲ ਖੜ੍ਹੀ ਹੈ।

## ...ਸ਼ਫ਼ਾ 1 ਦੇ ਬਾਕੀ

### ਸਿਧਾਂਤਕ ਕਮਿਊਨਿਸਟ ਲਹਿਰ...

ਹੈ।ਸਕੱਤਰ ਵੱਲੋਂ ਪਿਛਲੇ ਤਿੰਨ ਸਾਲਾਂ ਦੇ ਰਾਜਸੀ ਲੇਖੇ-ਜੋਖੇ ਦੀ ਰਿਪੋਰਟ ਪੇਸ਼ ਕੀਤੀ ਗਈ ਅਤੇ ਵੱਖ-ਵੱਖ ਡੈਲੀਗੇਟਾਂ ਵੱਲੋਂ ਬਹਿਸ ਦੌਰਾਨ ਵਾਧੇ ਤੇ ਸੁਝਾਅ ਪੇਸ਼ ਕੀਤੇ ਅਤੇ ਸਰਬਸੰਮਤੀ ਨਾਲ ਰਿਪੋਰਟ ਪਾਸ ਕੀਤੀ ਗਈ।ਸਬ-ਡਵੀਜ਼ਨ ਬੁਢਲਾਡਾ ਦੀ 29 ਮੈਂਬਰੀ ਕਮੇਟੀ ਦਾ ਸਕੱਤਰ ਵੱਲੋਂ ਪੈਨਲ ਪੇਸ਼ ਕੀਤਾ ਗਿਆ, ਜਿਸ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਤੇ ਸੀਤਾਰਾਮ ਗੋਬਿੰਦਪੁਰਾ ਸਕੱਤਰ, ਜਗਸੀਰ ਸਿੰਘ ਰਾਏਕੇ, ਮਲਕੀਤ ਮੰਦਰਾਂ ਸਹਾਇਕ ਸਕੱਤਰ, ਵੇਦ ਪ੍ਰਕਾਸ਼ ਬੁਢਲਾਡਾ, ਹਰਦਿਆਲ ਸਿੰਘ ਬੁਢਲਾਡਾ, ਗੋਰਾ ਟਾਹਲੀਆਂ, ਜੱਗਾ ਸ਼ੇਰ ਖਾਂ ਵਾਲਾ, ਜਗਤਾਰ ਕਾਲਾ, ਰਘੂਨਾਥ ਸਿੰਗਲਾ, ਹਰਕੇਸ਼ ਮੰਡੇਰ, ਮਨਪ੍ਰੀਤ ਫਰੀਦਕੇ, ਸੁਖਦੇਵ ਬੋੜਾਵਾਲ, ਲਾਭ ਸਿੰਘ ਵਰੇ, ਬੰਬੂ ਸਿੰਘ, ਚਿਮਨ ਲਾਲ ਕਾਕਾ, ਤੇਜ ਰਾਮ ਆਮਦਪੁਰ, ਦਰਸ਼ਨ ਗੁਰਨੇ, ਮੱਖਣ ਰੰਘੜਿਆਲ ਅਸ਼ੋਕ ਲਾਕੜਾ ਕਮੇਟੀ ਮੈਂਬਰ ਚੁਣੇ ਗਏ। ਜ਼ਿਲ੍ਹਾ ਕਾਨਫਰੰਸ ਲਈ ਡੈਲੀਗੇਟਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਮੀਤ ਬੋੜਾਵਾਲ, ਭੁਪਿੰਦਰ ਗੁਰਨੇ, ਕਰਨੈਲ ਸਿੰਘ ਦਾਤੇਵਾਸ, ਭੁਪਿੰਦਰ ਗੁਰਨੇ, ਨਰਿੰਜਨ ਬੋਹਾ ਆਦਿ ਆਗੂਆਂ ਨੇ ਸੰਬੋਧਨ ਕੀਤਾ। ਅੰਤ 'ਚ ਪ੍ਰਧਾਨਗੀ ਮੰਡਲ ਵੱਲੋਂ ਮਾਸਟਰ ਗੁਰਬਚਨ ਸਿੰਘ ਮੰਦਰਾਂ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ।

### ਪੀ ਯੂ ਦੀ ਸੈਨੇਟ ਤੇ...

ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਪਿਛਲੇ 60 ਸਾਲ ਤੋਂ ਚਲੇ ਆ ਰਹੇ ਸੈਨੇਟ ਅਤੇ ਸਿੰਡੀਕੇਟ ਰਾਹੀਂ ਚੱਲ ਰਹੇ ਪ੍ਰਬੰਧ ਨੂੰ ਬਦਲ ਕੇ ਨਿਯੁਕਤੀ ਰਾਹੀਂ ਪ੍ਰਬੰਧਕੀ ਚੋਣਾਂ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ, ਜਿਸ ਵਿਚ ਚੰਡੀਗੜ੍ਹ ਤੋਂ ਚੁਣਿਆ ਗਿਆ ਸੰਸਦ ਮੈਂਬਰ, ਯੂ ਟੀ ਦਾ ਪ੍ਰਮੁੱਖ ਸਕੱਤਰ, ਸਿੱਖਿਆ ਸਕੱਤਰ ਅਤੇ ਪੰਜਾਬ ਦੇ ਸੀਨੀਅਰ ਅਧਿਕਾਰੀਆਂ ਨੂੰ ਸ਼ਾਮਲ ਕੀਤਾ ਗਿਆ ਹੈ।ਸੈਨੇਟ ਦੀ ਤਾਕਤ ਨੂੰ 90 ਮੈਂਬਰਾਂ ਤੋਂ ਘਟਾ ਕੇ 31 ਕਰ ਦਿੱਤੀ ਗਈ ਹੈ, ਜਿਸ ਵਿਚ 18 ਮੈਂਬਰ ਚੁਣੇ ਹੋਏ, 6 ਨਾਮਜ਼ਦ ਅਤੇ 7 ਅਹੁਦੇਦਾਰ ਸ਼ਾਮਲ ਹੋਣਗੇ।ਕਮਿਊਨਿਸਟ ਆਗੂ ਸਾਥੀ ਅਰਸ਼ੀ ਨੇ ਮੋਦੀ ਸਰਕਾਰ ਦੇ ਇਸ ਫੈਸਲੇ ਦੀ ਨਿਖੇਧੀ ਕਰਦੇ ਹੋਏ ਦੋਸ਼ ਲਾਇਆ ਕਿ ਪਹਿਲਾਂ ਬੀ ਬੀ ਐੱਮ ਬੀ ਸਮੇਤ ਅਨੇਕਾਂ ਫੈਸਲੇ ਅਤੇ ਹੁਣ ਪੀ ਯੂ ਦੇ ਸੈਨੇਟ ਅਤੇ ਸਿੰਡੀਕੇਟ ਨੂੰ ਭੰਗ ਕਰਨ ਦੇ ਫੈਸਲੇ ਲੋਕਤੰਤਰ ਦਾ ਕਤਲ, ਕੇਂਦਰੀਕਰਨ ਬਹਾਨੇ ਕੇਂਦਰੀ ਸੰਸਥਾਵਾਂ ਦਾ ਭਗਵਾਂਕਰਨ ਕੀਤਾ ਜਾ ਰਿਹਾ ਹੈ ਅਤੇ ਸੂਬਾਈ ਸਰਕਾਰਾਂ ਦੇ ਅਧਿਕਾਰਾਂ ਨੂੰ ਖਤਮ ਕੀਤਾ ਜਾ ਰਿਹਾ ਹੈ।ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਤੇ ਏਟਕ ਆਗੂ ਐਡਵੋਕੇਟ ਕੁਲਵਿੰਦਰ ਉਡਤ ਨੇ ਖੱਬੇ ਪੱਖੀ ਪਾਰਟੀਆਂ ਵੱਲੋਂ ਦਿੱਤੇ ਗਏ ਸੱਦੇ ਮੋਦੀ ਸਰਕਾਰ ਖ਼ਿਲਾਫ਼ ਸੰਘਰਸ਼ ਨੂੰ ਤੇਜ਼ ਕਰਨਾ ਸਮੇਂ ਦੀ ਲੋੜ ਦੱਸਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਸੀਰ ਰਾਏਕੇ, ਮਲਕੀਤ ਮੰਦਰਾਂ, ਗੋਰਾ ਟਾਹਲੀਆਂ, ਰਘੂਨਾਥ ਸਿੰਗਲਾ, ਚਿਮਨ ਲਾਲ ਕਾਕਾ, ਹਰਦਿਆਲ ਸਿੰਘ, ਬੱਬੂ ਸਿੰਘ, ਜੱਗਾ ਸ਼ੇਰ ਖਾਂ ਵਾਲਾ, ਅਸ਼ੋਕ ਲਾਕੜਾ, ਸੁਖਦੇਵ ਬੋੜਾਵਾਲ, ਹਰਮੀਤ ਬੋੜਾਵਾਲ, ਭੁਪਿੰਦਰ ਗੁਰਨੇ, ਦਰਸ਼ਨ ਗੁਰਨੇ, ਮੱਖਣ ਰੰਘੜਿਆਲ, ਮਲਕੀਤ ਬਖਸ਼ੀਵਾਲਾ ਆਦਿ ਆਗੂਆਂ ਨੇ ਸੰਬੋਧਨ ਕੀਤਾ।

### 'ਪੈਨਸ਼ਨਰ ਸੇਵਾ ਪੋਰਟਲ'...

ਕਰਾਉਣਾ, ਉਤਰਾਅਧਿਕਾਰੀ ਮਡਿਊਲ ਰਾਹੀਂ ਪੈਨਸ਼ਨ ਨੂੰ ਪਰਿਵਾਰਕ ਪੈਨਸ਼ਨ ਵਿੱਚ ਤਬਦੀਲ ਕਰਨ ਲਈ ਅਰਜ਼ੀ ਦੇਣਾ, ਲੀਵ ਟਰੈਵਲ ਕਨਸੈਸ਼ਨ (ਐੱਲ ਟੀ ਸੀ) ਲੈਣ ਲਈ ਅਰਜ਼ੀ ਦੇਣਾ, ਸ਼ਿਕਾਇਤ ਨਿਵਾਰਨ ਮਡਿਊਲ ਰਾਹੀਂ ਪੈਨਸ਼ਨ ਸੰਬੰਧੀ ਸ਼ਿਕਾਇਤਾਂ ਦਰਜ ਕਰਨਾ ਅਤੇ ਪ੍ਰੋਫਾਈਲ ਅਪਡੇਸ਼ਨ ਮਡਿਊਲ ਰਾਹੀਂ ਪੈਨਸ਼ਨਰ ਦੇ ਨਿੱਜੀ ਵੇਰਵਿਆਂ ਵਿੱਚ ਅਪਡੇਸ਼ਨ/ ਬਦਲਾਅ ਕਰਨਾ ਸ਼ਾਮਲ ਹੈ। 'ਜੀਵਨ ਪ੍ਰਮਾਣ' ਮੋਬਾਇਲ ਐਪ ਐਂਡਰਾਇਡ 'ਤੇ https://play.google.com/store/apps/details?id=com.aadhaar.life ਅਤੇ ਐਪਲ ਫੋਨ ਲਈ https://apps.apple.com/in/app/jeevanpramaan/idFGCFCEID@E 'ਤੇ ਉਪਲੱਬਧ ਹੈ।

## ਤਰਣਦੀਪ ਸਿੰਘ ਵੱਲੋਂ ਹਰਮੀਤ ਸਿੰਘ ਸੰਧੂ ਦੇ ਹੱਕ 'ਚ ਮੁਹਿੰਮ



**ਜਲੰਧਰ** : ਆਮ ਆਦਮੀ ਪਾਰਟੀ ਦੇ ਦੁਆਬਾ ਮੀਡੀਆ ਇੰਚਾਰਜ ਤਰਣਦੀਪ ਸਿੰਘ ਨੇ ਕਿਹਾ ਕਿ ਤਰਨ ਤਾਰਨ ਦੀ ਜ਼ਿਮਨੀ ਚੋਣ ਪਾਰਟੀ ਲਈ ਬਹੁਤ ਮਹੱਤਵਪੂਰਨ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਉਮੀਦਵਾਰ ਹਰਮੀਤ ਸਿੰਘ ਸੰਧੂ ਲੋਕਾਂ ਦੇ ਵਿਸ਼ਵਾਸ ਦਾ ਪ੍ਰਤੀਕ ਹੈ ਜੋ ਭਗਵੰਤ ਮਾਨ ਸਰਕਾਰ ਦੀ ਸਾਫ਼ ਤੇ ਲੋਕ-ਹਿਤੈਸ਼ੀ ਨੀਤੀਆਂ ਨੂੰ ਅੱਗੇ ਲੈ ਕੇ ਜਾ ਰਹੇ ਹਨ।ਤਰਣਦੀਪ ਸਿੰਘ ਨੇ ਕਿਹਾ ਕਿ ਲੋਕਾਂ ਦਾ ਸਮਰਥਨ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਦਿਨੋਂ-ਦਿਨ ਵੱਧ ਰਿਹਾ ਹੈ ਅਤੇ ਤਰਨ ਤਾਰਨ ਵਿੱਚ ਆਮ ਆਦਮੀ ਪਾਰਟੀ ਦੀ ਲਹਿਰ ਹੋਰ ਮਜ਼ਬੂਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ, ਕਿਸਾਨਾਂ ਤੇ ਰੋਜ਼ਗਾਰ ਖੇਤਰਾਂ ਵਿੱਚ ਸਰਕਾਰ ਵੱਲੋਂ ਕੀਤੇ ਗਏ ਇਤਿਹਾਸਕ ਕਦਮਾਂ ਨੇ ਲੋਕਾਂ ਵਿਚ ਨਵਾਂ ਵਿਸ਼ਵਾਸ ਪੈਦਾ ਕੀਤਾ ਹੈ। ਇਹੀ ਵਿਸ਼ਵਾਸ ਤਰਨ ਤਾਰਨ ਦੀ ਜਿਮਨੀ ਚੋਣ ਵਿਚ ਜਿੱਤ ਦੀ ਵਜ੍ਹਾ ਬਣੇਗਾ।ਤਰਣਦੀਪ ਸਿੰਘ ਨੇ ਕਿਹਾ ਕਿ ਇਹ ਚੋਣ ਸੱਚਾਈ ਤੇ ਇਮਾਨਦਾਰੀ ਦੀ ਜਿੱਤ ਹੋਵੇਗੀ।ਪਾਰਟੀ ਦੇ ਸਾਰੇ ਵਰਕਰ ਇਕਜੁੱਟ ਹੋ ਕੇ ਹਰ ਘਰ ਤੱਕ ਭਗਵੰਤ ਮਾਨ ਸਰਕਾਰ ਦੇ ਵਿਕਾਸੀ ਕੰਮ ਅਤੇ ਹਰਮੀਤ ਸਿੰਘ ਸੰਧੂ ਦਾ ਸੁਨੇਹਾ ਪਹੁੰਚਾ ਰਹੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਘਰ-ਘਰ ਮੁਹਿੰਮ ਹੋਰ ਤੇਜ਼ ਕੀਤੀ ਜਾਵੇਗੀ ਤਾਂ ਜੋ ਲੋਕਾਂ ਤੱਕ ਪੰਜਾਬ ਸਰਕਾਰ ਦੇ ਲੋਕ-ਹਿਤੈਸ਼ੀ ਕਦਮ ਤੇ ਆਮ ਆਦਮੀ ਪਾਰਟੀ ਦਾ ਮਕਸਦ ਸਾਫ਼ ਤਰੀਕੇ ਨਾਲ ਪਹੁੰਚ ਸਕੇ।ਤਰਨਦੀਪ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸ਼ੁਰੂ ਕੀਤਾ ਗਿਆ ਵਿਕਾਸ ਮਾਡਲ ਤਰਨ ਤਾਰਨ ਵਿਚ ਵੀ ਨਵੀਂ ਤਰੱਕੀ ਤੇ ਬਦਲਾਅ ਲਿਆਵੇਗਾ।

### ਫ੍ਰੀਮੇਸਨਜ਼ ਸੁਸਾਇਟੀ ਦੇ ਲੌਜ ਵਿਸ਼ਵਕਰਮਾ ਵੱਲੋਂ ਨਕਲੀ ਅੰਗਦਾਨ ਕੈਂਪ ਦਾ ਆਯੋਜਨ



**ਲੁਧਿਆਣਾ (ਐਮ ਐਸ ਭਾਟੀਆ)**-ਫ੍ਰੀਮੇਸਨਜ਼ ਸੁਸਾਇਟੀ ਦੇ ਲੌਜ ਵਿਸ਼ਵਕਰਮਾ ਨੰਬਰ 173 ਵੱਲੋਂ ਲੋੜਵੰਦ ਦਿਵਿਆਂਗਾਂ ਲਈ 31ਵਾਂ ਨਕਲੀ ਅੰਗਦਾਨ ਕੈਂਪ ਲਾਇਆ ਗਿਆ। ਲੌਜ ਦੇ ਵਰਸ਼ਿਪ ਮਾਸਟਰ ਬ੍ਰਦਰ ਉਮੰਗ ਜੋਸ਼ੀ ਨੇ ਦੱਸਿਆ ਕਿ ਫ੍ਰੀਮੇਸਨਜ਼ ਇੱਕ ਅੰਤਰਰਾਸ਼ਟਰੀ ਪੱਧਰ ਦੀ ਸੰਸਥਾ ਹੈ, ਜੋ ਨਾ ਸਿਰਫ਼ ਭਾਰਤ ਸਗੋਂ ਵਿਸ਼ਵ ਭਰ 'ਚ ਫੈਲੀ ਹੋਈ ਹੈ।ਸੰਸਥਾ ਦੇ ਤਿੰਨ ਮਾਰਗਦਰਸ਼ਕ ਸਿਧਾਂਤ ਹਨ ਭਾਈਚਾਰਕ ਪਿਆਰ, ਰਾਹਤ 'ਤੇ ਸੱਚਾਈ।ਉਨ੍ਹਾਂ ਅੱਗੇ ਕਿਹਾ ਅਸੀਂ ਆਪਣੀਆਂ ਸਮਾਜ ਸੇਵਾ ਪ੍ਰੋਜੈਕਟਾਂ ਰਾਹੀਂ ਉਹੀ ਸੰਦੇਸ਼ ਅੱਗੇ ਲੈ ਕੇ ਜਾਣ ਦੀ ਕੋਸ਼ਿਸ਼ ਕਰਦੇ ਹਾਂ। ਉਨ੍ਹਾਂ ਨੇ ਅੱਗੇ ਕਿਹਾ ਕਿ ਲੁਧਿਆਣੇ 'ਚ ਅਸੀਂ 56 ਮੈਂਬਰਾਂ ਦਾ ਇੱਕ ਮਜ਼ਬੂਤ ਪਰਵਾਰ ਹਾਂ, ਜੋ ਦਾਨ ਤੇ ਸਮਾਜਿਕ ਪ੍ਰੋਗਰਾਮਾਂ ਦਾ ਆਯੋਜਨ ਕਰਦੇ ਰਹਿੰਦੇ ਹਾਂ।ਇਸ 'ਚ ਨਾ ਸਿਰਫ਼ ਮੈਂਬਰ ਸਗੋਂ ਉਨ੍ਹਾਂ ਦੇ ਦੋਸਤ ਤੇ ਪਰਵਾਰਕ ਮੈਂਬਰ ਵੀ ਸ਼ਾਮਲ ਹੁੰਦੇ ਹਨ।ਜੋਸ਼ੀ ਨੇ ਅੱਗੇ ਦੱਸਿਆ ਕਿ ਇਹ ਪ੍ਰੋਗਰਾਮ 2010 'ਚ ਸ਼ੁਰੂ ਕੀਤਾ ਗਿਆ ਸੀ।ਯਾਦਗਾਰ ਬਣਾਉਣ ਲਈ ਸੰਸਥਾ ਦੇ ਲੁਧਿਆਣਾ ਲੌਜ ਵੱਲੋਂ 50 ਨਕਲੀ ਅੰਗ ਦਾਨ ਕਰਨ ਦਾ ਪ੍ਰਬੰਧ ਕੀਤਾ ਗਿਆ ਸੀ, ਜਿਸ 'ਚ 20 ਲੋੜਵੰਦ ਦਿਵਿਆਂਗਾਂ ਨੂੰ ਨਕਲੀ ਅੰਗ ਦਾਨ ਕੀਤੇ ਗਏ।ਇਸ ਮੌਕੇ ਆਯੋਜਨ 'ਚ ਮੌਜੂਦ ਸਾਰੇ ਲੋਕਾਂ ਲਈ ਮੈਂਬਰਾਂ ਵੱਲੋਂ ਲੰਗਰ ਦਾ ਆਯੋਜਨ ਵੀ ਕੀਤਾ ਗਿਆ।

## ਹਰਪਾਲ ਸਿੰਘ ਚੀਮਾ ਵੱਲੋਂ ਦਿੜ੍ਹਬਾ ਹਲਕੇ ਦੇ ਹੜ੍ਹ ਪ੍ਰਭਾਵਤ ਕਿਸਾਨਾਂ ਨੂੰ ਮੁਆਵਜ਼ੇ ਦੀ ਵੰਡ



**ਦਿੜ੍ਹਬਾ/ਸੰਗਰੂਰ (ਜਸਵੀਰ ਲਾਡੀ/ਪ੍ਰਵੀਨ ਸਿੰਘ)**-ਪੰਜਾਬ ਦੇ ਵਿੱਤ, ਕਰ ਤੇ ਆਬਕਾਰੀ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਵੱਲੋਂ ਅੱਜ ਦਿੜ੍ਹਬਾ ਹਲਕੇ ਦੇ 11 ਪਿੰਡਾਂ ਦੇ 81 ਕਿਸਾਨਾਂ ਨੂੰ 22.71 ਲੱਖ ਰੁਪਏ ਦੇ ਮੁਆਵਜ਼ਾ ਮਨਜ਼ੂਰੀ ਪੱਤਰ ਸੌਂਪੇ ਗਏ।ਇਸ ਮੌਕੇ ਸ੍ਰ. ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਵੱਲੋਂ ਨੁਕਸਾਨ ਦੇ 30 ਦਿਨ ਦੇ ਅੰਦਰ-ਅੰਦਰ ਮੁਆਵਜ਼ੇ ਦੀ ਵੰਡ ਸ਼ੁਰੂ ਕੀਤੀ ਗਈ ਹੋਵੇ ਤੇ ਮੁਆਵਜ਼ਾ ਰਾਸ਼ੀ ਵੀ ਤਿੰਨ ਗੁਣਾਂ ਤੱਕ ਵਧਾ ਕੇ ਪ੍ਰਤੀ ਏਕੜ ਦੇ ਨੁਕਸਾਨ ਦਾ ਮੁਆਵਜ਼ਾ 20 ਹਜ਼ਾਰ ਕੀਤਾ ਗਿਆ ਹੋਵੇ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ, ਲੋਕਾਂ ਦੇ ਦੁੱਖਾਂ ਤੇ ਦਰਦਾਂ ਨੂੰ ਸਮਝਦੀ ਹੈ ਤੇ ਲੋਕਾਂ ਦੇ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਹੈ।ਦਿੜ੍ਹਬਾ ਹਲਕੇ ਦੇ ਪਿੰਡ ਉਗਰਾਹਾਂ, ਨੀਲੋਵਾਲ, ਹੰਬਲਵਾਸ, ਰਤਨਗੜ੍ਹ, ਰਤਨਗੜ੍ਹ ਪਾਟਿਆਵਾਲੀ, ਛਾਜਲੀ, ਭੈਣੀ ਗੰਢੂਆ, ਕਣਕਵਾਲ ਭੰਗੂਆਂ, ਗੰਢੂਆ, ਗੋਬਿੰਦਗੜ੍ਹ ਜੇਜੀਆਂ, ਸਤੌਜ ਤੇ ਧਰਮਗੜ੍ਹ ਦੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸ੍ਰ. ਹਰਪਾਲ ਸਿੰਘ ਚੀਮਾ ਨੇ ਕਿਹਾ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹੜ੍ਹ ਤੇ ਬਰਸਾਤਾਂ ਕਾਰਨ ਨੁਕਸਾਨੀ ਫ਼ਸਲ ਦਾ ਮੁਆਵਜ਼ਾ ਪ੍ਰਭਾਵਿਤ ਕਿਸਾਨਾਂ ਤੱਕ ਪੁੱਜਦਾ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਭਾਵੇਂ ਸੰਗਰੂਰ ਤੇ ਦਿੜ੍ਹਬਾ ਵਿੱਚ ਨੁਕਸਾਨ ਘੱਟ ਹੋਇਆ ਹੈ, ਪਰ ਫੇਰ ਵੀ ਹਰੇਕ ਪ੍ਰਭਾਵਿਤ ਕਿਸਾਨ ਨੂੰ ਮੁਆਵਜ਼ਾ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸੂਬੇ ਦੇ ਹਰੇਕ ਹੜ੍ਹ ਪੀੜਤ ਕਿਸਾਨ ਨੂੰ ਮੁਆਵਜ਼ਾ ਦੇਣ ਲਈ ਪੰਜਾਬ ਸਰਕਾਰ ਵਚਨਬੱਧ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹਾਂ ਦੇ ਮੁਆਵਜ਼ੇ ਸਬੰਧੀ ਸੂਬੇ ਲਈ 209 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਜਾਰੀ ਕੀਤੀ ਹੈ, ਜਿਸ ਵਿੱਚੋਂ ਜ਼ਿਲ੍ਹਾ ਸੰਗਰੂਰ ਦੇ ਹੜ੍ਹ ਪੀੜਤਾਂ ਨੂੰ 3.50 ਕਰੋੜ ਰੁਪਏ ਵੰਡੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰਨਾਂ ਹੜ੍ਹ ਪੀੜਤਾਂ ਨੂੰ ਵੀ ਮੁਆਵਜ਼ੇ ਦੇ ਮਨਜ਼ੂਰੀ ਪੱਤਰ ਸੌਂਪੇ ਜਾਣਗੇ।

## ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ



**ਬੁਢਲਾਡਾ (ਅਸ਼ੋਕ ਲਾਕੜਾ)**-ਸਿੱਖ ਧਰਮ ਦੇ ਮੋਢੀ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ 556ਵਾਂ ਪ੍ਰਕਾਸ਼ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਬੁਢਲਾਡਾ ਵਿਖੇ ਸਮੂਹ ਸਾਧ ਸੰਗਤ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਡਾਕਟਰ ਕਮਲਜੀਤ ਸਿੰਘ ਬੌਬੀ ਨੇ ਦੱਸਿਆ ਕਿ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਸਭਾ ਨਵੀਨ ਵਿਖੇ ਪ੍ਰਕਾਸ਼ ਗੁਰਪੁਰਬ 3, 4 ਤੇ 5 ਨਵੰਬਰ ਨੂੰ ਮਨਾਇਆ ਜਾ ਰਿਹਾ ਹੈ।ਇਸ ਹੀ ਲੜੀ ਤਹਿਤ 3 ਨਵੰਬਰ ਨੂੰ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਗਏ ਤੇ ਇਸ ਹੀ ਦਿਨ ਕਰੀਬ 12:00 ਵਜੇ ਮਹਾਨ ਅਲੌਕਿਕ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਤੋਂ ਰਵਾਨਾ ਹੋਇਆ ਜੋ ਕਿ ਗਾਂਧੀ ਬਜ਼ਾਰ,ਭੀਖੀ ਰੋਡ, ਬੱਸ ਸਟੈਂਡ ਰੋਡ, ਬੁਢਲਾਡਾ ਪਿੰਡ ਦੀ ਫਿਰਨੀ, ਫੁਹਾਰਾ ਚੌਂਕ ਤੇ ਰੇਲਵੇ ਰੋਡ ਤੋਂ ਹੁੰਦਾ ਹੋਇਆ ਦੇਰ ਸ਼ਾਮ ਗੁਰਦੁਆਰਾ ਸਾਹਿਬ ਵਿਖੇ ਪਹੁੰਚਿਆ।ਨਗਰ ਕੀਰਤਨ ਦੌਰਾਨ ਸ਼ਹੀਦ ਬਾਬਾ ਦੀਪ ਸਿੰਘ ਅਖਾੜਾ ਗਤਕਾ ਪਾਰਟੀ (ਬੁਢਲਾਡਾ), ਗ੍ਰੇਟ ਪਟਿਆਲਾ ਬੈਂਡ (ਬਰਨਾਲਾ), ਧਾਰਮਿਕ ਸੰਸਥਾਵਾਂ ਤੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਦੇ ਬੱਚਿਆਂ ਨੇ ਨਗਰ ਕੀਰਤਨ ਦੀ ਸ਼ੋਭਾ ਨੂੰ ਵਧਾਇਆ।ਇਸ ਦੌਰਾਨ ਹਜ਼ੂਰੀ ਰਾਗੀ ਜਥਾ ਭਾਈ ਮੱਖਣ ਸਿੰਘ ਦੇ ਰਾਗੀ ਜਥੇ ਨੇ ਮਨੋਹਰ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਨਗਰ ਕੀਰਤਨ ਦੌਰਾਨ ਸੰਗਤਾਂ ਵੱਲੋਂ ਪੂੜੀ ਛੋਲਿਆਂ, ਸੈਂਡਵਿਚ, ਜਲੇਬੀਆਂ,ਚਾਹ, ਦੁੱਧ ਅਤੇ ਕੇਲਿਆਂ ਦੇ ਲੰਗਰ ਲਗਾਏ ਗਏ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

4-Nov Page 11-Majha-25-.qxd 11/3/2025 10:39 PM Page 1



# ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂਆਂ ਮੁੱਖ ਮੰਤਰੀ ਦੇ ਨਾਂਅ ਸੌਂਪਿਆ ਮੰਗ ਪੱਤਰ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਆਗੂ ਜੋਗਿੰਦਰ ਸਿੰਘ ਖੰਨਾ ਚਮਾਰਾ ਦੀ ਅਗਵਾਈ ਹੇਠ ਬਲਾਕ ਡੇਰਾ ਬਾਬਾ ਨਾਨਕ ਦੇ ਆਗੂਆਂ ਵੱਲੋਂ ਆਮ ਆਦਮੀ ਪਾਰਟੀ ਦੇ ਡੇਰਾ ਬਾਬਾ ਨਾਨਕ ਤੋਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਮ 'ਤੇ ਮੰਗ ਪੱਤਰ ਭੇਜਿਆ ਗਿਆ ਜਿਸ ਵਿੱਚ ਆਗੂਆਂ ਨੇ ਮੰਗ ਕੀਤੀ ਕਿ ਪਿਛਲੇ ਦਿਨੀਂ ਪੰਜਾਬ 'ਚ ਆਏ ਹੜ੍ਹਾਂ ਕਾਰਨ ਜੋ ਤਬਾਹੀ ਦਰਿਆਵਾਂ ਦੇ ਨਾਲ ਲੱਗਦੇ ਇਲਾਕਿਆਂ ਖਾਸ ਕਰ ਦਰਿਆ ਰਾਵੀ ਦੇ ਨਾਲ ਲੱਗਦੇ ਇਲਾਕੇ ਵਿੱਚ ਹੋਈ ਹੈ, ਉਸ ਤੋਂ ਤਾਂ ਆਪ ਭਲੀ ਭਾਂਤ ਜਾਣੂ ਹੋ।ਬਹੁਤ ਚੰਗੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਇਸ ਮੁਸੀਬਤ ਦੀ ਘੜੀ ਵਿੱਚ ਲੋਕਾਂ ਨੂੰ ਕੁਝ ਰਾਹਤ ਦੇਣ ਲਈ ਹੜ੍ਹਾਂ ਦੇ ਨਾਲ ਨਸ਼ਟ ਹੋਈਆਂ ਫਸਲਾਂ ਅਤੇ ਹੋਏ ਹੋਰ ਨੁਕਸਾਨ ਲਈ ਮੁਆਵਜ਼ੇ ਦਾ ਐਲਾਨ ਕੀਤਾ ਹੈ, ਪਰ ਬੜੇ ਦੁੱਖ ਨਾਲ ਸਾਨੂੰ ਇਹ ਕਹਿਣਾ ਪੈ ਰਿਹਾ ਹੈ ਕਿ ਹੜ੍ਹ ਪੀੜਤ ਕਿਸਾਨਾਂ ਨੂੰ ਦਿੱਤੇ ਜਾਣ ਵਾਲੇ ਇਸ ਮੁਆਵਜ਼ੇ ਦਾ ਪਰਦੇਸ਼ ਸਰਕਾਰ ਤੇ ਸੈਂਟਰ ਸਰਕਾਰ ਦੀ ਮਾਲਕੀ ਵਾਲੀ ਜ਼ਮੀਨ ਉਪਰ ਖੇਤੀ ਕਰ ਰਹੇ ਕਿਸਾਨਾਂ ਨੂੰ ਹੱਕਦਾਰ ਨਹੀਂ ਮੰਨਿਆ ਗਿਆ।ਸਰਕਾਰ ਦੀ ਇਸ ਮੁਆਵਜ਼ਾ ਨੀਤੀ ਦੇ ਚਲਦਿਆਂ ਇਹ ਕਿਸਾਨ ਮੁਆਵਜ਼ੇ ਦੇ ਰੂਪ ਵਿੱਚ ਮਿਲਨ ਵਾਲੀ ਇਸ ਰਾਹਤ ਤੋਂ ਵਾਂਝੇ ਰਹਿ ਜਾਣਗੇ ਜੋ ਕਿ ਇਨ੍ਹਾਂ ਕਿਸਾਨਾਂ ਨਾਲ ਘੋਰ ਬੇ-ਇਨਸਾਫੀ ਹੈ ਕਿਉਂਕਿ ਹੜ੍ਹਾਂ ਨੇ ਇਨ੍ਹਾਂ ਕਿਸਾਨਾਂ ਨੂੰ ਤਬਾਹੀ ਦੀ ਮਾਰ ਸਗੋਂ ਦੂਜੇ ਕਿਸਾਨਾਂ ਨਾਲੇ ਵੀ ਵੱਧ ਕੇ ਮਾਰੀ ਹੈ।ਇਸੇ ਤਰ੍ਹਾਂ ਪੰਚਾਇਤੀ ਵਕਫ ਬੋਰਡ, ਸ਼੍ਰੋਮਣੀ ਕਮੇਟੀ, ਹੋਰ ਅਦਾਰਿਆਂ ਤੇ ਨਿੱਜੀ ਮਾਲਕੀ ਵਾਲੀ ਜ਼ਮੀਨ ਠੇਕੇ/ਪਟੇ ਉੱਪਰ ਲੈ ਕੇ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਸਮੇਂ ਸਮੇਂ ਉਪਰ ਕੁਦਰਤੀ ਕਰੋਪੀ ਨਾਲ ਤਬਾਹ ਹੋਈਆਂ ਫਸਲਾਂ ਦਾ ਸਰਕਾਰੀ ਮੁਆਵਜ਼ਾ ਲੈਣ ਵਿੱਚ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੰਗ ਪੱਤਰ ਰਾਹੀਂ ਅਸੀਂ ਆਪ ਜੀ ਤੋਂ ਪੁਰਜ਼ੋਰ ਮੰਗ ਕੀਤੀ ਕਿ ਪ੍ਰਦੇਸ਼ ਸਰਕਾਰ/ਸੈਂਟਰ ਸਰਕਾਰ ਦੀ ਜ਼ਮੀਨ ਉਪਰ ਖੇਤੀ ਕਰ ਰਹੇ ਕਿਸਾਨਾਂ



ਨੂੰ ਸਰਕਾਰੀ ਮੁਆਵਜ਼ੇ ਦਾ ਹੱਕਦਾਰ ਮੰਨਿਆ ਜਾਵੇ ਅਤੇ ਦੂਜੇ ਹੜ੍ਹ ਪ੍ਰਭਾਵਤ ਕਿਸਾਨਾਂ ਵਾਂਗ ਇਨ੍ਹਾਂ ਕਿਸਾਨਾਂ ਨੂੰ ਵੀ ਬਿਨਾਂ ਵਿਤਕਰਾ ਮੁਆਵਜ਼ਾ ਦਿੱਤਾ ਜਾਵੇ।ਪੰਚਾਇਤਾਂ, ਵਕਫ ਬੋਰਡ, ਸ਼੍ਰੋਮਣੀ ਕਮੇਟੀ ਸਮੇਤ ਹੋਰ ਅਦਾਰਿਆਂ ਅਤੇ ਨਿੱਜੀ ਮਾਲਕੀ ਵਾਲੀਆਂ ਜ਼ਮੀਨਾਂ ਠੇਕੇ/ਪਟੇ 'ਤੇ ਲੈ ਕੇ ਖੇਤੀ ਕਰਨ ਵਾਲੇ ਕਿਸਾਨਾਂ ਲਈ ਮੁਆਵਜ਼ਾ ਅਦਾ ਕਰਨ ਦੀ ਵਿਧੀ ਨੂੰ ਸਰਲ ਬਣਾ ਕੇ ਸਮੂਹ ਗੈਰ-ਮਾਲਕ ਕਾਸ਼ਤਕਾਰ ਕਿਸਾਨਾਂ ਨੂੰ ਮੁਆਵਜ਼ੇ ਦੀ ਸਮੇਂ-ਸਿਰ ਅਦਾਇਗੀ ਯਕੀਨੀ ਬਣਾਈ ਜਾਵੇ।ਇਸ ਮੌਕੇ ਸਾਬਕਾ ਸਰਪੰਚ ਹਰਜੀਤ ਸਿੰਘ ਠੇਠਰਕੇ, ਸਤਬੀਰ ਸਿੰਘ, ਜਰਨੈਲ ਸਿੰਘ, ਅਵਤਾਰ ਸਿੰਘ ਅਤੇ ਸੁੱਚਾ ਸਿੰਘ ਆਦਿ ਹਾਜ਼ਰ ਸਨ।

# ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 10 ਤੋਂ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਵਰਿਆਮ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਗੁਰਦਾਸਪੁਰ ਨੇ ਦੱਸਿਆ ਕਿ ਡੇਅਰੀ ਫਾਰਮਰਾਂ ਲਈ 2 ਹਫ਼ਤੇ ਦਾ ਡੇਅਰੀ ਸਿਖਲਾਈ ਕੋਰਸ 10 ਤੋਂ 21 ਨਵੰਬਰ (2 ਹਫਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜ਼ਿਲਾ ਅੰਮ੍ਰਿਤਸਰ ਅਤੇ ਗੁਰਦਾਸਪੁਰ ਵਿਖੇ ਚਲਾਇਆ ਜਾਣਾ ਹੈ।ਜ਼ਿਲਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ, ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜ਼ਿਲਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰ 508 ਵਿਖੇ 10 ਨਵੰਬਰ ਤੱਕ ਅਰਜ਼ੀਆਂ ਦੇ ਸਕਦੇ ਹਨ।

ਉਨ੍ਹਾਂ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ ਮਿਤੀ 10 ਨਵੰਬਰ ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ ਜ਼ਿਲਾ ਅੰਮ੍ਰਿਤਸਰ ਅਤੇ ਗੁਰਦਾਸਪੁਰ ਵਿਖੇ ਕਰਵਾਈ ਜਾਣੀ ਹੈ।ਇਸ ਸਿਖਲਾਈ ਕੋਰਸ ਵਿੱਚ ਜਿਲਾ ਗੁਰਦਾਸਪੁਰ ਨਾਲ ਸਬੰਧਤ ਬੇਰੁਜਗਾਰ ਨੌਜਵਾਨ ਲੜਕੇ/ਲੜਕੀਆਂ ਜੋ ਘੱਟੋ-ਘੱਟ 5 ਵੀਂ ਪਾਸ ਹੋਣ,ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।ਚਾਹਵਾਨ ਲੜਕੇ/ਲੜਕੀਆਂ ਇਸ ਸਬੰਧੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ, ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।

# ਆਗਾਮੀ ਜ਼ਿਲਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ 'ਆਪ' ਭਾਰੀ ਬਹੁਮਤ ਨਾਲ ਜਿੱਤੇਗੀ : ਤਲਬੀਰ ਗਿੱਲ

ਮਜੀਠਾ (ਸੋਮਿਲ ਆਨੰਦ)-ਆਗਾਮੀ ਜ਼ਿਲਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਦਰਜ ਕਰੇਗੀ, ਪਾਰਟੀ ਦੇ ਅਹੁਦੇਦਾਰਾਂ ਤੇ ਵਲੰਟੀਅਰਾਂ ਨੇ ਹੁਣ ਹੀ ਇਨ੍ਹਾਂ ਚੋਣਾਂ ਲਈ ਕਮਰ ਕੱਸਣੀ ਸ਼ੁਰੂ ਕਰ ਦਿੱਤੀ ਹੈ। ਇਹ ਪ੍ਰਗਟਾਵਾ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਆਪ ਵਰਕਰਾਂ ਨੂੰ ਸੰਬੋਧਨ ਕਰਦਿਆਂ ਕੀਤਾ।ਗਿੱਲ ਨੇ ਦਾਅਵਾ ਕੀਤਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਲੋਕ ਭ੍ਰਿਸ਼ਟਾਚਾਰ ਤੇ ਝੂਠੀ ਸਿਆਸਤ ਨੂੰ ਪੂਰੀ ਤਰ੍ਹਾਂ ਰੱਦ ਕਰਕੇ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ।ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਲਈ ਸਰਕਾਰ ਵੱਲੋਂ ਡੀ ਯੋਜਨਾ ਤਿਆਰ ਕੀਤੀ ਗਈ ਹੈ।ਖ਼ਾਸ ਕਰਕੇ ਸੜਕਾਂ ਦੇ ਨਵੀਨੀਕਰਨ, ਪਾਣੀ ਦੀ ਸਹੂਲਤ ਅਤੇ ਸਿਹਤ ਸੰਬੰਧੀ ਢਾਂਚੇ 'ਤੇ ਵਿਆਪਕ ਪੱਧਰ ਤੇ ਕੰਮ ਹੋਣ ਜਾ ਰਿਹਾ ਹੈ।ਹੜ੍ਹਾਂ ਦੀ ਮਾਰ ਹੇਠ ਆਏ ਇਲਾਕਿਆਂ ਬਾਰੇ ਗੱਲ ਕਰਦਿਆਂ ਗਿੱਲ ਨੇ ਕਿਹਾ ਕਿ ਲੋਕਾਂ ਦਾ ਬਹੁਤ ਵੱਡਾ ਨੁਕਸਾਨ ਹੋਇਆ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵਲੋਂ ਹੜ੍ਹ-ਪੀੜਤ



ਪਰਿਵਾਰਾਂ ਦੀ ਮੁੜ ਵਸੇਬਾ ਕਰਨ ਲਈ ਤੁਰੰਤ ਕਦਮ ਚੁੱਕਦਿਆਂ ਮੁਆਵਜ਼ਾ ਦਿੱਤਾ ਜਾ ਰਿਹਾ ਹੈ।ਉਨ੍ਹਾਂ ਨੇ ਕਿਹਾ ਕਿ ਭਾਜਪਾ ਨੂੰ ਘਟੀਆ ਸਿਆਸਤ ਕਰਨ ਦੀ ਬਜਾਏ ਲੋਕਾਂ ਦੇ ਨਾਲ ਖੜ੍ਹਨਾ ਚਾਹੀਦਾ ਸੀ, ਪਰ ਅਫ਼ਸੋਸ ਦੇਸ਼ ਦੇ ਪ੍ਰਧਾਨ ਮੰਤਰੀ ਲੋਕਾਂ ਦੀਆਂ ਭਾਵਨਾਵਾਂ ਤੇ ਖਰੇ ਨਹੀਂ ਉਤਰੇ।

ਇਸ ਮੌਕੇ ਬਲਜਿੰਦਰ ਸਿੰਘ ਢੀਂਗਾ ਨਿੱਜੀ ਸਕੱਤਰ ਗਿੱਲ, ਸਰਪੰਚ ਲਖਵਿੰਦਰ ਸਿੰਘ ਵੇਰੋਕਾ, ਸਤਨਾਮ ਸਿੰਘ ਨਾਗ ਨਵੇਂ, ਕਿਰਪਾਲ ਸਿੰਘ ਸੰਗਠਨ ਮੰਤਰੀ, ਚਨਪ੍ਰੀਤ ਸਿੰਘ ਅਜੈਬ ਵਾਲੀ, ਬਲਾਕ ਪ੍ਰਧਾਨ ਰੁਪਿੰਦਰ ਸਿੰਘ ਵਡਾਲਾ, ਚਰਨਜੀਤ ਸਿੰਘ ਵਡਾਲਾ, ਸੁਖਵਿੰਦਰ ਸਿੰਘ ਸੋਹੀ, ਬਿਕਰਮਜੀਤ ਸਿੰਘ ਸ਼ਾਮਨਗਰ, ਸਾਰੇ ਸਰਪੰਚ, ਹਰਸੁਖਜੀਤ ਸਿੰਘ ਮਾਲਟੂ, ਸਾਬਕਾ ਸਰਪੰਚ ਮਲਕੀਤ ਸਿੰਘ, ਪੰਚ ਰਛਪਾਲ ਸਿੰਘ, ਪੰਚ ਪ੍ਰਿਤਪਾਲ ਸਿੰਘ, ਸਰਿੰਦਰ ਸਿੰਘ ਗਿੱਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਵਰਕਰ ਹਾਜ਼ਰ ਸਨ।

## 52 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ

ਬਿਆਸ (ਪਰਮਜੀਤ ਸਿੰਘ ਰੱਖੜਾ)-ਥਾਣਾ ਮਹਿਤਾ ਦੀ ਪੁਲਸ ਵੱਲੋਂ ਇਕ ਕਥਿਤ ਦੋਸ਼ੀ ਨੂੰ 52 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਦਿਲਬਾਗ ਸਿੰਘ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਸੂਆ ਪਿੰਡ ਖੱਬੇ ਰਾਜਪੂਤਾਂ ਤੋਂ ਗਸ਼ਤ ਦੌਰਾਨ ਸ਼ੱਕੀ ਵਿਅਕਤੀ ਨੂੰ ਰੋਕਿਆ ਗਿਆ, ਜਿਸ ਦੀ ਤਲਾਸ਼ੀ ਦੌਰਾਨ 52 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ।ਉਨ੍ਹਾਂ ਦੱਸਿਆ ਕਥਿਤ



ਮੁਲਜ਼ਮ ਦੀ ਪਛਾਣ ਜਗਪ੍ਰੀਤ ਸਿੰਘ ਉਰਫ਼ ਰੂਬਲ ਪੁੱਤਰ ਬਲਕਾਰ ਸਿੰਘ ਵਾਸੀ ਖੱਬੇ ਰਾਜਪੂਤਾਂ, ਥਾਣਾ ਮਹਿਤਾ ਵਜੋਂ ਹੋਈ ਹੈ, ਜਿਸ ਸਬੰਧੀ ਕਥਿਤ ਦੋਸ਼ੀ ਖ਼ਿਲਾਫ਼ ਐੱਫ. ਆਈ. ਆਰ. ਨੰਬਰ 132, ਧਾਰਾ 21, 61, 85 ਐੱਨਡੀਪੀਐੱਸ ਐਕਟ ਤਹਿਤ ਦਰਜ ਕਰਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

## ਸ਼ਮਸ਼ੇਰ ਸਿੰਘ ਸ਼ੇਰਾ ਸੈਂਕੜੇ ਸਾਥੀਆਂ ਸਣੇ ਭਾਰਤੀ ਜਨਤਾ ਪਾਰਟੀ 'ਚ ਸ਼ਾਮਲ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਭਾਰਤੀ ਜਨਤਾ ਪਾਰਟੀ ਨੂੰ ਅਜਨਾਲਾ ਵਿੱਚ ਉਸ ਵਕਤ ਬਹੁਤ ਭਾਰੀ ਬਲ ਮਿਲਿਆ ਜਦੋਂ ਸੌਰਵ ਸੁਰੀਨ ਦੀ ਮਿਹਨਤ ਰੰਗ ਲਿਆਈ ਅਤੇ ਅਜਨਾਲਾ ਦੇ ਸਾਬਕਾ ਸਰਕਲ ਪ੍ਰਧਾਨ ਮੌਜੂਦਾ ਵਾਰਡ ਨੰਬਰ 6 ਦੇ ਇੰਚਾਰਜ ਸ਼ਮਸ਼ੇਰ ਸਿੰਘ ਸ਼ੇਰਾ ਆਪਣੇ ਸੈਂਕੜੇ



ਸਾਥੀਆਂ ਸਮੇਤ ਅਤੇ ਆਪਣੀ ਪਤਨੀ ਸੀਮਾ ਚੇਅਰਮੈਨ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਜਨਾਲਾ ਦੇ ਨਾਲ਼ ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਭਾਰਤੀ ਜਨਤਾ ਪਾਰਟੀ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਦੀ ਅਗਵਾਈ ਵਿੱਚ ਸ਼ਾਮਿਲ ਹੋ ਗਏ। ਸ਼ਾਮਿਲ ਹੋਣ ਵਾਲਿਆਂ 'ਚ ਵਾਰਡ ਇੰਚਾਰਜ ਸ਼ਮਸ਼ੇਰ ਸਿੰਘ ਸ਼ੇਰਾ, ਸੀਮਾ, ਪੰਚ ਬਖਸ਼ੀਸ਼ ਸਿੰਘ, ਸਰੋਜ ਰਾਣੀ, ਗੁਰਪ੍ਰੀਤ ਸਿੰਘ, ਹਰਜਿੰਦਰ ਸਿੰਘ, ਕੁਲਦੀਪ ਸਿੰਘ, ਬਲਵਿੰਦਰ ਸਿੰਘ, ਜਸਪਿੰਦਰ ਸਿੰਘ, ਸਰਬਜੀਤ ਸਿੰਘ, ਕਸ਼ਮੀਰ ਸਿੰਘ, ਅਜੈ ਮਸੀਹ, ਜਗਦੀਸ਼ ਸਿੰਘ ਬੱਬੂ, ਅਮਨਦੀਪ ਸਿੰਘ ਚਾਹਲ, ਊਸ਼ਾ, ਰਜ਼ੀਆ, ਰੇਖਾ, ਰੋਸ਼ਨੀ, ਮੱਧੂ, ਬਲਵਿੰਦਰ ਸਿੰਘ, ਗੁਰਪ੍ਰੀਤ ਕੌਰ, ਹਰਭਜਨ ਕੌਰ, ਰਣਜੀਤ ਸਿੰਘ, ਕੁਲਬੀਰ ਸਿੰਘ, ਕੁਲਵਿੰਦਰ ਸਿੰਘ, ਬੱਗਾ, ਕਰਮ ਸਿੰਘ ਦੇ ਨਾਵਾਂ ਦਾ ਜ਼ਿਕਰ ਹੈ।ਇਸ ਮੌਕੇ ਡਾਂ ਅਵਤਾਰ ਕੌਰ ਅਜਨਾਲਾ, ਭਾਜਪਾ ਮੰਡਲ ਅਜਨਾਲਾ ਦੇ ਪ੍ਰਧਾਨ ਪ੍ਰਿੰਸੀਪਲ ਵਾਸਦੇਵ ਸ਼ਰਮਾ, ਕੌਂਸਲਰ ਵਿਕਰਮ ਬੇਦੀ, ਦੀਪੂ ਅਰੋੜਾ, ਸੌਰਵ ਸਰੀਨ, ਹਤਿੰਦਰ ਸਿੰਘ, ਧਰਮਿੰਦਰ ਸਿੰਘ, ਰਾਜੇਸ਼ ਚੋਹਾਨ, ਨਿਆਮਤ ਮਸੀਹ, ਨੰਬਰਦਾਰ ਬਖਸ਼ੀਸ਼ ਸਿੰਘ, ਗੁਰਪ੍ਰੀਤ ਸਿੰਘ, ਹਰਪਾਲ ਸਿੰਘ, ਸੰਦੀਪ ਕੁਮਾਰ, ਢਿੱਲੋਂ ਚੱਕੀ ਵਾਲੇ, ਅੰਕੁਸ਼ ਕੁਮਾਰ, ਬੰਟੀ ਸ਼ਰਮਾ, ਅਵਤਾਰ ਸਿੰਘ ਡੀਪੂ ਵਾਲੇ ਅਤੇ ਪੰਜਾਬ ਵਿਜੇ ਸਰੀਨ ਆਦਿ ਹਾਜ਼ਰ ਸਨ।

## ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

ਬਿਆਸ (ਪਰਮਜੀਤ ਸਿੰਘ ਰੱਖੜਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਵਜ਼ੀਰ ਭੁੱਲਰ ਦੇ ਗੁਰਦੁਆਰਾ ਬਾਬਾ ਭਾਈ ਭਾਨਾ ਜੀ ਵਿਖੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ



ਸਜਾਇਆ ਗਿਆ ਜੋ ਪਿੰਡ ਵਜ਼ੀਰ ਭੁੱਲਰ ਦੀ ਪਰਿਕਰਮਾ ਕਰਦਾ ਹੋਇਆ ਕਲੋਨੀ ਅਜੀਤ ਨਗਰ ਵਿਖੇ ਪੁੱਜਾ, ਜਿਥੇ ਸਮੂਹ ਕਲੋਨੀ ਵਾਸੀਆਂ ਵੱਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਸੰਗਤਾਂ ਵੱਲੋਂ ਪੰਜਾਂ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## 5ਵਾਂ ਸਾਲਾਨਾ ਵਿਸ਼ਾਲ ਜਾਗਰਣ 8 ਨੂੰ

ਛੇਹਰਟਾ, (ਮਨੋਜ ਕੁਮਾਰ)-ਨਵਯੁੱਗ ਭਜਨ ਮੰਡਲੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 8 ਨਵੰਬਰ ਦਿਨ ਸ਼ਨੀਵਾਰ ਨੂੰ 88 ਫੁੱਟ ਰੋਡ, ਆਨੰਦ ਵਿਹਾਰ, ਗਲੀ ਟਾਵਰ ਵਾਲੀ ਵਿਖੇ ਮਾਂ ਭਗਵਤੀ ਦਾ 5ਵਾਂ ਸਾਲਾਨਾ ਵਿਸ਼ਾਲ ਜਾਗਰਣ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦੇ ਹੋਏ



ਸੇਵਾਦਾਰ ਪ੍ਰਦੀਪ ਕੁਮਾਰ ਨੇ ਦੱਸਿਆ ਕਿ ਜਾਗਰਣ ਵਿਚ ਪ੍ਰਸਿੱਧ ਭਜਨ ਮੰਡਲੀਆਂ ਮਾਂ ਦਾ ਗੁਣਗਾਨ ਕਰਨਗੀਆਂ। ਇਸ ਜਾਗਰਣ ਵਿਚ ਸਾਬਕਾ ਵਿਧਾਇਕ ਅਨਿਲ ਜੋਸ਼ੀ, ਸਾਬਕਾ ਵਿਧਾਇਕ ਸੁਨੀਲ ਦੱਤੀ, ਇੰਸਪੈਕਟਰ ਅਮਰਜੀਤ ਸਿੰਘ, ਕੌਂਸਲਰ ਗੁਰਵਿੰਦਰ ਕੌਰ, ਪੰਜਾਬ ਖਾਦੀ ਬੋਰਡ ਦੇ ਮੈਂਬਰ ਗੁਲਜ਼ਾਰ ਬਿੱਟੂ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਪਹੁੰਚ ਰਹੇ ਹਨ।ਇਸ ਮੌਕੇ ਹਰੀਸ਼, ਲੱਕੀ, ਕੇਵਲ, ਪੰਕਜ, ਮਨੀ, ਗਗਨ, ਸੰਦੀਪ, ਅਰਮਾਨ, ਰੀਆ, ਸ਼ੁਭਾਂਸ਼ੂ, ਰੂਹੀ ਸਮੇਤ ਸਾਰੇ ਮੈਂਬਰ ਮੌਜੂਦ ਸਨ। ਭੰਡਾਰਾ ਦਿਨ ਭਰ ਜਾਰੀ ਰਹੇਗਾ।

## ਸਕੋਡਾ ਆਟੋ ਇੰਡੀਆ ਨੇ ਸੇਲਜ਼ ਦਾ ਸਾਰੇ ਰਿਕਾਰਡ ਤੋੜੇ

ਅੰਮ੍ਰਿਤਸਰ : ਸਕੋਡਾ ਆਟੋ ਇੰਡੀਆ ਨੇ ਕੇਵਲ ਦਸ ਮਹੀਨਿਆਂ ਵਿੱਚ ਆਪਣੀਆਂ ਸਭ ਤੋਂ ਵੱਧ ਸਾਲਾਨਾ ਵਿਕਰੀਆਂ ਦਾ ਰਿਕਾਰਡ ਤੋੜ ਦਿੱਤਾ ਹੈ। ਕੰਪਨੀ ਨੇ ਜਨਵਰੀ ਤੋਂ ਅਕਤੂਬਰ 2025 ਤੱਕ 61,607 ਕਾਰਾਂ ਵੇਚ ਕੇ 2022 ਦੇ 53,721 ਕਾਰਾਂ ਦੇ ਪੁਰਾਣੇ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ। ਅਕਤੂਬਰ ਮਹੀਨਾ ਕੰਪਨੀ ਲਈ ਸਭ ਤੋਂ ਵੱਧ ਵਿਕਰੀ ਵਾਲਾ ਮਹੀਨਾ ਰਿਹਾ, ਜਿਸ ਵਿੱਚ 8,252 ਯੂਨਿਟ ਵਿਕੇ।

# ਸੁਖਮਨਜੋਤ ਕੌਰ ਵੱਲੋਂ ਸ਼ਾਸਤਰੀ ਸੰਗੀਤ 'ਚ ਰਾਜ ਪੱਧਰ 'ਤੇ ਅੱਵਲ ਸਥਾਨ ਹਾਸਲ

ਬਟਾਲਾ (ਤਰਲੋਕ ਬੱਗਾ)-ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਲਈ ਇਹ ਮਾਣ ਵਾਲੀ ਗੱਲ ਹੈ ਕਿ ਦਸਵੀਂ ਜਮਾਤ ਦੀ ਪ੍ਰਤਿਭਾਸ਼ਾਲੀ ਵਿਦਿਆਰਥਣ ਸੁਖਮਨਜੋਤ ਕੌਰ ਨੇ ਮੋਹਾਲੀ ਵਿਖੇ ਹੋਏ ਰਾਜ ਪੱਧਰੀ ਕਲਾ ਉਤਸਵ ਵਿੱਚ ਸ਼ਾਸਤਰੀ ਸੰਗੀਤ (ਰਾਗ ਗਾਇਨ) ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੁਕਾਬਲੇ ਵਿੱਚ ਅੰਮ੍ਰਿਤਸਰ, ਫਾਜ਼ਿਲਕਾ, ਮੋਹਾਲੀ, ਮੋਗਾ ਅਤੇ ਗੁਰਦਾਸਪੁਰ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਸੁਖਮਨਜੋਤ ਕੌਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਰਾਗ ਮਧੁਵੰਤੀ ਗਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲੇ ਲਈ ਚੁਣੀ ਗਈ ।ਇਸ ਕਲਾ ਉਤਸਵ ਲੜੀ ਵਿੱਚ ਉਸਨੇ ਪਹਿਲਾਂ ਜ਼ੋਨ ਪੱਧਰ ਤੇ ਅਤੇ ਫਿਰ ਜ਼ਿਲ੍ਹਾ ਪੱਧਰ 'ਤੇ ਸਥਾਨ ਪ੍ਰਾਪਤ ਕੀਤਾ।ਹੁਣ ਉਹ ਰਾਸ਼ਟਰੀ ਪੱਧਰ ਦੇ ਮੁਕਾਬਲੇ ਲਈ ਪੂਰੀ ਲਗਨ ਅਤੇ ਵਚਨਬੱਧਤਾ ਨਾਲ ਤਿਆਰੀ ਕਰ ਰਹੀ ਹੈ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸੁਖਮਨਜੋਤ ਕੌਰ, ਉਸਦੇ ਮਾਪਿਆਂ ਅਤੇ ਅਧਿਆਪਕਾਂ ਰਾਜਵਿੰਦਰ ਕੌਰ, ਲਵਨੀਸ਼ ਮਹਾਜਨ ਅਤੇ ਪਾਰਸ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ



ਦਿੱਤੀਆਂ।ਉਨ੍ਹਾਂ ਕਿਹਾ ਕਿ ਸੁਖਮਨਜੋਤ ਕੌਰ ਨੇ ਸਾਬਤ ਕਰ ਦਿੱਤਾ ਹੈ ਕਿ ਸਖ਼ਤ ਮਿਹਨਤ, ਲਗਨ ਅਤੇ ਵਚਨਬੱਧਤਾ ਨਾਲ ਕੋਈ ਵੀ ਟੀਚਾ ਅਸੰਭਵ ਨਹੀਂ ਹੈ। ਉਸਦੀ ਸਫਲਤਾ ਨਾ ਸਿਰਫ਼ ਸਕੂਲ ਲਈ ਮਾਣ ਵਾਲੀ ਗੱਲ ਹੈ, ਸਗੋਂ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਵੀ ਹੈ।ਸਾਨੂੰ ਵਿਸ਼ਵਾਸ ਹੈ ਕਿ ਉਹ ਰਾਸ਼ਟਰੀ ਪੱਧਰ ਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਮਾਣ ਵਧਾਏਗੀ।ਸਕੂਲ ਇਸ ਪ੍ਰਤਿਭਾਸ਼ਾਲੀ ਵਿਦਿਆਰਥਣ ਤੇ ਮਾਣ ਕਰਦਾ ਹੈ ਅਤੇ ਰਾਸ਼ਟਰੀ ਪੱਧਰ 'ਤੇ ਉਸਦੀ ਦਿਲੋਂ ਸਫਲਤਾ ਦੀ ਕਾਮਨਾ ਕਰਦਾ ਹੈ।

## ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ ਅੱਜ

ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ, ਸ਼ੈਲੀ ਐਲਬਰਟ)-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350ਵੇਂ ਵਰ੍ਹੇ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ 4 ਨਵੰਬਰ ਨੂੰ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

ਡਾ. ਅਗਰਵਾਲ ਨੇ ਦੱਸਿਆ ਕਿ 4 ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ ਜਾ ਰਿਹਾ ਹੈ, ਜਿਸ ਤੋਂ ਪਹਿਲਾਂ ਸ਼ਾਮ 5:30 ਵਜੇ ਢਾਡੀ ਜਥੇ ਵੱਲੋਂ ਵਾਰਾਂ ਦਾ ਗਾਇਨ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ 45 ਮਿੰਟ ਦੇ ਲਾਈਟ ਐਂਡ ਸਾਊਂਡ ਸ਼ੋਅ ਦੌਰਾਨ ਡਿਜੀਟਲ ਤਰੀਕੇ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਫਲਸਫੇ ਅਤੇ ਲਾਸਾਨੀ ਸ਼ਹਾਦਤ ਬਾਰੇ ਚਾਨਣਾ ਪਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਾਮ 5 ਵਜੇ ਲਾਈਟ ਐਂਡ ਸਾਊਂਡ ਸ਼ੋਅ ਲਈ ਦਾਖ਼ਲਾ ਸ਼ੁਰੂ ਹੋਵੇਗਾ।

## ਭੱਗੂਪੁਰ ਵਿਖੇ 50 ਏਕੜ ਰਕਬੇ 'ਚ ਸਮਾਰਟ ਸੀਡਰ ਨਾਲ ਬਿਜਾਈ ਦੀ ਸ਼ੁਰੂਆਤ

ਪੱਟੀ (ਬਲਦੇਵ ਸਿੰਘ ਸੰਧੂ)-ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ. ਤੇਜਬੀਰ ਸਿੰਘ ਦੀ ਦੇਖ ਰੇਖ ਹੇਠ ਜ਼ਿਲ੍ਹਾ ਪ੍ਰਸ਼ਾਸਨ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਸਬੰਧੀ ਨਿਗਰਾਨੀ ਅਤੇ ਜਾਗਰੂਕ ਕਰ ਰਿਹਾ ਹੈ। ਨਿਰੀਖਣ ਦੌਰਾਨ ਡਾ. ਭੁਪਿੰਦਰ ਸਿੰਘ ਬਲਾਕ ਖੇਤੀਬਾੜੀ ਅਫਸਰ ਪੱਟੀ ਨੇ ਪਿੰਡ ਭੱਗੂਪੁਰ ਵਿਖੇ ਉੱਦਮੀ ਕਿਸਾਨਾਂ ਦੁਆਰਾ ਪਰਾਲੀ ਨੂੰ ਖੇਤ ਵਿੱਚ ਹੀ ਰੱਖ ਕੇ ਅਪਣਾਈਆਂ ਵੱਖ-ਵੱਖ ਤਕਨੀਕਾਂ ਪੀਏਯੂ ਸਮਾਰਟ ਸੀਡਰ, ਹੈਪੀ ਸੀਡਰ ਅਤੇ ਸੁਪਰ ਸੀਡਰ ਦਾ ਨਿਰੀਖਣ ਕੀਤਾ ।ਇਸ ਮੌਕੇ ਪਿਛਲੇ ਸੱਤ ਸਾਲ ਤੋਂ ਉੱਦਮ ਅਤੇ ਉਤਸ਼ਾਹ ਨਾਲ ਪਰਾਲੀ ਪ੍ਰਬੰਧਨ ਕਰ ਰਹੇ ਜੁਗਰਾਜ ਸਿੰਘ ਨੇ ਦੱਸਿਆ ਕਿ ਉਸਦੇ ਪਰਿਵਾਰਿਕ ਮੈਂਬਰਾਂ ਦੁਆਰਾ ਪਿਛਲੇ ਸਾਲ 22 ਏਕੜ ਵਿੱਚ ਮਹਿਕਮੇ ਦੁਆਰਾ ਸਬਸਿਡੀ ਤੇ ਲਈ ਪੀਏਯੂ ਸਮਾਰਟ ਸੀਡਰ ਨਾਲ ਕਣਕ ਦੀ ਬਿਜਾਈ ਕੀਤੀ।ਜਦ ਕਿ 10 ਏਕੜ ਸੁਪਰ ਸੀਡਰ ਅਤੇ ਬਾਕੀ 53 ਏਕੜ ਦੇ ਲਗਭਗ ਹੈਪੀ ਸੀਡਰ ਨਾਲ ਕਣਕ ਦੀ ਬਿਜਾਈ ਕੀਤੀ ਸੀ।ਸਮਾਰਟ ਸੀਡਰ ਰਾਹੀਂ ਮਿਲੇ ਚੰਗੇ ਨਤੀਜੇ ਨਾਲ ਇਸ ਸਾਲ 50 ਏਕੜ ਸਮਾਰਟ ਸੀਡਰ ਅਤੇ 30 ਏਕੜ ਵਿੱਚ ਹੈਪੀ ਸੀਡਰ ਤੇ ਸੁਪਰ ਸੀਡਰ ਮਸ਼ੀਨ ਨਾਲ ਕਣਕ ਦੀ ਬਿਜਾਈ ਦੀ ਸ਼ੁਰੂਆਤ ਕੀਤੀ ਹੈ।ਉਨ੍ਹਾਂ ਤਜਰਬਾ ਸਾਂਝਾ ਕਰਦਿਆਂ ਕਿਹਾ ਕਿ ਜਿੱਥੇ ਹੈਪੀ ਸੀਡਰ ਅਤੇ ਸਮਾਰਟ ਸੀਡਰ ਨਾਲ ਪਰਾਲੀ ਖੇਤ ਵਿੱਚ ਆਸਾਨੀ ਨਾਲ ਹੀ ਸਾਂਭੀ ਜਾਂਦੀ ਹੈ ਉਥੇ ਡੀਜ਼ਲ ਖਰਚਾ ਅਤੇ ਸਮੇਂ ਦੀ ਬੱਚਤ ਹੋ ਜਾਂਦੀ ਹੈ।ਇਨ੍ਹਾਂ ਤਕਨੀਕਾਂ ਨੂੰ ਵਰਤਣ ਨਾਲ ਖਾਦ ਅਤੇ ਨਦੀਨ ਨਾਸ਼ਕ ਜ਼ਹਿਰਾਂ ਤੇ ਖਰਚਾ ਘੱਟ ਹੁੰਦਾ ਹੈ।ਇਸ ਮੌਕੇ ਡਾ. ਭੁਪਿੰਦਰ



ਸਿੰਘ ਏਓ, ਸਰਕਲ ਇੰਚਾਰਜ ਪ੍ਰਮਿੰਦਰ ਕੌਰ ਖੇਤੀਬਾੜੀ ਵਿਕਾਸ ਅਫਸਰ ਅਤੇ ਰਜਿੰਦਰ ਕੁਮਾਰ ਖੇਤੀਬਾੜੀ ਵਿਸਥਾਰ ਅਫਸਰ ਨੇ ਦੂਜੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਕਾਹਲੀ ਨਾਲ ਖੇਤ ਨੂੰ ਅੱਗ ਲਗਾਉਣ ਦੀ ਬਜਾਏ ਖੇਤੀ ਵਿਗਿਆਨੀਆਂ ਵੱਲੋਂ ਵਿਕਸਿਤ ਸਮੇਂ ਦੀਆਂ ਹਾਣੀ ਤਕਨੀਕਾਂ ਨੂੰ ਵੇਖ ਕੇ ਉਹ ਵੀ ਹੰਭਲਾ ਮਾਰਨ ਤਾਂ ਜੋ ਜਮੀਨ ਦੀ ਉਪਜਾਊ ਸ਼ਕਤੀ ਬਣੀ ਰਹੇ ਅਤੇ ਕੋਈ ਕਾਨੂੰਨੀ ਅੜਚਣ ਵੀ ਨਾ ਬਣੇ।ਉਨ੍ਹਾਂ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਬੀਜ ਨੂੰ ਦੋ ਮਿਲੀਲੀਟਰ ਨਿਊਨਿਕਸ ਪ੍ਰਤੀ ਕਿਲੋ ਬੀਜ ਦੇ ਹਿਸਾਬ ਨਾਲ ਸੋਧਣ ਉਪਰੰਤ ਸਿਉਂਕ ਅਤੇ ਕਾਂਗਿਆਰੀ ਦੀ ਸਮੱਸਿਆ ਘਟ ਜਾਂਦੀ ਹੈ ।ਇਸ ਮੌਕੇ ਗੁਰਨਾਮ ਸਿੰਘ, ਮਨਜਿੰਦਰ ਸਿੰਘ, ਕਾਰਜ ਸਿੰਘ ਅਤੇ ਗੁਰਦੇਵ ਸਿੰਘ ਤਕਨੀਕੀ ਸਹਾਇਕ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

## ਪੰਡੋਰੀ ਹਸਨ 'ਚ ਹਰਮੀਤ ਸੰਧੂ ਨੂੰ ਮਿਲਿਆ ਪੰਚਾਇਤ ਮੈਂਬਰਾਂ ਤੇ ਲੋਕਾਂ ਦਾ ਭਰਵਾਂ ਹੁੰਗਾਰਾ

ਤਰਨਤਾਰਨ, (ਪ੍ਰਿਤਪਾਲ ਸਿੰਘ)-ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਚੋਣ ਮੁਹਿੰਮ ਨੂੰ ਪਿੰਡ-ਪਿੰਡ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਇਸੇ ਲੜੀ ਤਹਿਤ ਪਿੰਡ ਪੰਡੋਰੀ ਹਸਨ ਵਿਖੇ ਆਪ ਦੇ ਹੱਕ ਵਿੱਚ ਇੱਕ ਵਿਸ਼ਾਲ ਇਕੱਠ ਹੋਇਆ, ਜਿੱਥੇ ਪੂਰੇ ਪਿੰਡ ਨੇ ਇੱਕਜੁਟ ਹੋ ਕੇ ਹਰਮੀਤ



ਸੰਧੂ ਦੀ ਜਿੱਤ ਯਕੀਨੀ ਬਣਾਉਣ ਦਾ ਐਲਾਨ ਕੀਤਾ।ਮੀਟਿੰਗ ਪਿੰਡ ਦੇ ਮੌਜੂਦਾ ਪੰਚਾਇਤ ਮੈਂਬਰਾਂ ਦਵਿੰਦਰ ਸਿੰਘ, ਸੁਖਦੇਵ ਸਿੰਘ, ਸਰਬਜੀਤ ਸਿੰਘ, ਸੁਖਦੇਵ ਸਿੰਘ, ਬਲਬੀਰ ਸਿੰਘ, ਗੁਰਦਿਆਲ ਸਿੰਘ ਅਤੇ ਰਣਜੀਤ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪਿੰਡ ਦੀ ਸਮੂਹ ਸੰਗਤ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਈ।ਇਸ ਮੌਕੇ ਲੁਧਿਆਣਾ ਕੇਂਦਰੀ ਤੋਂ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੀ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਉਨ੍ਹਾਂ ਨੇ ਪਿੰਡ ਵਾਸੀਆਂ ਦੇ ਉਤਸ਼ਾਹ ਲਈ ਧੰਨਵਾਦ ਕੀਤਾ।ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਪਿੰਡਾਂ ਵਿੱਚ ਹੋ ਰਹੀਆਂ ਇਹ ਭਰਵੀਆਂ ਇਕੱਤਰਤਾਵਾਂ ਇਸ ਗੱਲ ਦੀ ਗਵਾਹੀ ਭਰ ਰਹੀਆਂ ਹਨ ਕਿ ਆਮ ਆਦਮੀ ਪਾਰਟੀ ਤਰਨਤਾਰਨ ਵਿੱਚ ਜਿੱਤ ਦਾ ਨਵਾਂ ਇਤਿਹਾਸ ਸਿਰਜਣ ਜਾ ਰਹੀ ਹੈ।ਉਨ੍ਹਾਂ ਪੂਰੇ ਵਿਸ਼ਵਾਸ ਨਾਲ ਕਿਹਾ ਕਿ ਲੋਕਾਂ ਦੇ ਇਸ ਭਾਰੀ ਸਮਰਥਨ ਸਦਕਾ ਆਪ ਉਮੀਦਵਾਰ ਹਰਮੀਤ ਸਿੰਘ ਸੰਧੂ ਭਾਰੀ ਵੋਟਾਂ ਦੇ ਫਰਕ ਨਾਲ ਜਿੱਤ ਪ੍ਰਾਪਤ ਕਰਨਗੇ।

## ਫੱਤੂਭੀਲਾ ਵਿਖੇ ਪੰਚਾਇਤ ਨੇ ਕਰਵਾਇਆ ਪੇਂਡੂ ਖੇਡ ਮੇਲਾ

ਤਰਸਿੱਕਾ, ਤਰਸੇਮ ਸਿੰਘ ਸਾਧਪੁਰ)-ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਫੱਤੂ ਭੀਲਾ ਵਿਖੇ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਵੱਲੋਂ ਰੁਸਤਮੇ ਹਿੰਦ ਪ੍ਰੀਤਮ ਸਿੰਘ, ਸਵ: ਐੱਸ. ਪੀ. ਧਰਮ ਸਿੰਘ ਅਤੇ ਹੋਰ ਮਹਾਨ ਸ਼ਖ਼ਸ਼ੀਅਤਾਂ ਦੀ



ਯਾਦ ਨੂੰ ਸਮਰਪਿਤ ਪੇਂਡੂ ਖੇਡ ਮੇਲਾ ਸਮੁੱਚੀ ਗ੍ਰਾਮ ਪੰਚਾਇਤ ਦੀ ਅਗਵਾਈ ਵਿਚ ਕਰਵਾਇਆ ਗਿਆ।ਇਸ ਖੇਡ ਮੇਲੇ ਵਿਚ ਵੱਖ-ਵੱਖ ਪਿੰਡਾਂ ਅਤੇ ਇਲਾਕੇ ਦੀਆਂ ਨਾਮਵਰ ਟੀਮਾਂ ਨੇ ਭਾਗ ਲਿਆ। ਮੇਲੇ ਵਿਚ ਮੁੱਖ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਜਿਨ੍ਹਾਂ ਨੇ ਖਿਡਾਰੀਆਂ ਨਾਲ ਜਾਣ-ਪਹਿਚਾਣ ਕਰਕੇ ਖੇਡ ਮੇਲੇ ਦੀ ਸ਼ੁਰੂਆਤ ਕਰਵਾਈ।ਇਸ ਰੋਮਾਂਚਕ ਖੇਡ ਮੇਲੇ ਵਿਚ ਵੱਡੀ ਗਿਣਤੀ ਵਿਚ ਪਹੁੰਚੇ ਦਰਸ਼ਕਾਂ ਨੇ ਖੇਡਾਂ ਦਾ ਆਨੰਦ ਮਾਣਿਆ।ਇਸ ਮੌਕੇ ਤਲਬੀਰ ਗਿੱਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਪਿੰਡਾਂ ਵਿਚ ਖੇਡ ਮੇਲੇ ਕਰਵਾਉਣੇ ਬਹੁਤ ਜ਼ਰੂਰੀ ਹੋ ਗਏ ਹਨ ਕਿਉਂਕਿ ਅੱਜ ਦਾ ਨੌਜਵਾਨ ਨਸ਼ੇ ਵਿਚ ਇਨ੍ਹਾਂ ਗੁਲਤਾਨ ਹੋ ਚੁੱਕਾ ਹੈ ਕਿ ਜਿਸ ਨਾਲ ਪਿੰਡਾਂ ਵਿਚ ਖੇਡਾਂ ਤਕਰੀਬਨ ਖਤਮ ਕਿਨਾਰੇ ਹਨ ਜਿਨ੍ਹਾਂ ਨੂੰ ਪ੍ਰਫੁੱਲਤ ਕਰਨ ਲਈ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਕਈ ਉਪਰਾਲੇ ਕੀਤੇ ਹਨ ਅਤੇ ਪਿੰਡਾਂ ਵਿਚ ਵੱਡੇ ਵੱਡੇ ਖੇਡ ਸਟੇਡੀਅਮ ਬਣਾ ਕੇ ਨੌਜਵਾਨਾਂ ਵਿਚ ਖੇਡਾਂ ਪ੍ਰਤੀ ਉਤਸ਼ਾਹ ਪੈਦਾ ਕੀਤਾ ਹੈ।ਸਮਾਪਤੀ ਖੇਡਾਂ ਤੇ ਪ੍ਰਬੰਧਕਾਂ ਵੱਲੋਂ ਗਿੱਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡੀ. ਐੱਸ. ਪੀ ਬਲਦੇਵ ਸਿੰਘ, ਸਰਪੰਚ ਜੋਗਾ ਸਿੰਘ, ਸ਼ਮਸ਼ੇਰ ਸਿੰਘ, ਬਲਕੌਰ ਸਿੰਘ, ਹਰਜੀਤ ਸਿੰਘ, ਬਚਨ ਸਿੰਘ, ਜਸਪਾਲ ਸਿੰਘ, ਹੀਰਾ ਸਿੰਘ, ਦਿਲਬਾਗ ਸਿੰਘ, ਗੁਰਨਾਮ ਸਿੰਘ, ਗੁਰਮੇਜ ਸਿੰਘ, ਬਲਵਿੰਦਰ ਸਿੰਘ, ਜਗਦੀਪ ਸਿੰਘ, ਸ਼ਮਸ਼ੇਰ ਸਿੰਘ, ਸਵਿੰਦਰ ਸਿੰਘ, ਧਰਮਪਾਲ ਸਿੰਘ, ਨਵਜੋਤ ਸਿੰਘ, ਹਿਰਦੇਪਾਲ ਸਿੰਘ, ਸਰਬਜੀਤ ਸਿੰਘ, ਦਵਿੰਦਰ ਸਿੰਘ, ਸੰਗਤ ਸਿੰਘ ਬਲਦੇਵ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਓ ਐੱਸ ਡੀ ਘੁੰਮਣ ਨੇ ਦਸਮੇਸ਼ ਸਕੂਲ ਮਹਿਤਾ ਦੇ ਧਾਰਮਿਕ ਸਮਾਗਮ 'ਚ ਭਰੀ ਹਾਜ਼ਰੀ

ਤਰਸਿੱਕਾ, ਤਰਸੇਮ ਸਿੰਘ ਸਾਧਪੁਰ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ. ਐੱਸ. ਡੀ. ਰਾਜਬੀਰ ਸਿੰਘ ਘੁੰਮਣ ਮਹਿਤਾ ਚੌਂਕ ਪੁੱਜੇ ਜਿੱਥੇ ਉਨ੍ਹਾਂ ਨੇ ਦਸਮੇਸ਼ ਵਿੱਦਿਅਕ ਸੰਸਥਾਵਾਂ ਵਿਖੇ ਚੱਲ ਰਹੇ ਧਾਰਮਿਕ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਇਸ ਦੌਰਾਨ ਉਨ੍ਹਾਂ ਨੇ ਸੰਸਥਾਵਾਂ ਦੇ ਚੇਅਰਮੈਨ ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਤੇ



ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਨਾਲ ਮੁਲਾਕਾਤ ਕੀਤੀ ਤੇ ਅਦਾਰੇ ਵੱਲੋਂ ਵਿੱਦਿਆ ਦੇ ਖੇਤਰ 'ਚ ਨਿਭਾਈਆਂ ਜਾ ਰਹੀਆਂ ਵਡਮੁੱਲੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨਾਲ ਵੀ ਗੱਲਬਾਤ ਕਰਦੇ ਹੋਏ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਪੂਰੀ ਲਗਨ ਤੇ ਮਿਹਨਤ ਨਾਲ ਪੜ੍ਹਾਈ ਕਰਦੇ ਹੋਏ ਭਵਿੱਖ 'ਚ ਵਧੀਆ ਮੁਕਾਮ ਹਾਸਲ ਕਰਨ ਤੇ ਇੱਕ ਜ਼ਿੰਮੇਵਾਰ ਇਨਸਾਨ ਬਣ ਕੇ ਆਪਣੇ ਗੁਰੂ ਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਚੇਅਰਮੈਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਮੁੱਖ ਮਹਿਮਾਨ ਘੁੰਮਣ ਦਾ ਇਸ ਸ਼ਮੂਲੀਅਤ ਲਈ ਧੰਨਵਾਦ ਕਰਦੇ ਹੋਏ ਸਨਮਾਨ ਵਜੋਂ ਉਨ੍ਹਾਂ ਨੂੰ ਦੁਸ਼ਾਲਾ ਤੇ ਯਾਦਗਾਰੀ ਚਿੰਨ੍ਹ ਭੇਟ ਕੀਤਾ।ਇਸ ਮੌਕੇ ਦਮਦਮੀ ਟਕਸਾਲ ਤੋਂ ਗਿਆਨੀ ਸਾਹਬ ਸਿੰਘ, ਡਾ. ਅਵਤਾਰ ਸਿੰਘ ਬੁੱਟਰ ਮੈਂਬਰ ਚੀਫ਼ ਖਾਲਸਾ ਦੀਵਾਨ, ਤਜਿੰਦਰ ਸਿੰਘ ਵੜੈਚ, ਪ੍ਰਿੰ. ਗੁਰਦੀਪ ਸਿੰਘ ਜਲਾਲਉਸਮਾ, ਮੈਡਮ ਹਰਪ੍ਰੀਤ ਕੌਰ, ਮੈਡਮ ਰਵਿੰਦਰ ਕੌਰ ਆਦਿ ਤੋਂ ਇਲਾਵਾ ਸਮੂਹ ਸਕੂਲ ਸਟਾਫ ਤੇ ਵਿਦਿਆਰਥੀ ਮੌਜੂਦ ਸਨ।

## ਮਾਤਾ ਸਾਹਿਬ ਕੌਰ ਸਕੂਲ ਭਰੋਵਾਲ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਪ੍ਰਕਾਸ਼ ਪੁਰਬ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਮਾਡਰਨ ਸਕੂਲ ਵਿਖੇ ਮਾਤਾ ਸਾਹਿਬ ਕੌਰ ਦਾ ਪ੍ਰਕਾਸ਼ ਪੁਰਬ ਬਹੁਤ ਉਤਸ਼ਾਹ ਅਤੇ ਸ਼ਰਧਾ ਨਾਲ ਸਕੂਲ ਵਿੱਚ ਮਨਾਇਆ ਗਿਆ।ਸਕੂਲ ਪ੍ਰਸ਼ਾਸਨ, ਵਿਦਿਆਰਥੀਆਂ ਅਤੇ ਸਮੂਹ ਸਟਾਫ



ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ, ਪਾਠ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਦੇਗ ਦਾ ਪ੍ਰਸਾਦ ਸਮੂਹ ਸੰਗਤਾਂ ਵਿੱਚ ਵਰਤਾਇਆ ਗਿਆ ।ਇਸ ਮੌਕੇ ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਸਕੂਲ ਦੇ ਮੈਨੇਜਮੈਂਟ ਡਾਇਰੈਕਟਰ ਸ. ਤਜਿੰਦਰ ਸਿੰਘ, ਪ੍ਰੈਜ਼ੀਡੈਂਟ ਮੈਡਮ ਸੁਖਵਿੰਦਰ ਕੌਰ, ਸੈਕਟਰੀ ਬਨਵੀਰ ਸਿੰਘ, ਮੈਡਮ ਰਮਨਦੀਪ ਕੌਰ, ਮੈਡਮ ਸੰਗੀਤ ਕੌਰ ਅਤੇ ਪ੍ਰਿੰਸੀਪਲ ਮੈਡਮ ਨਵਜੋਤੀ ਅਤੇ ਸਮੂਹ ਸਟਾਫ ਹਾਜ਼ਰ ਸਨ।ਇਸ ਮੌਕੇ ਵਿਦਿਆਰਥੀਆਂ ਵੱਲੋਂ ਮਾਤਾ ਸਾਹਿਬ ਕੌਰ ਦੇ ਜੀਵਨ ਇਤਿਹਾਸ ਬਾਰੇ ਸਮੁੱਚੇ ਤੌਰ ਤੇ ਸਮੂਹ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ ।ਇਸ ਮੌਕੇ ਮੈਨੇਜਮੈਂਟ ਡਾਇਰੈਕਟਰ ਤਜਿੰਦਰ ਸਿੰਘ ਵੱਲੋਂ ਦੱਸਿਆ ਗਿਆ ਕਿ ਸਕੂਲ ਦਾ ਨਾਮ ਮਾਤਾ ਸਾਹਿਬ ਕੌਰ ਖਾਲਸਾ ਪੰਥ ਦੀ ਮਾਤਾ ਸਾਹਿਬ ਕੌਰ ਜੀ ਦੇ ਨਾਮ ਨੂੰ ਸਮਰਪਿਤ ਹੈ, ਅਸੀਂ ਆਪਣੇ ਆਪ ਨੂੰ ਵਡਭਾਗੀ ਮੰਨਦੇ ਹਾਂ ਕਿ ਸਾਨੂੰ ਇਹ ਮਾਣ ਹਾਸਿਲ ਹੋਇਆ ਹੈ ਕਿ ਅਸੀਂ ਆਪਣੇ ਸਕੂਲ ਨੂੰ ਉਚੇਚੇ ਤੌਰ ਵਿਦਿਆ ਦੇ ਖੇਤਰ ਵਿੱਚ ਅੱਗੇ ਲੈ ਕੇ ਜਾ ਰਹੇ ਹਾਂ।ਸਕੂਲ ਪ੍ਰਸ਼ਾਸਨ ਵੱਲੋਂ ਮਾਤਾ ਸਾਹਿਬ ਕੌਰ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਵਿਦਿਆਰਥੀਆਂ, ਉਨ੍ਹਾਂ ਦੀ ਪਰਿਵਾਰਾਂ ਅਤੇ ਸਮੂਹ ਸਟਾਫ ਮੈਂਬਰਾਂ ਨੂੰ ਦਿੱਤੀਆਂ ਗਈਆਂ।

## ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਚੀਫ਼ ਮਿਕਸਰ ਗਰਾਈਂਡਰ ਅਤੇ ਇਲੈਕਟ੍ਰਿਕ ਕੇਤਲੀਆਂ ਤਕਸੀਮ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਵੱਲੋਂ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਚੀਫ਼ ਖ਼ਾਲਸਾ ਦੀਵਾਨ ਅੰਮ੍ਰਿਤਸਰ ਅਤੇ ਦਿੱਲੀ ਲੰਗਰ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ ਮਿਕਸਰ ਗਰਾਈਂਡਰ ਅਤੇ ਇਲੈਕਟ੍ਰਿਕ ਕੇਤਲੀਆਂ



ਵੰਡੀਆਂ ਗਈਆਂ।ਇਸ ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਦੇ ਪ੍ਰਧਾਨ ਡਾਕਟਰ ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਤਰਲੋਚਨ ਸਿੰਘ, ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅਜਨਾਲਾ ਦੇ ਮੈਂਬਰ ਇੰਚਾਰਜ ਦਰਸ਼ਨ ਸਿੰਘ ਨਿੱਜਰ, ਐਡਵੋਕੇਟ ਇੰਦਰਜੀਤ ਸਿੰਘ ਅੜੀ, ਗੁਰਭੇਜ ਸਿੰਘ, ਭਰਪੂਰ ਸਿੰਘ, ਸਕੂਲ ਪ੍ਰਿੰਸੀਪਲ ਮੁਕਤਾ ਤ੍ਰੇਹਨ, ਸੈਸ਼ਨ ਜੱਜ ਸਤਵਿੰਦਰ ਕੌਰ, ਡੀ. ਐੱਸ. ਪੀ. ਗੁਰਵਿੰਦਰ ਸਿੰਘ, ਨਗਰ ਪੰਚਾਇਤ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਨਗਰ ਪੰਚਾਇਤ ਸਾਬਕਾ ਪ੍ਰਧਾਨ ਜੋਰਾਵਰ ਸਿੰਘ, ਸਾਬਕਾ ਨਗਰ ਪੰਚਾਇਤ ਪ੍ਰਧਾਨ ਦੀਪਕ ਅਰੋੜਾ, ਸਾਬਕਾ ਨਗਰ ਪੰਚਾਇਤ ਅਜਨਾਲਾ ਪ੍ਰਧਾਨ ਐਡਵੋਕੇਟ ਮਨਜੀਤ ਸਿੰਘ ਨਿੱਜਰ, ਬਾਰ ਕੌਂਸਲ ਪ੍ਰਧਾਨ ਹਰਪਾਲ ਸਿੰਘ ਨਿੱਜਰ, ਸਵਰਾਜ ਸਪੋਰਟਸ ਕਲੱਬ ਅਜਨਾਲਾ ਦੇ ਪ੍ਰਧਾਨ ਮੰਗਲ ਸਿੰਘ ਨਿੱਜਰ, ਕਲੱਬ ਮੈਂਬਰ ਮਲਕੀਅਤ ਸਿੰਘ ਭੰਗੂ, ਸ ਤਲਵਿੰਦਰ ਸਿੰਘ ਪੁਰਬਾ, ਸਕੂਲ ਸਟਾਫ ਮੈਂਬਰ ਸੁਪਰਵਾਈਜ਼ਰ ਅਮਨਦੀਪ ਨੇਗੀ, ਸੁਪਰਵਾਈਜ਼ਰ ਜੁਗਰਾਜ ਸਿੰਘ ਰਿਆੜ, ਟ੍ਰਾਂਸਪੋਰਟ ਇੰਚਾਰਜ ਅਵਤਾਰ ਸਿੰਘ, ਧਾਰਮਿਕ ਇੰਚਾਰਜ ਮਨਦੀਪ ਕੌਰ ਰਿਆੜ, ਕੰਪਿਊਟਰ ਅਧਿਆਪਕ ਸਿਮਰਤਪਾਲ ਸਿੰਘ, ਡੀਪੀ ਰਜੀਵ ਕੁਮਾਰ ਆਦਿ ਹਾਜ਼ਰ ਸਨ।

## ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਭੀਲੋਵਾਲ ਤੋਂ ਸੁਲਤਾਨਪੁਰ ਲੋਧੀ ਤੱਕ ਸਜਾਇਆ ਨਗਰ ਕੀਰਤਨ

ਤਰਸਿੱਕਾ, (ਤਰਸੇਮ ਸਿੰਘ ਸਾਧਪੁ)-ਭੀਲੋਵਾਲ ਤੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀਂ ਗੁਰਦੁਆਰਾ ਕਲਿਆਣਸਰ ਸਾਹਿਬ ਕਾਲਾ ਮਹਿਰ ਤੋਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ



ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਨਗਰ ਕੀਰਤਨ ਸੁਲਤਾਨਪੁਰ ਲੋਧੀ ਤੱਕ ਸਜਾਇਆ ਗਿਆ ਜਿਸ ਦੀ ਅਗਵਾਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਪੰਜ ਪਿਆਰਿਆਂ ਵੱਲੋਂ ਕੀਤੀ ਗਈ।

ਨਗਰ ਕੀਰਤਨ ਦਾ ਵੱਖ-ਵੱਖ ਥਾਵਾਂ ਤੇ ਸਵਾਗਤ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਕੀਤਾ ਗਿਆ ਅਤੇ ਸੰਗਤਾਂ ਲਈ ਵੱਖ-ਵੱਖ ਪਦਾਰਥਾਂ ਦੇ ਲੰਗਰ ਵੀ ਲਗਾਏ ਗਏ।ਇਸ ਮੌਕੇ ਨਗਰ ਕੀਰਤਨ ਵਿਚ ਨਾਮਵਰ ਸਮਾਜ ਸੇਵੀ ਸ਼ਿਵਰਾਜ ਸਿੰਘ ਬਾਠ ਭੀਲੋਵਾਲ, ਜਸਪਾਲ ਸਿੰਘ ਮੁਨਸ਼ੀ, ਮਲਕੀਅਤ ਸਿੰਘ ਮੈਂਬਰ, ਸਤਨਾਮ ਸਿੰਘ ਸਾਬਕਾ ਮੈਂਬਰ, ਸਤਨਾਮ ਸਿੰਘ ਬਾਠ ਮੈਂਬਰ ਪੰਚਾਇਤ, ਪ੍ਰੇਮ ਸਿੰਘ ਸੋਨੀ ਸਰਪੰਚ ਕੱਥੂਨੰਗਲ, ਰਵਿੰਦਰਪਾਲ ਸਿੰਘ ਸਰਪੰਚ ਹਦਾਇਤਪੁਰ, ਐਡਵੋਕੇਟ ਸੁਖਮਨ ਸਿੰਘ, ਆਤਮਾ ਸਿੰਘ, ਧਰਮਚੰਦ, ਜਨਕ ਰਾਜ, ਦਿਲਬਾਗ ਸਿੰਘ ਬਾਠ ਭੀਲੋਵਾਲ, ਦਿਲਬਾਗ ਸਿੰਘ ਪ੍ਰਧਾਨ, ਬਾਬਾ ਸ਼ਮਸੇਰ ਸਿੰਘ, ਸੱਜਣ ਸਿੰਘ, ਬਿਕਰਮਜੀਤ ਸਿੰਘ, ਲਵਪ੍ਰੀਤ ਸਿੰਘ ਭੀਲੋਵਾਲ, ਹਰਜਿੰਦਰ ਸਿੰਘ ਸਾਬਕਾ ਮੈਂਬਰ, ਜਸਵਿੰਦਰ ਸਿੰਘ, ਸਰਵਨ ਸਿੰਘ, ਬਲਬੀਰ ਸਿੰਘ ਕਾਕਾ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਮਜ਼ਦੂਰ ਦਿਵਸ ਮੌਕੇ ਆਰਡੀ ਖੋਸਲਾ ਸਕੂਲ 'ਚ ਵਿਦਿਆਰਥੀਆਂ ਨੂੰ ਕਿਰਤ ਦੀ ਮਹੱਤਤਾ ਬਾਰੇ ਦੱਸਿਆ

ਬਟਾਲਾ (ਡਾ. ਮਲਵਿੰਦਰ ਸਿੰਘ)-ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿੱਚ ਮਜ਼ਦੂਰ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਵਿੱਚ ਮਜ਼ਦੂਰ ਦਿਵਸ ਮਨਾਉਣ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਕਵਿਤਾ ਪਾਠ, ਭਾਸ਼ਣ ਅਤੇ ਪੋਸਟਰ ਮੇਕਿੰਗ ਰਾਹੀਂ ਮਜ਼ਦੂਰਾਂ ਪ੍ਰਤੀ ਆਪਣਾ ਸਤਿਕਾਰ ਅਤੇ ਵਿਚਾਰ ਪ੍ਰਗਟ ਕੀਤੇ।ਰੰਗੀਨ ਪੋਸਟਰਾਂ ਅਤੇ ਪ੍ਰਭਾਵਸ਼ਾਲੀ ਸ਼ਬਦਾਂ ਰਾਹੀਂ, ਵਿਦਿਆਰਥੀਆਂ ਨੇ ਇਹ ਸੰਦੇਸ਼ ਦਿੱਤਾ ਕਿ ਮਜ਼ਦੂਰ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਤੋਂ ਬਿਨਾਂ ਤਰੱਕੀ ਸੰਭਵ ਨਹੀਂ ਹੈ।ਸਕੂਲ ਦੀ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੇ ਮੌਕੇ ਸਾਰਿਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ।

ਵਿਦਿਆਰਥੀਆਂ ਨੂੰ ਕਿਰਤ ਦੀ ਮਹੱਤਤਾ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਕਿਸੇ ਵੀ ਰਾਸ਼ਟਰ ਦੀ ਤਰੱਕੀ ਵਿੱਚ ਮਜ਼ਦੂਰਾਂ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੁੰਦਾ ਹੈ।ਉਹ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ ਅਤੇ ਸਾਨੂੰ ਹਮੇਸ਼ਾ ਉਨ੍ਹਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਖ਼ਤ ਮਿਹਨਤ ਅਤੇ ਇਮਾਨਦਾਰੀ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਤਾਂ ਹੀ ਉਹ ਆਪਣੇ ਟੀਚਿਆਂ ਨੂੰ ਆਸਾਨੀ ਨਾਲ ਪ੍ਰਾਪਤ ਕਰ ਸਕਣਗੇ।ਸਖ਼ਤ ਮਿਹਨਤ ਨਾਲ ਹੀ ਜ਼ਿੰਦਗੀ ਦੇ ਹਰ ਖੇਤਰ ਵਿੱਚ ਸਫਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ ਅਤੇ ਪ੍ਰਧਾਨ ਅਜੇ ਖੋਸਲਾ ਨੇ ਸਾਰਿਆਂ ਨੂੰ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਇਹ ਦਿਨ ਵਿਦਿਆਰਥੀਆਂ ਵਿੱਚ ਹਮਦਰਦੀ,




ਸ਼ੁਕਰਗੁਜ਼ਾਰੀ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦਾ ਹੈ ਅਤੇ ਉਨ੍ਹਾਂ ਵਿੱਚ ਮਜ਼ਦੂਰਾਂ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਦਾ ਹੈ।

# ਪਰਾਲੀ ਦੀਆਂ ਓਵਰਲੋਡ ਟਰਾਲੀਆਂ ਕਰਕੇ ਰਾਹਗੀਰ ਪ੍ਰੇਸ਼ਾਨ

ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪਰਾਲੀ ਦੀਆਂ ਓਵਰਲੋਡ ਟਰਾਲੀਆਂ ਆਵਾਜਾਈ ਵਿਚ ਭਾਰੀ ਵਿਘਨ ਪਾ ਰਹੀਆਂ ਹਨ ਜਿਸ ਕਰਕੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਇਲਾਕਾ ਵਾਸੀਆਂ ਅਤੇ ਰਾਹਗੀਰਾਂ ਨੇ ਦੱਸਿਆ ਕਿ ਪਰਾਲੀ ਦੀਆਂ ਓਵਰਲੋਡ ਟਰਾਲੀਆਂ ਦੀ ਲੱਦ ਏਨੀ ਜ਼ਿਆਦਾ ਵੱਡੀ ਹੁੰਦੀ ਹੈ ਕਿ ਅੱਗੇ ਕੁੱਝ ਨਹੀਂ ਦਿਖਾਈ ਦਿੰਦਾ ਜਿਸ ਕਰਕੇ ਹਰ ਸਮੇਂ ਹਾਦਸਾ ਹੋਣ ਦਾ ਡਰ ਬਣਿਆ ਰਹਿੰਦਾ ਹੈ।ਉਨ੍ਹਾਂ ਕਿਹਾ ਕਿ ਸੜਕ ਦੀ ਚੌੜਾਈ ਵੀ ਕਾਫ਼ੀ ਘੱਟ ਹੈ ਉਥੇ ਹੀ ਜਦੋਂ ਓਵਰਲੋਡ ਪਰਾਲੀ ਦੀਆਂ ਟਰਾਲੀਆਂ ਗੁਜ਼ਰਦੀਆਂ ਹਨ ਤਾਂ ਦੂਸਰੇ ਵਾਹਨਾਂ ਦਾ ਇਨ੍ਹਾਂ ਕੋਲੋਂ ਲੰਘਣਾ ਬੇਹੱਦ ਔਖਾ ਹੋ ਜਾਂਦਾ ਹੈ। ਲੋਕਾਂ ਨੇ ਕਿਹਾ ਇਸ ਸੜਕ 'ਤੇ ਰੋਜ਼ਾਨਾ ਲੋਕ ਦਿੱਲੀ, ਚੰਡੀਗੜ੍ਹ, ਜਲੰਧਰ, ਹਿਮਾਚਲ ਪ੍ਰਦੇਸ਼, ਜੰਮੂ ਆਦਿ ਵੱਡੇ-ਵੱਡੇ ਸ਼ਹਿਰਾਂ ਨੂੰ ਆਉਂਦੇ-ਜਾਂਦੇ ਹਨ ਜਿਸ ਕਰਕੇ ਇਸ ਸੜਕ 'ਤੇ ਆਵਾਜਾਈ ਭਾਰੀ ਰਹਿੰਦੀ ਹੈ। ਵਾਹਨ ਚਾਲਕਾਂ ਨੂੰ ਇਨ੍ਹਾਂ ਓਵਰਲੋਡ ਪਰਾਲੀ ਦੀਆਂ ਟਰਾਲੀਆਂ ਦੇ ਚੱਲਣ ਕਾਰਨ ਭਾਰੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਵਾਹਨ ਚਾਲਕਾਂ ਨੇ ਕਿਹਾ ਇਨ੍ਹਾਂ



ਓਵਰਲੋਡ ਟਰਾਲੀਆਂ ਨੂੰ ਓਵਰਟੇਕ ਕਰਨ ਲਈ ਕਾਫ਼ੀ ਸਮਾਂ ਲੱਗਦਾ ਹੈ ਤੇ ਕਈ ਮਿੰਟ ਇਨ੍ਹਾਂ ਦੇ ਪਿੱਛੇ-ਪਿੱਛੇ ਚੱਲਣਾ ਪੈਂਦਾ ਹੈ। ਇਲਾਕਾ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ-ਮੁਕੇਰੀਆਂ ਸੜਕ ਇਨ੍ਹਾਂ ਓਵਰਲੋਡ ਪਰਾਲੀ ਦੀਆਂ ਟਰਾਲੀਆਂ ਦਾ ਗੁਜ਼ਰਨ ਦਾ ਸਮਾਂ ਨਿਸ਼ਚਿਤ ਕੀਤਾ ਜਾਵੇ ਤਾਂ ਜੋ ਰਾਹਗੀਰਾਂ ਨੂੰ ਪ੍ਰੇਸ਼ਾਨੀਆਂ ਤੋਂ ਨਿਜਾਤ ਮਿਲ ਸਕੇ।

# ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਵੱਲੋਂ 6 ਨੂੰ ਝੰਡਾ ਮਾਰਚ ਕਰਨ ਦਾ ਅਹਿਦ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ 1406-22 ਬੀ ਚੰਡੀਗੜ੍ਹ ਨਾਲ ਸੰਬਧਤ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਦੇ ਫੀਲਡ ਕਾਮਿਆਂ ਦੀ ਇਕੋ-ਇਕ ਸਿਰਮੌਰ ਸੰਘਰਸ਼ੀਲ ਜਥੇਬੰਦੀ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਅਮਰੀਕ ਸਿੰਘ ਗੜ੍ਹਸ਼ੰਕਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਭਗੋਵਾਲ ਨੇ ਦੱਸਿਆ ਕਿ ਵਣ ਅਤੇ ਜੰਗਲੀ ਜੀਵ ਵਿਭਾਗ ਵਿਚ ਕੰਮ ਕਰਦੇ ਕਾਮਿਆਂ ਦੀਆਂ ਮੰਗਾਂ ਸਬੰਧੀ ਵਣ ਮੰਤਰੀ ਅਤੇ ਵਿੱਤ ਮੰਤਰੀ ਨਾਲ ਅਨੇਕਾਂ ਮੀਟਿੰਗਾਂ ਹੋਈਆਂ, ਜਿਸ ਵਿੱਚ ਵਣ



ਅਤੇ ਜੰਗਲੀ ਜੀਵ ਵਿਭਾਗ ਵਿੱਚ ਲਗਾਤਾਰ ਸਾਲ 2006 ਤੱਕ 10 ਸਾਲ ਪੂਰੇ ਕਰਦੇ ਰਹਿੰਦੇ 14 ਕਾਮਿਆਂ ਨੂੰ ਪੱਕਿਆਂ ਕਰਵਾਉਣ ਲਈ ਅਤੇ ਸੀਨੀਅਰ ਅਨਪੜ੍ਹ ਕਾਮਿਆ ਨੂੰ ਬਿਨਾਂ ਸ਼ਰਤ ਪੱਕੇ ਕੀਤੇ ਜਾਣ ਪਰ ਇਕ ਵੀ ਅਨਪੜ੍ਹ ਕਾਮਾ ਪੱਕਾ ਨਹੀਂ ਕੀਤਾ ਗਿਆ। ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਦੇ ਸੀਨੀਅਰ ਅਨਪੜ੍ਹ ਕਾਮੇ ਪੰਜਾਬ ਸਰਕਾਰ ਨੇ ਮਾਨਯੋਗ ਹਾਈ ਕੋਰਟ ਫੈਸਲੇ ਅਧੀਨ ਰੈਗੂਲਰ ਕੀਤੇ ਹਨ। ਪੰਜਾਬ ਸਰਕਾਰ ਵੱਲੋਂ ਬਾਕੀ ਸੀਨੀਅਰ ਅਨਪੜ੍ਹ ਕਾਮਿਆਂ ਨੂੰ ਪੱਕਿਆਂ ਕਰਨ ਲਈ ਆਨਾਕਾਨੀ ਕੀਤੀ ਜਾ ਰਹੀ ਹੈ ਅਤੇ ਮੁੱਖ ਮੰਤਰੀ ਪੰਜਾਬ ਵੱਲੋਂ ਵਣ ਅਤੇ ਜੰਗਲੀ ਜੀਵ ਵਿਭਾਗ ਦੇ ਕਾਮਿਆਂ ਨੂੰ 30 ਜੁਲਾਈ ਨੂੰ ਟੈਗੋਰ ਥੀਏਟਰ ਚੰਡੀਗੜ੍ਹ ਵਿਖੇ ਨਿਯੁਕਤੀ ਪੱਤਰ ਦੇ ਕੇ ਪੱਕੇ ਕੀਤੇ ਕਾਮਿਆਂ ਨੂੰ ਕੱਚੇ ਕਾਮਿਆਂ ਵਾਲੀਆਂ ਤਨਖਾਹਾਂ ਦੇ ਕੇ ਸਰਕਾਰ ਨੇ ਕੀਤਾ ਕੋਝਾ ਮਜ਼ਾਕ ਕੀਤਾ ਜਿਸ ਕਾਰਨ ਫੀਲਡ ਦੇ ਕਾਮਿਆਂ ਵਿੱਚ ਭਾਰੀ ਰੋਸ ਬੇਚੈਨੀ ਪਾਈ ਜਾ ਰਹੀ ਹੈ।

ਜਥੇਬੰਦੀ ਨੇ ਫੈਸਲਾ ਕੀਤਾ ਕਿ ਵਿਧਾਨ ਸਭਾ ਹਲਕਾ ਤਰਨਤਾਰਨ ਦੀ ਹੋ ਰਹੀ ਜ਼ਿਮਨੀ ਚੋਣ ਤੋਂ ਪਿਹਲਾਂ 6 ਨਵੰਬਰ ਨੂੰ ਰੋਸ ਧਰਨਾ ਦੇਣ ਉਪਰੰਤ ਸ਼ਹਿਰ ਵਿਚ ਝੰਡਾ ਮਾਰਚ ਕੱਢਿਆ ਜਾਵੇਗਾ। ਇਸ ਸਮੇਂ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਗੁਰਦਾਸਪੁਰ, ਰੂਪ ਬਸੰਤ ਅਲੀਵਾਲ, ਕੁਲਵੰਤ ਸਿੰਘ ਅਲੀਵਾਲ, ਜਸਵੰਤ ਸਿੰਘ, ਬਲਜੀਤ ਸਿੰਘ ਅਲੀਵਾਲ, ਸੁਰਿੰਦਰ ਕੁਮਾਰ ਧਾਰੀਵਾਲ, ਨਿਰਮਲ ਸਿੰਘ ਗੁਰਦਾਸਪੁਰ, ਬਲਵਿੰਦਰ ਸਿੰਘ ਅਲੀਵਾਲ ਅਤੇ ਬਲਜੀਤ ਸਿੰਘ ਦਾਬਾਂਵਾਲੀ ਆਦਿ ਆਗੂ ਵੀ ਹਾਜ਼ਰ ਹੋਏ।

# ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਜੇਜੋਂ ਦੋਆਬਾ (ਹੁਸ਼ਿਆਰਪੁਰ) ਵਿਸ਼ੇਸ਼ ਸਪਲੀਮੈਂਟ



## ਅੱਜ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਤੇ ਉਨਾਂ ਨੂੰ ਕੋਟਨ ਕੋਟ ਪ੍ਰਣਾਮ

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਨੇ ਆਪਣੀ ਬਾਣੀ ਰਾਹੀਂ ਸਮੁੱਚੀ ਮਨੁੱਖਤਾ ਨੂੰ ਇਸ ਕੁਦਰਤ ਵਿੱਚ ਮੌਜੂਦ ਉਸ ਸਰਬ ਸ਼ਕਤੀਮਾਨ ਪਰਮਾਤਮਾ ਨੂੰ ਰੋਜ਼ਾਨਾ ਨਾਮ ਸਿਮਰਨ ਦੇ ਅਭਿਆਸ ਨਾਲ ਜਾਣਣ, ਅੰਧ ਵਿਸ਼ਵਾਸ਼ਾਂ ਦਾ ਤਿਆਗ ਕਰਨ, ਔਰਤ ਜਾਤੀ ਦਾ ਸਤਿਕਾਰ ਕਰਨ, ਦੁਖਿਆਰੇ ਲੋਕਾਂ ਨੂੰ ਸੱਚ ਤੇ ਇਨਸਾਫ ਦਵਾਉਣ ਲਈ ਯਤਨ ਕਰਨ, ਅਗਿਆਨਤਾ ਦਾ ਤਿਆਗ ਕਰਨ, ਹਰ ਤਰ੍ਹਾਂ ਦੇ ਨਸ਼ਿਆਂ ਤੋਂ ਦੂਰ ਰਹਿਣ, ਜੁਲਮ ਤੇ ਬੇਇਨਸਾਫੀ ਵਿਰੁੱਧ ਆਵਾਜ਼ ਉਠਾਉਣ, ਜਾਤ ਪਾਤ ਤੇ ਉਚ ਨੀਚ ਦੇ ਵਿਤਕਰੇ ਮਿਟਾਉਣ, ਕਰਮਕਾਂਡਾਂ ਦਾ ਤਿਆਗ ਕਰਨ, ਸਚਿਆਈ ਦਾ ਜੀਵਨ ਜਿਉਣ ਅਤੇ ਸੇਵਾ- ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦਿੱਤਾ ਹੈ। ਜਿਸ ਉੱਤੇ ਚੱਲ ਕੇ ਹਰ ਮਨੁੱਖ ਸੁੱਖਮਈ, ਸ਼ਾਂਤਮਈ ਤੇ ਪਰਉਪਕਾਰੀ ਜ਼ਿੰਦਗੀ ਬਤੀਤ ਕਰਦਾ ਹੋਇਆ ਉਸ ਸਰਬ ਸ਼ਕਤੀਮਾਨ ਪਰਮਾਤਮਾ, ਪ੍ਰਕ੍ਰਿਤੀ, ਕੁਦਰਤ, ਬ੍ਰਹਿਮੰਡ ਅਤੇ ਨੇਚਰ ਨੂੰ ਜਾਣ ਸਕਦਾ ਹੈ।



ਨੀਚਾ ਅੰਦਰਿ ਨੀਚੁ ਜਾਤਿ, ਨੀਚੀ ਹੂ ਅਤਿ ਨੀਚੁ
ਨਾਨਕੁ ਤਿਨ ਕੈ ਸੰਗਿ ਸਾਥਿ, ਵਡਿਆ ਸਿਉ ਕਿਆ ਰੀਸ।

**ਨਿਰਮਲ ਸਿੰਘ ਮੁੱਗੋਵਾਲ**

ਪ੍ਰੈਸ ਰਿਪੋਰਟਰ ਸੰਚਾਲਕ ਨਿਰਵਾਣੁ ਕੁਟੀਆ, ਮਾਹਿਲਪੁਰ,
ਸੰਪਰਕ-82888-45926



## ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ।

ਬ੍ਰਹਮਲੀਨ ਸ਼੍ਰੋਮਣੀ ਵਿਰੱਕਤ ਸ੍ਰੀਮਾਨ 111 ਸੰਤ ਬਾਬਾ ਦਲੇਲ ਸਿੰਘ ਮਹਾਰਾਜ ਜੀ ਦੀ 26ਵੀਂ ਬਰਸੀ ਸ਼੍ਰੀਮਾਨ 108 ਸੰਤ ਬਾਬਾ ਜਗਦੇਵ ਸਿੰਘ ਮੋਨੀ ਜੀ ਦੀ 16ਵੀਂ ਬਰਸੀ ਦੇ ਸੰਬੰਧ ਵਿੱਚ ਨਿਰਮਲ ਕੁਟੀਆ ਪਿੰਡ ਟੂਟੋਮਜਾਰਾ ਵਿਖੇ ਮਹਾਨ ਗੁਰਮਤਿ ਸੰਤ ਸਮਾਗਮ 21 ਨਵੰਬਰ ਦਿਨ ਸ਼ੁੱਕਰਵਾਰ ਨੂੰ ਕਰਵਾਇਆ ਜਾ ਰਿਹਾ ਹੈ।



ਬ੍ਰਹਮਲੀਨ ਸੰਤ ਬਾਬਾ ਦਲੇਲ ਸਿੰਘ ਜੀ

**20 ਨਵੰਬਰ ਦਿਨ ਵੀਰਵਾਰ ਨੂੰ ਮਹਾਨ ਨਗਰ ਕੀਰਤਨ ਸਜਾਇਆ ਜਾਵੇਗਾ**

ਦੇਸ਼ ਵਿਦੇਸ਼ ਤੇ ਇਲਾਕਾ ਨਿਵਾਸੀ ਸੰਗਤਾਂ ਨੂੰ ਹੁੰਮ -ਹੁੰਮਾ ਕੇ ਪਹੁੰਚਣ ਦੀ ਬੇਨਤੀ ਕੀਤੀ ਜਾ ਰਹੀ ਹੈ।



ਸੰਤ ਬਾਬਾ ਮੱਖਣ ਸਿੰਘ ਜੀ ਮੁੱਖ ਸੰਚਾਲਕ

ਸੰਤ ਬਾਬਾ ਬਲਵੀਰ ਸਿੰਘ ਜੀ ਸ਼ਾਸਤਰੀ

ਬ੍ਰਹਮਲੀਨ ਸੰਤ ਬਾਬਾ ਜਗਦੇਵ ਸਿੰਘ ਮੋਨੀ ਜੀ

ਵੱਲੋਂ ਸੰਤ ਬਾਬਾ ਮੱਖਣ ਸਿੰਘ ਜੀ ਮੁੱਖ ਸੰਚਾਲਕ ਨਿਰਮਲ ਕੁਟੀਆ ਪਿੰਡ ਟੂਟੋਮਜਾਰਾ ਅਤੇ ਸੰਤ ਬਾਬਾ ਬਲਬੀਰ ਸਿੰਘ ਜੀ ਸ਼ਾਸਤਰੀ ਇਲਾਕਾ ਨਿਵਾਸੀ ਅਤੇ ਦੇਸ਼ ਵਿਦੇਸ਼ ਦੀ ਸਮੂਹ ਸੰਗਤ।
ਸੰਪਰਕ 98153-05980, 99880-20527,79732-75355

---

ਧੰਨ-ਧੰਨ ਸ਼੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਉਤਸਵ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਜਥੇਦਾਰ ਬਾਬਾ ਨਾਗਰ ਸਿੰਘ**
ਮੁੱਖ ਸੇਵਾਦਾਰ ਗੁਰਦੁਆਰਾ ਬਾਬਾ ਅੱਗੜ ਸਿੰਘ ਜੀ ਸ਼ਹੀਦ, ਪਿੰਡ-ਟੂਟੋਮਜਾਰਾ। ਮੋਬਾ. 98555-20257, 95099-00099

---



ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਸੰਗਤਾਂ ਨੂੰ ਲੱਖ-ਲੱਖ ਵਧਾਈ ਹੋਵੇ ਜੀ।
ਵੱਲੋਂ **ਸੰਤ ਬਾਬਾ ਸਤਨਾਮ ਦਾਸ ਸੰਚਾਲਕ ਡੇਰਾ ਸੰਤਪੁਰੀ ਪਿੰਡ ਮਹਿਦੂਦ**
ਧੰਨ-ਧੰਨ ਸੰਤ ਬਾਬਾ ਰਾਂਝੂ ਦਾਸ ਜੀ
ਧੰਨ-ਧੰਨ ਸੰਤ ਬਾਬਾ ਚਰਨ ਦਾਸ ਜੀ
ਸੰਪਰਕ. 94171-77756

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ**
ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ, 94173-54542

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਜਥੇਦਾਰ ਬਾਬਾ ਗੁਰਦੇਵ ਸਿੰਘ**
ਮੁੱਖ ਸੇਵਾਦਾਰ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਤਰਨਾ ਦਲ ਮੋਬਾ. 98157-21774

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਪ੍ਰੋ. ਆਪਿੰਦਰ ਸਿੰਘ ਮਾਹਿਲਪੁਰੀ**
ਸੰਯੋਜਕ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, 98880-38726

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਸੰਤ ਜਗਦੀਸ਼ਵਰਾਨੰਦ**
ਸੰਚਾਲਕ ਡੇਰਾ ਸੇਵਾਪੁਰੀ ਲਲਵਾਣ
ਮੋਬਾ. 95015-89750

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਸਾਂਈ ਅਮਰੀਕ ਸ਼ਾਹ**
ਗੱਦੀ ਨਸ਼ੀਨ ਦਰਬਾਰ ਬਾਬਾ ਖਾਕੀ ਸ਼ਾਹ ਮਲੰਗ ਜੀ ਪੋਲੀਆਂ
ਮੋਬਾ. 94787- 91377

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ ਲੱਖ ਵਧਾਈ।



**ਸੰਤ ਪ੍ਰੀਤਮ ਸਿੰਘ**
ਸੰਚਾਲਕ ਡੇਰਾ ਪ੍ਰੇਮਸਰ
ਪਿੰਡ ਬਾੜੀਆਂ ਕਲਾਂ, 94173-51755

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਸੰਤ ਮਹਾਂਵੀਰ ਸਿੰਘ**
ਸੰਚਾਲਕ ਡੇਰਾ ਬੁੰਗਾ ਸਾਹਿਬ
ਤਾਜੇਵਾਲ, ਮੋਬਾ.-98153-38505

---



ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ ਲੱਖ ਵਧਾਈ।

ਵੱਲੋਂ
**ਸੰਤ ਪਵਨ ਕੁਮਾਰ ਤਾਜੇਵਾਲ** ਸਰਪੰਚ ਪਿੰਡ ਤਾਜੇਵਾਲ
ਸੰਤ ਪਵਨ ਕੁਮਾਰ ਤਾਜੇਵਾਲ ਮੋਬਾ.- 88377-13706
**ਕੁਲਵਿੰਦਰ ਕੌਰ ਸਰਪੰਚ** ਸਰਪੰਚ ਪਿੰਡ ਤਾਜੇਵਾਲ

---



ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਇਲਾਕਾ ਨਿਵਾਸੀ ਸੰਗਤਾਂ ਨੂੰ ਲੱਖ-ਲੱਖ ਵਧਾਈ ਹੋਵੇ ਜੀ।
**ਜੱਥੇਦਾਰ ਹਰਬੰਸ ਸਿੰਘ**
ਵੱਲੋਂ ਸਰਹਾਲਾ ਪ੍ਰਧਾਨ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਇਲਾਕਾ ਮਾਹਿਲਪੁਰ।
ਮੋਬਾ.- 98559-21226

---



ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।
ਪ੍ਰਧਾਨ ਕਲਿਆਣੀ ਮਾਤਾ ਮੰਦਰ ਪ੍ਰਬੰਧਕ ਕਮੇਟੀ।

**ਤਿਲਕ ਰਾਜ ਖੰਨੀ**
ਸੰਪਰਕ-94177-57361

---



ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।
**ਸੰਤ ਬਾਬਾ ਵਿਕਰਮਜੀਤ ਸਿੰਘ ਜੀ**
ਮੁੱਖ ਸੇਵਾਦਾਰ ਡੇਰਾ ਬਿਸ਼ਨਪੁਰੀ ਨੰਗਲ ਖੁਰਦ
ਡੇਰਾ ਲੋਹ ਲੰਗਰ ਗੁਰਦੁਆਰਾ ਸੁਸਾਇਟੀ (ਡੇਰਾ ਬਿਸ਼ਨਪੁਰੀ ਨੰਗਲ ਖੁਰਦ)
N. G. O ਲੋੜਵੰਦਾਂ ਲਈ ਹਸਪਤਾਲ ਚੱਲ ਰਿਹਾ ਹੈ। 98725-05194

---



ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਅਤੇ ਬਾਪੂ ਗੰਗਾ ਦਾਸ ਮਹਾਰਾਜ ਜੀ ਦੇ ਜਨਮ ਦਿਨ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।

ਵੱਲੋਂ
**ਦਾਸ ਮਨਦੀਪ ਸਿੰਘ ਬੈਂਸ**
ਮੁੱਖ ਸੇਵਾਦਾਰ ਡੇਰਾ ਬਾਪੂ ਗੰਗਾ ਦਾਸ ਮਾਹਿਲਪੁਰ
ਮੋਬਾ.-98763- 94885

---



ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ- ਲੱਖ ਵਧਾਈ ਹੋਵੇ ਜੀ।

ਸਰਦਾਰ ਅਵਤਾਰ ਸਿੰਘ ਸਾਬਕਾ ਸਰਪੰਚ
Mini Banquet Hall
Birthday Party
Kitty Party Hall
ਸਰਦਾਰ ਕੁਲਦੀਪ ਸਿੰਘ ਸਤਨੌਰ
ਅਮਾਨੀ ਪੈਲਸ ਮਾਹਿਲਪੁਰ- ਗੜ੍ਹਸ਼ੰਕਰ ਮੁੱਖ ਮਾਰਗ ਅੱਡਾ ਸਤਨੌਰ, ਸੰਪਰਕ- 94639-44241, 99144-44211

---



ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ।
**ਡਾਕਟਰ ਜਸਵੰਤ ਸਿੰਘ ਥਿੰਦ**
ਐਸ.ਐਮ.ਓ. ਸਿਵਲ ਹਸਪਤਾਲ ਮਾਹਿਲਪੁਰ-94173-05719

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਸੰਤ ਰਤਨ ਪ੍ਰਕਾਸ਼ ਜੀ**
ਜੇਜੋਂ ਦੋਆਬਾ
ਮੋਬਾ. 94178-78738

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਡਾ. ਨਿਰਮਲ ਕੁਮਾਰ**
ਐਸ.ਐਮ.ਓ, ਸੀ.ਐਚ.ਸੀ. ਬੀਣੇਵਾਲ ਐਡੀਸ਼ਨਲ ਚਾਰਜ ਪੀ.ਐਚ.ਸੀ. ਪੋਸੀ,
ਮੋਬਾ. 97795-39313

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।
ਪ੍ਰਧਾਨ ਬਾਬਾ ਮੱਦੂਆਣਾ ਪ੍ਰਬੰਧਕ ਕਮੇਟੀ ਮਾਹਿਲਪਰ, ਮੋਬਾ.- 88728-06551



**ਪੰਡਿਤ ਨਰਿੰਦਰ ਮੋਹਨ ਨਿੰਦੀ**

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਸਰਦਾਰ ਮਨਜੀਤ ਸਿੰਘ ਸੰਘਾ**
ਮੋਬਾ.-94631-43808

---



ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਤੇ ਇਲਾਕਾ ਨਿਵਾਸੀਆਂ ਨੂੰ ਲੱਖ- ਲੱਖ ਵਧਾਈ ਹੋਵੇ ਜੀ।
**ਡਾਕਟਰ ਵਿਪਨ ਕੁਮਾਰ ਪਚਨੰਗਲ**
ਉੱਘੇ ਸਮਾਜ ਸੇਵਕ, 98141-33374
ਪ੍ਰੇਮ Ay. ਹਸਪਤਾਲ ਅਤੇ ਫਿਜੀਓਥਰੈਪੀ ਸੈਂਟਰ ਪਚਨੰਗਲ ਨੇੜੇ ਕੋਟ ਫਤੂਹੀ, ਹੁਸ਼ਿਆਰਪੁਰ

---

ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਪਰਵੀਨ ਸੋਨੀ ਸਰਪੰਚ**
ਪਿੰਡ ਜੇਜੋਂ ਦੋਆਬਾ
ਸੰਪਰਕ-94171-80034

---



ਡਾ. ਕੁਲਵਿੰਦਰ ਬਿੱਟੂ
ਸੈਲਾ ਖੁਰਦ, ਮੋਬਾ. 90414-20004

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।

ਸ਼੍ਰੀਮਤੀ ਸਰਿਤਾ ਸ਼ਰਮਾ
ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ, ਉੱਘੀ ਸਮਾਜ ਸੇਵਿਕਾ
ਮੋ. 90413-78004

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਵਿਕੀ ਅਗਨੀਹੋਤਰੀ**
ਮਾਹਿਲਪੁਰ, 7973099211

---

## ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



ਆਓ ! ਇਸ ਮੌਕੇ ਪਤਿਤਪੁਣਾ, ਨਸ਼ੇ ਅਤੇ ਹੋਰ ਸਮਾਜਿਕ ਬੁਰਾਈਆਂ ਦਾ ਤਿਆਗ ਕਰਦੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗੀਏ ਅਤੇ ਸਿੱਖ ਕੌਮ ਦੇ ਗੌਰਵਮਈ ਇਤਿਹਾਸ ਤੋਂ ਜਾਣੂ ਹੋਈਏ।
ਵੱਲੋਂ
ਪ੍ਰੋਫੈਸਰ ਆਪਿੰਦਰ ਸਿੰਘ ਮਾਹਿਲਪੁਰੀ (ਪ੍ਰਧਾਨ), ਜਗਦੀਪ ਸਿੰਘ ਮੀਤ ਪ੍ਰਧਾਨ, ਸਰਦਾਰ ਸੁਖਵੰਤ ਸਿੰਘ, ਸਰਦਾਰ ਕਸ਼ਮੀਰ ਸਿੰਘ ਅਤੇ ਸਮੂਹ ਨਗਰ ਨਿਵਾਸੀ।
ਲੋਕਲ ਪ੍ਰਬੰਧਕ ਕਮੇਟੀ ਗੁਰਦੁਆਰਾ ਧਰਮਸ਼ਾਲਾ ਮਾਹਿਲਪੁਰ
ਜ਼ਿਲ੍ਹਾ ਹੁਸ਼ਿਆਰਪੁਰ। ਮੋਬਾਈਲ : 98880-38726

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਤਲਵਿੰਦਰ ਹੀਰ**
ਨੰਗਲ ਖਿਡਾਰੀਆਂ, ਕਿਸਾਨ ਆਗੂ ਅਤੇ ਉੱਘੇ ਸਮਾਜ ਸੇਵਕ, 98157-10631

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ ਲੱਖ ਵਧਾਈ।



**ਜਥੇਦਾਰ ਮੱਖਣ ਸਿੰਘ ਕੋਠੀ**
ਕਿਸਾਨ ਆਗੂ ਅਤੇ ਉੱਘੇ ਸਮਾਜ ਸੇਵਕ
ਮੋਬਾ. 99151-85342

---



ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।
**ਸ਼ਸ਼ੀ ਬੰਗੜ**
ਸੀਨੀਅਰ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਜਨਰਲ ਸਕੱਤਰ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ (ਰਜ਼ਿ.) ਮਾਹਿਲਪੁਰ।
ਮੋਬਾਇਲ-94173-63336

---



ਸਰਦਾਰ ਧਰਮ ਸਿੰਘ (ਫੌਜੀ ਸਾਹਿਬ)
ਉੱਘੇ ਸਮਾਜ ਸੇਵਕ ਮੋਬਾ. 81163-50339

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।

ਸ਼੍ਰੀਮਤੀ ਸੁਰਿੰਦਰ ਕੌਰ
ਐਮ.ਸੀ. ਵਾਰਡ ਨੰਬਰ-11
ਮੋਬਾ. 76528-50339

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਇਲਾਕਾ ਨਿਵਾਸੀ ਸੰਗਤਾਂ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਡਾਕਟਰ ਪ੍ਰਭ ਹੀਰ**
ਖਾਨਪੁਰ, ਮੋਬਾ.- 98724-34114

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਡਾ. ਪਰਮਿੰਦਰ ਸਿੰਘ**
ਅਪਥੈਲਮਿਕ ਅਫਸਰ
ਮੋਬਾ. 98778 -71884

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ



**ਸੁਨੀਲ ਕੁਮਾਰ ਸ਼੍ਰੀਧਰ (ਮਿੰਟੂ)**
ਸਾਬਕਾ ਸਰਪੰਚ ਪਿੰਡ ਟੂਟੋਮਜਾਰਾ
ਮੋਬਾ.- 98723-89684

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਇਲਾਕਾ ਨਿਵਾਸੀ ਸੰਗਤਾਂ ਨੂੰ ਲੱਖ- ਲੱਖ ਵਧਾਈ ਹੋਵੇ ਜੀ।



**ਮਾਸਟਰ ਜੈ ਰਾਮ**
ਨੰਬਰਦਾਰ ਪਿੰਡ ਬਾੜੀਆ ਖ਼ਜ਼ਾਨਚੀ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ,
ਮੋਬਾ.-94173-86118

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਡਾ. ਕੁਲਵਿੰਦਰ ਸਿੰਘ ਜੰਡੋਲੀ**
ਮੋਬਾ.:- 98157-36080

---

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਅਤੇ ਜੇਜੋਂ ਦੋਆਬਾ ਸਪਲੀਮੈਂਟ ਦੀ ਆਪ ਸਭ ਨੂੰ ਲੱਖ-ਲੱਖ ਵਧਾਈ ਹੋਵੇ ਜੀ।



**ਲੈਕਚਰਾਰ ਹਰਬਿਲਾਸ ਬੰਗਾ**
ਮੋਬਾ. 94178-82909